NO PAID NEWS

# ਰੋਜ਼ਾਨਾ ਸਵੇਰਾ

www.rozanasavera.com

ਬਠਿੰਡਾ ਤੋਂ ਪ੍ਰਕਾਸ਼ਿਤ (ਮਹੀਨਾਵਾਰ)

ਪੰਜਾਬੀਆਂ ਦੇ ਹੱਕ ਦੀ ਆਵਾਜ਼.....

Happy Baisakhi

>> ਮੰਗਲਵਾਰ 14 ਅਪ੍ਰੈਲ 2026 >> Year's : 5th, Issue : 4th >> ਮੁੱਖ ਸੰਪਾਦਕ:- ਰਮਨਪ੍ਰੀਤ ਸਿੰਘ >> Price: ₹ 5.00 , ਪੰਨੇ : 8 >> ਪੰਜਾਬੀ ਅਖ਼ਬਾਰ >> RNI NO. PUNPUN/2022/85991 ਪੰਜਾਬ

## ਵਾਰਤਾ ਬੇਸਿੱਟਾ, ਟਰੰਪ ਨੇ ਹਰਮੁਜ਼ 'ਤੇ ਨਿਸ਼ਾਨਾ ਸੇਧਿਆ

### 21 ਘੰਟੇ ਦੀ ਲੰਮੀ ਚਰਚਾ ਤੋਂ ਬਾਅਦ ਦੋਵੇਂ ਵਫ਼ਦ ਪਰਤੇ; ਟਰੰਪ ਵੱਲੋਂ ਹਰਮੁਜ਼ ਜਲ ਮਾਰਗ 'ਚ ਲੰਘਣ ਵਾਲੇ ਜਹਾਜ਼ਾਂ ਦੀ ਨਾਕਾਬੰਦੀ ਕਰਨ ਦੀ ਧਮਕੀ

**ਇਸਲਾਮਾਬਾਦ, -ਰੋਜ਼ਾਨਾ ਸਵੇਰਾ-**

ਅਮਰੀਕਾ ਅਤੇ ਇਰਾਨ ਵਿਚਾਲੇ ਜੰਗ ਖ਼ਤਮ ਕਰਨ ਲਈ ਪਾਕਿਸਤਾਨ ਦੀ ਰਾਜਧਾਨੀ ਇਸਲਾਮਾਬਾਦ ਵਿੱਚ ਹੋਈ ਉੱਚ ਪੱਧਰੀ ਵਾਰਤਾ ਬਿਨਾਂ ਕਿਸੇ ਨਤੀਜੇ ਦੇ ਖ਼ਤਮ ਹੋ ਗਈ ਹੈ। ਤਕਰੀਬਨ 21 ਘੰਟੇ ਚੱਲੀ ਇਸ ਲੰਮੀ ਚਰਚਾ ਦੇ ਬੇਸਿੱਟਾ ਰਹਿਣ ਮਗਰੋਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਹਰਮੁਜ਼ ਜਲ ਮਾਰਗ ਵਿੱਚ ਇਰਾਨ ਨੂੰ ਗ਼ੈਰ-ਕਾਨੂੰਨੀ ਟੈਕਸ ਭਰਨ ਵਾਲੇ ਜਹਾਜ਼ਾਂ ਦੀ ਨਾਕਾਬੰਦੀ ਕਰਨ ਦੀ ਧਮਕੀ ਦਿੱਤੀ ਹੈ। ਉਨ੍ਹਾਂ ਇਸ ਸਬੰਧੀ ਅਮਰੀਕੀ ਜਲ ਸੈਨਾ ਨੂੰ ਨਿਰਦੇਸ਼ ਵੀ ਜਾਰੀ ਕਰ ਦਿੱਤੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇ ਰਸਤਾ ਖੁੱਲ੍ਹੇਗਾ ਤਾਂ ਸਾਰਿਆਂ ਲਈ, ਨਹੀਂ ਤਾਂ ਕਿਸੇ ਲਈ ਵੀ ਨਹੀਂ। ਇਸ ਘੇਰਾਬੰਦੀ ਵਿੱਚ ਹੋਰ ਦੇਸ਼ ਵੀ ਸ਼ਾਮਲ ਹੋਣਗੇ। ਇਰਾਨ ਦੀ ਰੈਵੋਲਿਊਸ਼ਨਰੀ ਗਾਰਡ ਨੇਵੀ ਨੇ ਕਿਹਾ ਕਿ ਹਰਮੁਜ਼ ਜਲਮਾਰਗ 'ਤੇ ਉਸ ਦਾ ਪੂਰਾ ਕੰਟਰੋਲ ਹੈ ਤੇ ਇਸ ਵੱਲ ਆਉਣ ਵਾਲੇ ਫੌਜੀ ਜਹਾਜ਼ਾਂ ਦਾ ਢੁੱਕਵਾਂ ਜਵਾਬ ਦਿੱਤਾ ਜਾਵੇਗਾ।



ਇਸ ਦੌਰਾਨ ਅਮਰੀਕੀ ਫ਼ੌਜ ਨੇ ਦੋ ਜੰਗੀ ਬੇੜਿਆਂ ਰਾਹੀਂ ਹਰਮੁਜ਼ ਜਲ ਮਾਰਗ 'ਚੋਂ ਸਮੁੰਦਰੀ ਸੁਰੰਗਾਂ ਹਟਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ ਅਤੇ ਜਲਦੀ ਹੀ ਪਾਣੀ ਹੇਠ ਚੱਲਣ ਵਾਲੇ ਡਰੋਨ ਵੀ ਇਸ ਮੁਹਿੰਮ ਵਿੱਚ ਸ਼ਾਮਲ ਕਰਨ ਦਾ ਦਾਅਵਾ ਕੀਤਾ ਹੈ। ਇਸ ਦੇ ਉਲਟ ਇਰਾਨੀ ਮੀਡੀਆ ਨੇ ਫ਼ੌਜੀ ਕਮਾਂਡ ਦੇ ਹਵਾਲੇ ਨਾਲ ਅਜਿਹੀ ਕਿਸੇ ਵੀ ਕਾਰਵਾਈ ਤੋਂ ਇਨਕਾਰ ਕੀਤਾ ਹੈ।

ਅਮਰੀਕਾ ਤੇ ਇਰਾਨ ਵਿਚਾਲੇ ਗੱਲਬਾਤ ਕਿਸੇ ਸਿੱਟੇ 'ਤੇ ਨਾ ਪਹੁੰਚਣ ਮਗਰੋਂ ਮੰਗਲਵਾਰ ਤੋਂ ਲਾਗੂ ਜੰਗਬੰਦੀ 'ਤੇ ਖ਼ਤਰੇ ਦੇ ਬੱਦਲ ਮੰਡਰਾਉਣ ਲੱਗੇ ਹਨ ਤੇ ਵਿਸ਼ਵ ਤੇਲ ਬਾਜ਼ਾਰ 'ਚ ਅਸਥਿਰਤਾ ਆਉਣ ਦਾ ਖ਼ਦਸ਼ਾ ਹੈ। ਦੋਵਾਂ ਦੇਸ਼ਾਂ ਨੇ ਕਿਸੇ ਸਿੱਟੇ 'ਤੇ ਨਾ ਪਹੁੰਚਣ ਲਈ ਇੱਕ-ਦੂਜੇ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਮੀਟਿੰਗ ਮਗਰੋਂ ਅਮਰੀਕੀ ਵਫ਼ਦ ਵਾਸ਼ਿੰਗਟਨ ਤੇ ਇਰਾਨੀ ਵਫ਼ਦ ਤਹਿਰਾਨ ਪਰਤ ਗਿਆ ਹੈ। ਅਮਰੀਕੀ ਵਫ਼ਦ ਦੀ ਅਗਵਾਈ ਕਰ ਰਹੇ ਉਪ ਰਾਸ਼ਟਰਪਤੀ ਜੇ ਡੀ ਵੈਂਸ ਨੇ ਕਿਹਾ ਕਿ ਅਮਰੀਕਾ ਨੇ ਆਪਣੀ 'ਅੰਤਿਮ ਤੇ ਸਭ ਤੋਂ ਵਧੀਆ ਪੇਸ਼ਕਸ਼' ਇਰਾਨ ਅੱਗੇ ਰੱਖ ਦਿੱਤੀ ਹੈ ਪਰ ਇਰਾਨ ਇਹ ਸ਼ਰਤਾਂ ਮੰਨਣ ਲਈ ਤਿਆਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਗੱਲਬਾਤ ਦਾ ਨਤੀਜਾ ਨਾ ਨਿਕਲਣਾ ਇਰਾਨ ਲਈ ਅਮਰੀਕਾ ਨਾਲੋਂ ਵੱਧ ਮਾੜੀ ਖ਼ਬਰ ਹੈ। ਅਮਰੀਕਾ ਚਾਹੁੰਦਾ ਹੈ ਕਿ ਇਰਾਨ ਪਰਮਾਣੂ ਹਥਿਆਰ ਨਾ ਬਣਾਉਣ ਦਾ ਵਾਅਦਾ ਕਰੇ।

ਦੂਜੇ ਪਾਸੇ, ਇਰਾਨੀ ਵਫ਼ਦ ਦੀ ਅਗਵਾਈ ਕਰ ਰਹੇ ਸੰਸਦੀ ਸਪੀਕਰ ਮੁਹੰਮਦ ਬਾਗ਼ੇਰ ਕਾਲੀਬਾਫ਼ ਨੇ ਦੋਸ਼ ਲਾਇਆ ਕਿ ਅਮਰੀਕਾ ਉਨ੍ਹਾਂ ਦਾ ਭਰੋਸਾ ਜਿੱਤਣ ਵਿੱਚ ਨਾਕਾਮ ਰਿਹਾ ਹੈ। ਇਰਾਨ ਦੇ ਵਿਦੇਸ਼ ਮੰਤਰਾਲੇ ਨੇ ਅਮਰੀਕੀ ਮੰਗਾਂ ਨੂੰ 'ਗ਼ੈਰ-ਕਾਨੂੰਨੀ' ਕਰਾਰ ਦਿੱਤਾ ਹੈ।

## ਬੇਅਦਬੀ ਵਿਰੋਧੀ ਕਾਨੂੰਨ ਨੂੰ ਪੰਜਾਬ ਕੈਬਨਿਟ ਦੀ ਮਨਜ਼ੂਰੀ; ਦੋਸ਼ੀਆਂ ਨੂੰ ਹੋਵੇਗੀ ਉਮਰ ਕੈਦ

### ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026 ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਰੋਕਣ ਅਤੇ ਪਵਿੱਤਰਤਾ ਕਾਇਮ ਰੱਖਣ ਲਈ ਉਮਰ ਕੈਦ ਸਮੇਤ ਸਖਤ ਸਜ਼ਾਵਾਂ ਦੀ ਵਿਵਸਥਾ

**ਚੰਡੀਗੜ੍ਹ, -ਰੋਜ਼ਾਨਾ ਸਵੇਰਾ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਨੇ ਅੱਜ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026 ਵਿੱਚ ਸਖ਼ਤ ਸੋਧਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਨ੍ਹਾਂ ਸੋਧਾਂ ਵਿੱਚ ਸ੍ਰੀ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਅਤੇ ਪਵਿੱਤਰਤਾ ਕਾਇਮ ਰੱਖਣ ਅਤੇ ਬੇਅਦਬੀ ਲਈ ਜ਼ਿੰਮੇਵਾਰ ਲੋਕਾਂ ਨੂੰ ਸਖ਼ਤ ਸਜ਼ਾਵਾਂ ਦੇਣ ਲਈ ਉਮਰ ਕੈਦ ਤੱਕ ਦੀ ਵਿਵਸਥਾ ਕੀਤੀ ਗਈ ਹੈ। ਇਹ ਸੋਧ ਬਿੱਲ ਸੋਮਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਪੇਸ਼ ਕੀਤਾ ਜਾਵੇਗਾ। ਅੱਜ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਇਹ ਫੈਸਲਾ ਲਿਆ ਗਿਆ।



ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਨੇ ਖੁਲਾਸਾ ਕੀਤਾ, ਬੀਤੇ ਸਮੇਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ ਜਿਸ ਨਾਲ ਲੋਕਾਂ ਦੀਆਂ ਭਾਵਨਾਵਾਂ ਨੂੰ ਗਹਿਰੀ ਠੇਸ ਪਹੁੰਚੀ ਹੈ ਅਤੇ ਸਮਾਜ ਵਿੱਚ ਬੇਚੈਨੀ ਦਾ ਮਾਹੌਲ ਪੈਦਾ ਹੋਇਆ। ਭਾਵੇਂ ਕਿ ਭਾਰਤੀ ਨਿਆਂਏ ਸੰਹਿਤਾ ਦੀਆਂ ਧਾਰਾਵਾਂ 298, 299 ਅਤੇ 300 ਅਜਿਹੇ ਮਸਲਿਆਂ

**ਸੋਧ ਬਿੱਲ ਸੋਮਵਾਰ ਨੂੰ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਪੇਸ਼ ਹੋਵੇਗਾ**

ਨਾਲ ਨਿਪਟਦੀਆਂ ਹਨ ਪਰ ਇਹ ਧਾਰਾਵਾਂ ਅਜਿਹੇ ਗੁਨਾਹ ਕਰਨ ਵਾਲਿਆਂ ਨਾਲ ਕਰੜੇ ਹੱਥੀਂ ਨਿਪਟਣ ਲਈ ਸਖ਼ਤ ਸਜ਼ਾਵਾਂ ਦੀ ਢੁਕਵੀਂ ਵਿਵਸਥਾ ਨਹੀਂ ਦਰਸਾਉਂਦੀਆਂ।

ਬੜੇ ਗਹੁ ਨਾਲ ਕੀਤੇ ਗਏ ਵਿਚਾਰ-ਵਟਾਂਦਰੇ ਅਤੇ ਸਲਾਹ ਮਸ਼ਵਰੇ ਤੋਂ ਬਾਅਦ ਭਗਵੰਤ ਸਿੰਘ ਮਾਨ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਕਰਨ ਅਤੇ ਸਮਾਜ ਵਿੱਚ ਆਪਸੀ ਸਤਿਕਾਰ, ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਕਦਮ ਚੁੱਕਣ ਦਾ ਫੈਸਲਾ ਲਿਆ ਹੈ।

ਇਨ੍ਹਾਂ ਅਪਰਾਧਾਂ ਦੀ ਗੰਭੀਰਤਾ ਦੇ ਸੰਦਰਭ ਵਿੱਚ ਅਤੇ ਫਿਰਕੂ ਸਦਭਾਵਨਾ ਤੇ ਧਾਰਮਿਕ ਪਵਿੱਤਰਤਾ ਦੀ ਰਾਖੀ ਲਈ ਮੰਤਰੀ ਮੰਡਲ ਨੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਦਾ ਫੈਸਲਾ ਕੀਤਾ। ਇਸ ਨਾਲ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026 ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਲਈ ਦੋਸ਼ੀ ਪਾਏ ਜਾਣ ਵਾਲਿਆਂ ਲਈ ਉਮਰ ਕੈਦ ਸਮੇਤ ਸਜ਼ਾਵਾਂ ਵਧਾਉਣ ਦੀ ਵਿਵਸਥਾ ਕੀਤੀ ਗਈ ਹੈ। ਇਹ ਪ੍ਰਸਤਾਵਿਤ ਕਾਨੂੰਨ ਬਦਨੀਅਤ ਲੋਕਾਂ ਵਿਰੁੱਧ ਸਖ਼ਤੀ ਨਾਲ ਨਿਪਟੇਗਾ ਅਤੇ ਪੰਜਾਬ ਵਿੱਚ ਅਮਨ-ਸ਼ਾਂਤੀ ਅਤੇ ਸਦਭਾਵਨਾ ਬਰਕਰਾਰ ਰੱਖਣ ਵਿੱਚ ਵੱਡਾ ਯੋਗਦਾਨ ਪਾਵੇਗਾ।

## ਸ਼ਾਂਤੀ ਦੀ ਗੱਲਬਾਤ ਵਿਚਾਲੇ 'ਮੀਨਾਬ ਦੇ ਸ਼ਹੀਦ ਬੱਚਿਆਂ' ਦੀਆਂ ਤਸਵੀਰਾਂ ਨੇ ਸਭ ਨੂੰ ਝੰਜੋੜਿਆ

**ਤਹਿਰਾਨ, -ਰੋਜ਼ਾਨਾ ਸਵੇਰਾ-**

ਇਰਾਨ ਦਾ ਇੱਕ ਵਫ਼ਦ, ਜਿਸ ਦੀ ਅਗਵਾਈ ਸਪੀਕਰ ਮੁਹੰਮਦ ਬਾਕਰ ਕਾਲੀਬਾਫ ਕਰ ਰਹੇ ਹਨ, ਚੱਲ ਰਹੇ ਸੰਘਰਸ਼ ਵਿੱਚ ਹੋਏ ਮਨੁੱਖੀ ਨੁਕਸਾਨ ਦੀ ਯਾਦ ਦਿਵਾਉਣ ਵਾਲੀਆਂ ਚੀਜ਼ਾਂ ਲੈ ਕੇ ਇਸਲਾਮਾਬਾਦ ਪਹੁੰਚਿਆ। ਉਨ੍ਹਾਂ ਦੀ ਉਡਾਣ ਦੀ ਅਗਲੀ ਕਤਾਰ ਵਿੱਚ ਖ਼ੂਨ ਨਾਲ ਲੱਥਪੱਥ ਸਕੂਲੀ ਬੈਗ, ਜੁੱਤੇ, ਚਿੱਟੇ ਫੁੱਲ ਅਤੇ ਮੀਨਾਬ ਦੇ ਬੱਚਿਆਂ ਦੀਆਂ ਤਸਵੀਰਾਂ ਰੱਖੀਆਂ ਗਈਆਂ ਸਨ, ਜੋ ਇਸ ਤ੍ਰਾਸਦੀ ਦੀ ਗੰਭੀਰਤਾ ਨੂੰ ਦਰਸਾਉਂਦੀਆਂ ਹਨ।

ਸੋਸ਼ਲ ਮੀਡੀਆ ਪਲੇਟਫਾਰਮ ÓXÓ 'ਤੇ ਇੱਕ ਤਸਵੀਰ ਸਾਂਝੀ ਕਰਦੇ ਹੋਏ ਕਾਲੀਬਾਫ ਨੇ ਲਿਖਿਆ, ਇਸ ਫਲਾਈਟ ਵਿੱਚ ਮੇਰੇ ਸਾਥੀ #MinabAFH"। ਇਸ ਤਸਵੀਰ ਵਿੱਚ ਉਹ ਬੱਚਿਆਂ ਦੇ ਸਮਾਨ ਅਤੇ ਫੋਟੋਆਂ ਵੱਲ ਦੇਖਦੇ ਨਜ਼ਰ ਆ ਰਹੇ ਹਨ। ਇਸ ਵਫ਼ਦ ਦਾ ਨਾਂ 'ਮੀਨਾਬ 168' ਰੱਖਿਆ ਗਿਆ ਹੈ, ਜੋ ਕਥਿਤ ਤੌਰ 'ਤੇ ਇਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲਿਆਂ ਦੇ ਪਹਿਲੇ ਦਿਨ ਮਾਰੇ ਗਏ ਬੱਚਿਆ ਦੇ ਨਾਮ ਹੈ। । ਦੱਖਣੀ ਅਫਰੀਕਾ ਵਿੱਚ ਇਰਾਨੀ ਦੂਤਾਵਾਸ ਨੇ ਇਸ ਸੰਦੇਸ਼ ਨੂੰ ਅੱਗੇ ਵਧਾਉਂਦੇ ਹੋਏ ਕਿਹਾ, ਅਸੀਂ ਮੀਨਾਬ ਦੇ ਬੱਚਿਆਂ ਨੂੰ ਕਦੇ ਨਹੀਂ ਭੁੱਲਾਂਗੇ।



ਇਰਾਨੀ ਅਧਿਕਾਰੀਆਂ ਅਨੁਸਾਰ, 28 ਫਰਵਰੀ ਨੂੰ ਦੱਖਣੀ ਇਰਾਨ ਦੇ ਕਸਬੇ ਮੀਨਾਬ ਵਿੱਚ 'ਸ਼ਜਰੇਹ ਤੈਯਬਾ' ਗਰਲਜ਼ ਐਲੀਮੈਂਟਰੀ ਸਕੂਲ 'ਤੇ ਹੋਏ ਇੱਕ ਕਥਿਤ ਹਮਲੇ ਦੌਰਾਨ 160 ਤੋਂ ਵੱਧ ਬੱਚੇ ਮਾਰੇ ਗਏ ਸਨ। ਹਾਲਾਂਕਿ, ਇਹਨਾਂ ਦਾਅਵਿਆਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ। ਕੁਝ ਦਿਨਾਂ ਬਾਅਦ, ਇਰਾਨ ਦੇ ਵਿਦੇਸ਼ ਮੰਤਰੀ ਸਈਦ ਅੱਬਾਸ ਅਰਾਗਚੀ ਨੇ ਇੱਕ ਤਸਵੀਰ ਸਾਂਝੀ ਕੀਤੀ, ਜਿਸ ਬਾਰੇ ਉਨ੍ਹਾਂ ਕਿਹਾ ਕਿ ਇਹ ਪੀੜਤਾਂ ਲਈ ਤਿਆਰ ਕੀਤੀਆਂ ਜਾ ਰਹੀਆਂ ਸਮੂਹਿਕ ਕਬਰਾਂ ਹਨ। ਉਨ੍ਹਾਂ ਨੇ ਇਸ ਹਮਲੇ ਨੂੰ ਠੰਢੇ ਖ਼ੂਨ ਨਾਲ ਕੀਤਾ ਗਿਆ ਕਤਲ ਕਰਾਰ ਦਿੰਦਿਆਂ ਇਸ ਲਈ ਅਮਰੀਕਾ ਨੂੰ ਜ਼ਿੰਮੇਵਾਰ ਠਹਿਰਾਇਆ।

ਇਸ ਦੌਰਾਨ, ਅਮਰੀਕਾ ਅਤੇ ਇਰਾਨ ਦੇ ਵਫ਼ਦ ਤਹਿਰਾਨ ਦੀ ਪ੍ਰਸਤਾਵਿਤ 10-ਨੁਕਾਤੀ ਜੰਗਬੰਦੀ ਯੋਜਨਾ 'ਤੇ ਚਰਚਾ ਕਰਨ ਲਈ ਇਸਲਾਮਾਬਾਦ ਵਿੱਚ ਮਿਲਣ ਵਾਲੇ ਹਨ। ਕਾਲੀਬਾਫ ਇਰਾਨੀ ਪੱਖ ਦੀ ਅਗਵਾਈ ਕਰ ਰਹੇ ਹਨ, ਜਿਨ੍ਹਾਂ ਦੇ ਨਾਲ ਅਰਾਗਚੀ ਅਤੇ ਹੋਰ ਅਧਿਕਾਰੀ ਸ਼ਾਮਲ ਹਨ। ਪਾਕਿਸਤਾਨ ਦੇ ਵਿਦੇਸ਼ ਮੰਤਰੀ ਇਸਹਾਕ ਡਾਰ, ਸਪੀਕਰ ਸਰਦਾਰ ਅਯਾਜ਼ ਸਾਦਿਕ ਅਤੇ ਫੌਜ ਮੁਖੀ ਅਸੀਮ ਮੁਨੀਰ ਨੇ ਉਨ੍ਹਾਂ ਦਾ ਸਵਾਗਤ ਕੀਤਾ।

## ਥਾਣਾ ਸ਼ਾਹਕੋਟ ਦੇ ਮੁਖੀ, ਏ.ਐਸ.ਆਈ ਅਤੇ ਮਹਿਲਾ ਕਾਂਸਟੇਬਲ ਲਾਈਨ ਹਾਜ਼ਰ



**ਜਲੰਧਰ, -ਰੋਜ਼ਾਨਾ ਸਵੇਰਾ-**

ਜਲੰਧਰ ਦਿਹਾਤੀ ਦੇ ਥਾਣਾ ਸ਼ਾਹਕੋਟ ਵਿੱਚ ਪੁਲੀਸ ਨੇ ਆਬਕਾਰੀ ਐਕਟ ਤਹਿਤ ਦਰਜ ਕੀਤੇ ਦਰਜ ਕੀਤੇ ਮੁਕਦਮੇ ਤੇ ਸੱਚ ਨੂੰ ਬਿਆਨ ਕਰਦੀ ਵੀਡੀਓ ਵਾਇਰਲ ਹੋਣ ਉਪਰੰਤ ਥਾਣਾ ਸ਼ਾਹਕੋਟ ਦੇ ਮੁਖੀ ਸਮੇਤ ਸਹਾਇਕ ਸਬ ਇੰਸਪੈਕਟਰ ਅਤੇ ਇੱਕ ਮਹਿਲਾ ਕਾਂਸਟੇਬਲ ਨੂੰ ਪੁਲੀਸ ਲਾਈਨ ਭੇਜ ਦਿੱਤਾ ਹੈ। ਵਾਇਰਲ ਹੋਈ ਵੀਡੀਓ ਵਿੱਚ ਕਥਿਤ ਦੋਸ਼ੀ ਅਕਰਮ ਦੇ ਘਰ ਤੋਂ 35 ਲੀਟਰ ਲਾਹਣ ਬਰਾਮਦ ਕੀਤੀ ਗਈ ਸੀ। ਵਾਇਰਲ ਹੋਈ ਵੀਡੀਓ ਵਿੱਚ ਇੱਕ ਡਰੱਮ ਲਾਹਣ ਬਾਹਰੋਂ ਲਿਆ ਕੇ ਘਰ ਵਿੱਚ ਰੱਖ ਕੇ ਬਰਾਮਦਗੀ ਦਿਖਾਈ ਗਈ ਹੈ।

ਇਸ ਕਾਰਵਾਈ ਨੇ ਜਲੰਧਰ ਦਿਹਾਤੀ ਪੁਲੀਸ ਦੀ ਨਸ਼ਿਆਂ ਦੀ ਰੋਕਥਾਮ ਲਈ ਕੀਤੀ ਜਾਂਦੀ ਕਾਰਵਾਈ ਤੇ ਪ੍ਰਸ਼ਨ ਚਿੰਨ ਲਗਾ ਦਿੱਤਾ ਹੈ। ਵੀਡੀਓ ਵਾਇਰਲ ਹੋਣ ਉਪਰੰਤ ਜ਼ਿਲ੍ਹਾ ਪੁਲੀਸ ਮੁਖੀ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੱਸਿਆ ਕੀ ਪੁਲਿਸ ਵੱਲੋਂ ਕੀਤੀ ਜਾਂਚ ਵਿੱਚ ਲਾਹਣ ਨਾਲ ਭਰਿਆ ਡਰੱਮ ਨੂੰ ਬਰਾਮਦਗੀ ਦਿਖਾਉਣ ਲਈ ਘਰ ਵਿੱਚ ਰੱਖਿਆ ਗਿਆ ਸੀ।

ਉਨ੍ਹਾਂ ਦੱਸਿਆ ਕਿ ਲਾਹਣ ਦੀ ਬਰਾਮਦਗੀ ਦਿਖਾਉਣ ਲਈ ਰੱਖੇ ਗਏ ਡਰਮ ਬਾਰੇ ਸੱਚਾਈ ਸਾਹਮਣੇ ਆਉਣ 'ਤੇ ਤੁਰੰਤ ਪ੍ਰਭਾਵ ਨਾਲ ਥਾਣਾ ਸ਼ਾਹਕੋਟ ਦੇ ਮੁਖੀ ਬਲਵਿੰਦਰ ਸਿੰਘ ਸਹਾਇਕ ਸਬ ਇੰਸਪੈਕਟਰ ਸੁਖਵਿੰਦਰ ਸਿੰਘ ਅਤੇ ਇੱਕ ਮਹਿਲਾ ਕਾਂਸਟੇਬਲ ਨੂੰ ਲਾਈਨ ਹਾਜ਼ਰ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਜੇਕਰ ਇਸ ਮਾਮਲੇ ਵਿੱਚ ਕਿਸੇ ਹੋਰ ਪੁਲੀਸ ਕਰਮਚਾਰੀ ਦੀ ਸ਼ਮੂਲੀਅਤ ਬਾਰੇ ਸੱਚਾਈ ਸਾਹਮਣੇ ਆਉਂਦੀ ਹੈ ਤਾਂ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ।

## ਭਾਜਪਾ ਨੇ ਚੋਣ ਕਮਿਸ਼ਨ ਰਾਹੀਂ ਮੇਰੀ ਉਮੀਦਵਾਰੀ ਰੱਦ ਕਰਵਾਉਣ ਦੀ ਕੀਤੀ ਕੋਸ਼ਿਸ਼: ਮਮਤਾ

**ਕੋਲਕਾਤਾ, -ਰੋਜ਼ਾਨਾ ਸਵੇਰਾ-**

ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬਨਰਜੀ ਨੇ ਸ਼ਨੀਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਤਿੱਖਾ ਹਮਲਾ ਕਰਦਿਆਂ ਦਾਅਵਾ ਕੀਤਾ ਕਿ ਭਾਜਪਾ ਨੇ ਚੋਣ ਕਮਿਸ਼ਨ ਦੀ ਮਦਦ ਨਾਲ ਉਨ੍ਹਾਂ ਵਿਰੁੱਧ ਝੂਠੇ ਕੇਸ ਦਰਜ ਕਰਵਾ ਕੇ ਭਵਾਨੀਪੁਰ ਸੀਟ ਤੋਂ ਉਨ੍ਹਾਂ ਦੀ ਉਮੀਦਵਾਰੀ ਰੱਦ ਕਰਵਾਉਣ ਦੀ ਸਾਜ਼ਿਸ਼ ਘੜੀ ਸੀ। ਉਨ੍ਹਾਂ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੇ ਵਰਕਰਾਂ ਅਤੇ ਆਮ ਲੋਕਾਂ ਦੇ ਸਹਿਯੋਗ ਸਦਕਾ ਵਿਰੋਧੀਆਂ ਦੀ ਇਹ ਕੋਸ਼ਿਸ਼ ਨਾਕਾਮ ਹੋ ਗਈ। ਪੱਛਮੀ ਮੇਦਿਨੀਪੁਰ ਜ਼ਿਲ੍ਹੇ ਦੇ ਕੇਸ਼ਿਆਰੀ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਬਨਰਜੀ ਨੇ ਦੋਸ਼ ਲਾਇਆ ਕਿ ਵਿਸ਼ੇਸ਼ ਗਹਿਨ ਪੜਤਾਲ ਦੇ ਨਾਂ 'ਤੇ ਵੋਟਰ ਸੂਚੀਆਂ ਵਿੱਚੋਂ 90 ਲੱਖ ਵੋਟਰਾਂ ਦੇ ਨਾਂ 'ਜ਼ਬਰਦਸਤੀ' ਹਟਾ ਦਿੱਤੇ ਗਏ ਹਨ। ਉਨ੍ਹਾਂ ਕਿਹਾ, ਹਟਾਏ ਗਏ 90 ਲੱਖ



ਵੋਟਰਾਂ ਵਿੱਚੋਂ 60 ਲੱਖ ਹਿੰਦੂ ਅਤੇ 30 ਲੱਖ ਮੁਸਲਿਮ ਹਨ। ਕੀ ਬੰਗਾਲੀ ਬੋਲਣ ਨਾਲ ਅਸੀਂ ਭਾਰਤੀ ਨਹੀਂ ਰਹਿ ਜਾਂਦੇ ? ਕੀ ਸਾਨੂੰ ਵਾਰ-ਵਾਰ ਆਪਣੀ ਨਾਗਰਿਕਤਾ ਸਾਬਿਤ ਕਰਨ ਦੀ ਲੋੜ ਹੈ ? ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਕੋਲ ਲੋਕਤੰਤਰੀ ਤਰੀਕੇ ਨਾਲ ਚੋਣ ਲੜਨ ਅਤੇ ਜਿੱਤਣ ਦਾ ਹੌਸਲਾ ਨਹੀਂ ਹੈ, ਇਸ ਲਈ ਉਹ ਫ਼ਰਜ਼ੀ ਤਰੀਕਿਆਂ ਨਾਲ ਵੋਟਾਂ ਹਥਿਆਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਖ਼ਦਸ਼ਾ ਜ਼ਾਹਿਰ ਕੀਤਾ ਕਿ ਭਾਜਪਾ ਚੋਣ ਨਤੀਜੇ ਆਪਣੇ ਪੱਖ ਵਿੱਚ ਕਰਨ ਲਈ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (5ɔ$) ਨਾਲ ਵੀ ਛੇੜਛਾੜ ਦੀ ਯੋਜਨਾ ਬਣਾ ਰਹੀ ਹੈ। ”33 ਬਾਰੇ ਭਾਜਪਾ ਦੇ ਵਾਅਦੇ 'ਤੇ ਬੋਲਦਿਆਂ ਮਮਤਾ ਨੇ ਕਿਹਾ ਕਿ ਇਹ ਪੱਛੜੇ ਭਾਈਚਾਰਿਆਂ ਦੇ ਵਿਰੁੱਧ ਹੈ ਅਤੇ ਇਸ ਦਾ ਮਕਸਦ ਲੋਕਾਂ ਦੇ ਲੋਕਤੰਤਰੀ ਅਧਿਕਾਰ ਖੋਹਣਾ ਹੈ। ਉਨ੍ਹਾਂ ਐਲਾਨ ਕੀਤਾ, ਅਸੀਂ ਪੱਛਮੀ ਬੰਗਾਲ ਵਿੱਚ ਯੂਸੀਸੀ ਨੂੰ ਲਾਗੂ ਨਹੀਂ ਹੋਣ ਦਿਆਂਗੇ। ਜਦੋਂ ਬੰਗਾਲ ਵਿੱਚ ਸਾਡੀ ਚੌਥੀ ਵਾਰ ਜਿੱਤ ਤੋਂ ਬਾਅਦ ਭਾਜਪਾ ਦਿੱਲੀ ਦੀ ਸੱਤਾ ਤੋਂ ਲਾਂਭੇ ਹੋਵੇਗੀ, ਤਾਂ ਅਸੀਂ ਇਸ ਨੂੰ ਰੱਦ ਕਰ ਦਿਆਂਗੇ।

ਜ਼ਿਕਰਯੋਗ ਹੈ ਕਿ ਭਵਾਨੀਪੁਰ ਸੀਟ 'ਤੇ ਮਮਤਾ ਬਨਰਜੀ ਦਾ ਮੁਕਾਬਲਾ ਵਿਰੋਧੀ ਧਿਰ ਦੇ ਨੇਤਾ ਸ਼ੁਭੇਂਦੂ ਅਧਿਕਾਰੀ ਨਾਲ ਹੈ, ਜਿਸ ਕਾਰਨ ਇਹ ਚੋਣ ਕਾਫੀ ਦਿਲਚਸਪ ਹੋ ਗਈ ਹੈ।

## ਪੰਜਾਬ ਕਿੰਗਜ਼ ਨੇ ਹੈਦਰਾਬਾਦ ਨੂੰ ਛੇ ਵਿਕਟਾਂ ਨਾਲ ਹਰਾਇਆ



**ਮੁੱਲਾਂਪੁਰ (ਨਿਊਂ ਚੰਡੀਗੜ੍ਹ), -ਰੋਜ਼ਾਨਾ ਸਵੇਰਾ-**

ਪੰਜਾਬ ਕਿੰਗਜ਼ ਨੇ ਸ਼ਨਿੱਚਰਵਾਰ ਨੂੰ ਨਿਊ ਚੰਡੀਗੜ੍ਹ ਦੇ ਮਹਾਰਾਜਾ ਯਾਦਵਿੰਦਰਾ ਸਿੰਘ ਕੌਮਾਂਤਰੀ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਗਏ ਆਈ ਪੀ ਐੱਲ ਮੈਚ ਵਿੱਚ ਸਨਰਾਈਜ਼ਰਜ਼ ਹੈਦਰਾਬਾਦ ਨੂੰ ਛੇ ਵਿਕਟਾਂ ਨਾਲ ਹਰਾ ਦਿੱਤਾ ਹੈ।

ਪੰਜਾਬ ਕਿੰਗਜ਼ ਨੂੰ ਇਹ ਜਿੱਤ ਪ੍ਰਿਆਂਸ਼ ਆਰੀਆ, ਪ੍ਰਭਸਿਮਰਨ ਸਿੰਘ ਅਤੇ ਕਪਤਾਨ ਸ਼੍ਰੇਅਸ ਅਈਅਰ ਵੱਲੋਂ ਜੜੇ ਸ਼ਾਨਦਾਰ ਅਰਧ-ਸੈਂਕੜਿਆਂ ਦੀ ਬਦੌਲਤ ਹਾਸਲ ਹੋਈ।

ਇਸ ਤੋਂ ਪਹਿਲਾਂ ਬੱਲੇਬਾਜ਼ੀ ਕਰਦਿਆਂ ਸਨਰਾਈਜ਼ਰਜ਼ ਹੈਦਰਾਬਾਦ ਨੇ ਅਭਿਸ਼ੇਕ ਸ਼ਰਮਾ ਦੀ 28 ਗੇਂਦਾਂ ਵਿੱਚ 74 ਦੌੜਾਂ ਦੀ ਤੂਫ਼ਾਨੀ ਪਾਰੀ ਸਦਕਾ ਛੇ ਵਿਕਟਾਂ ਗਵਾ ਕੇ 219 ਦੌੜਾਂ ਦਾ ਸਕੋਰ ਬਣਾਇਆ ਪਰ ਇਹ ਨਾਕਾਫ਼ੀ ਸਾਬਿਤ ਹੋਇਆ, ਕਿਉਂਕਿ ਪੰਜਾਬ ਕਿੰਗਜ਼ ਨੇ ਸੱਤ ਗੇਂਦਾਂ ਬਾਕੀ ਰਹਿੰਦਿਆਂ ਹੀ 220 ਦੌੜਾਂ ਦਾ ਟੀਚਾ ਹਾਸਲ ਕਰ ਲਿਆ।

## ਅਮਨ ਅਰੋੜਾ ਨੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ 53 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਵੰਡੇ



**ਸੁਨਾਮ, -ਰੋਜ਼ਾਨਾ ਸਵੇਰਾ-**

ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਣੇ ਰਹਾਇਸ਼ੀ ਮਕਾਨਾਂ ਦੇ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਲੋਕ-ਭਲਾਈ ਯੋਜਨਾ ਮੇਰਾ ਘਰ ਮੇਰੇ ਨਾਮ ਤਹਿਤ ਅੱਜ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਵਿਧਾਨ ਸਭਾ ਹਲਕਾ ਸੁਨਾਮ ਦੇ ਪਿੰਡ ਅਕਾਲਗੜ੍ਹ ਚੱਠੇ ਨਕਟੇ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ 53 ਯੋਗ ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਤਕਸੀਮ ਕੀਤੇ ਗਏ।

ਇਸ ਮੌਕੇ ਪਿੰਡ ਵਾਸੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ, ਕਿਉਂਕਿ ਇਹ ਸਕੀਮ ਉਨ੍ਹਾਂ ਨੂੰ ਆਪਣੇ ਘਰਾਂ 'ਤੇ ਕਾਨੂੰਨੀ ਹੱਕ ਪ੍ਰਦਾਨ ਕਰਦੀ ਹੈ, ਜੋ ਲੰਮੇ ਸਮੇਂ ਤੋਂ ਉਨ੍ਹਾਂ ਦੀ ਲੋੜ ਸੀ।

ਇਸ ਮੌਕੇ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਲੋਕ-ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤਕ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੇਰਾ ਘਰ ਮੇਰੇ ਨਾਮ ਸਕੀਮ ਰਾਹੀਂ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਮਾਲਕਾਨਾ ਹੱਕ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਥਿਰਤਾ ਅਤੇ ਸੁਰੱਖਿਆ ਦਾ ਅਹਿਸਾਸ ਪੈਦਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਹੋਰ ਦੱਸਿਆ ਕਿ ਇਸ ਯੋਜਨਾ ਨਾਲ ਲਾਭਪਾਤਰੀਆਂ ਨੂੰ ਕਾਨੂੰਨੀ ਦਸਤਾਵੇਜ਼ ਪ੍ਰਾਪਤ ਹੋਣ ਸਦਕਾ ਨਾ ਸਿਰਫ਼ ਉਨ੍ਹਾਂ ਦੇ ਮਕਾਨਾਂ ਦੀ ਪਹਿਚਾਣ ਮਜ਼ਬੂਤ ਹੋਵੇਗੀ, ਸਗੋਂ ਭਵਿੱਖ ਵਿੱਚ ਬੈਂਕਾਂ ਤੋਂ ਕਰਜ਼ਾ ਲੈਣ ਅਤੇ ਹੋਰ ਸਰਕਾਰੀ ਸਹੂਲਤਾਂ ਹਾਸਲ ਕਰਨ ਵਿੱਚ ਵੀ ਆਸਾਨੀ ਰਹੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਵਰਗ ਤਕ ਸੁਵਿਧਾਵਾਂ ਪਹੁੰਚਾਉਣਾ ਹੈ ਅਤੇ ਕਿਸੇ ਵੀ ਯੋਗ ਵਿਅਕਤੀ ਨੂੰ ਇਸ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਕੀਮ ਦਾ ਲਾਭ ਹਰ ਯੋਗ ਵਿਅਕਤੀ ਤਕ ਪਹੁੰਚਾਉਣ ਲਈ ਪੂਰੀ ਪਾਰਦਰਸ਼ਤਾ ਅਤੇ ਤੀਵਰਤਾ ਨਾਲ ਕੰਮ ਕੀਤਾ ਜਾਵੇ।

ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਕਾਇਆ ਕਲਪ ਕੀਤੇ ਕਮਿਊਨਿਟੀ ਹੈਲਥ ਸੈਂਟਰ ਲਹਿਰਾਗਾਗਾ ਵਿਖੇ ਓ.ਪੀ.ਡੀ. ਅਤੇ ਆਈ.ਪੀ.ਡੀ. ਸੇਵਾਵਾਂ 15 ਅਪ੍ਰੈਲ ਤੋਂ ਹੋਣਗੀਆਂ ਸ਼ੁਰੂ: ਬਰਿੰਦਰ ਗੋਇਲ

**ਲਹਿਰਾਗਾਗਾ, 11 ਅਪ੍ਰੈਲ -ਰੋਜ਼ਾਨਾ ਸਵੇਰਾ-**

ਇਸ ਸਾਲ 9 ਜਨਵਰੀ ਨੂੰ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਤੇ ਹਸਪਤਾਲ ਖੋਲ੍ਹਣ ਦੇ ਪੰਜਾਬ ਸਰਕਾਰ ਵੱਲੋਂ ਲਏ ਗਏ ਇਤਿਹਾਸਕ ਫੈਸਲੇ ਦੀ ਲੜੀ ਤਹਿਤ ਲੋਕਾਂ ਨੂੰ ਫੌਰੀ ਤੌਰ ਉੱਤੇ ਮੈਡੀਕਲ ਸਹੂਲਤਾਂ ਦੇਣ ਲਈ ਲਹਿਰਾਗਾਗਾ ਵਿਚਲੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ) ਵਿਖੇ, ਜਿਹੜਾ ਕਿ ਪਹਿਲਾਂ ਕਾਫੀ ਖਸਤਾ ਹਾਲ ਵਿੱਚ ਸੀ, ਦੀ ਕਾਇਆ ਕਲਪ ਉਪਰੰਤ,ਮਾਹਿਰ ਡਾਕਟਰਾਂ ਦੀਆਂ ਸੇਵਾਵਾਂ ਦੀ ਸਹੂਲਤ ਸਮੇਤ ਓ.ਪੀ.ਡੀ. ਅਤੇ ਆਈ.ਪੀ.ਡੀ. ਸੇਵਾਵਾਂ 15 ਅਪ੍ਰੈਲ ਤੋਂ ਸ਼ੁਰੂ ਕਰ ਦਿੱਤੀਆਂ ਜਾਣਗੀਆਂ, ਜਿਸ ਨਾਲ ਲਹਿਰਾਗਾਗਾ ਸ਼ਹਿਰ ਸਮੇਤ ਖੇਤਰ ਦੇ ਵੱਡੀ ਗਿਣਤੀ ਪਿੰਡਾਂ ਨੂੰ ਵੀ ਲਾਭ ਹੋਵੇਗਾ। ਸੀ.ਐਚ.ਸੀ. ਲਹਿਰਾਗਾਗਾ



ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਹ ਮੈਡੀਕਲ ਸੇਵਾਵਾਂ ਜਨਹਿਤ ਟਰੱਸਟ ਦੇ ਯੂਨਿਟ, ਅਚਾਰਿਆ ਵਿਦਿਆਨੰਦ ਜੈਨ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਐਂਡ ਰਿਸਰਚ ਵੱਲੋਂ ਨਿਭਾਈਆਂ ਜਾਣਗੀਆਂ। ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿਨ-ਰਾਤ ਇੱਕ ਕਰ ਕੇ ਕੀਤੇ ਯਤਨਾਂ ਸਦਕਾਬੰਦ ਪਏ ਬਾਬਾ ਹੀਰਾ ਸਿੰਘ ਭੱਠਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਨੂੰ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਰੂਪ ਵਿੱਚ ਮੁੜ ਸ਼ੁਰੂ ਕੀਤਾ ਜਾ ਰਿਹਾ ਹੈ ਤੇ ਹੁਣ ਇਥੋਂ ਡਾਕਟਰ ਬਣ ਕੇ ਨਿਕਲਿਆ ਕਰਨਗੇ। ਇਸ ਦੇ ਨਾਲ-ਨਾਲ ਸਭ ਤੋਂ ਅਹਿਮ ਗੱਲ ਇਹ ਹੈ ਕਿ ਪਹਿਲਾਂ ਐਮਰਜੈਂਸੀ ਸੇਵਾਵਾਂ ਦੀ ਘਾਟ ਕਾਰਨ ਕਈ ਵਾਰ ਲੋਕਾਂ ਨੂੰ ਆਪਣੀ ਜਾਨ ਵੀ ਗਵਾਉਣੀ ਪੈ ਜਾਂਦੀ ਸੀ।

## ਪੰਜਾਬ ਸਰਕਾਰ ਵੱਲੋਂ ਪੁਰਸਕਾਰ ਨੀਤੀ ਲਾਗੂ

### *28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਜਾਰੀ*

**ਚੰਡੀਗੜ੍ਹ, -ਰੋਜ਼ਾਨਾ ਸਵੇਰਾ-**

ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਤਿਹਾਸਕ ਫ਼ੈਸਲਾ ਲੈਂਦਿਆਂ 'ਪੁਰਸਕਾਰ ਨੀਤੀ' ਤਹਿਤ ਪੰਜਾਬ ਪੁਲਿਸ ਨੂੰ ਸੂਬੇ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਅਤੇ ਉਨ੍ਹਾਂ ਦੇ ਨੈੱਟਵਰਕ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਨੂੰ ਪੁਰਸਕਾਰ ਦੇਣ ਦੇ ਅਧਿਕਾਰ ਦਿੱਤੇ ਹਨ। ਇਸ ਸਬੰਧੀ ਪੰਜਾਬ ਸਰਕਾਰ ਨੇ 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਵੀ ਜਾਰੀ ਕੀਤੀ ਹੈ।

ਗੈਂਗਸਟਰਾਂ 'ਤੇ ਵਾਰ ਪ੍ਰੋਜੈਕਟ ਤਹਿਤ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਨੂੰ 1 ਲੱਖ ਰੁਪਏ ਤੱਕ; ਪੁਲਿਸ ਕਮਿਸ਼ਨਰ/ਰੇਂਜ ਇੰਸਪੈਕਟਰ ਜਨਰਲ ਆਫ਼ ਪੁਲਿਸ/ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ ਨੂੰ 1.5 ਲੱਖ ਰੁਪਏ; ਵਿੰਗਾਂ ਦੇ ਮੁਖੀਆਂ (ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ/ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ) ਨੂੰ 2 ਲੱਖ ਰੁਪਏ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਨੂੰ 2 ਲੱਖ ਰੁਪਏ ਤੋਂ ਵੱਧ ਦੀਆਂ ਮਨਜ਼ੂਰੀ ਸ਼ਕਤੀਆਂ ਨੂੰ ਪ੍ਰਵਾਨਗੀ ਦਿੱਤੀ ਹੈ। ਮਨਜ਼ੂਰ ਕੀਤੀ ਗਈ ਰਕਮ ਸਿਰਫ਼ ਸਹੀ ਅਤੇ ਉਚਿਤ ਸੂਚਨਾ ਦੇਣ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ। ਇਹ ਪ੍ਰੋਜੈਕਟ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਸੂਬੇ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਨ ਲਈ ਵਸਨੀਕਾਂ ਦੀ ਸ਼ਮੂਲੀਅਤ ਵਧਾਉਣ ਲਈ ਪੇਸ਼ ਕੀਤਾ ਗਿਆ ਹੈ।

ਪੰਜਾਬ ਸਰਕਾਰ ਨੇ ਨਾਮਜ਼ਦ ਪੁਲਿਸ ਕਰਮਚਾਰੀਆਂ ਲਈ ਉਕਤ ਮਨਜ਼ੂਰ ਸ਼ਕਤੀਆਂ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਮਿਲੀ ਜਾਣਕਾਰੀ ਦੀ ਪਹਿਲਾਂ ਜਾਂਚ ਕੀਤੀ ਜਾਵੇਗੀ ਅਤੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਸੂਚਨਾ ਦੇਣ ਵਾਲੇ ਵਿਅਕਤੀਆਂ ਨੂੰ ਇਨਾਮ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦੀ ਪਹਿਚਾਣ ਪੁਲਿਸ, ਜਨਤਾ ਜਾਂ ਸਰਕਾਰ, ਕਿਸੇ ਵੀ ਪੱਧਰ 'ਤੇ ਜਾਹਿਰ ਨਹੀਂ ਕੀਤੀ ਜਾਵੇਗੀ। ਪੰਜਾਬ ਸਰਕਾਰ ਨੇ ਦੱਸਿਆ, ਸਰਕਾਰ ਦਾ ਟੀਚਾ ਸੂਬੇ ਵਿੱਚ ਸਰਗਰਮ ਅਪਰਾਧੀਆਂ ਅਤੇ ਗੈਂਗਸਟਰਾਂ 'ਤੇ ਪੂਰੀ ਤਰ੍ਹਾਂ ਰੋਕ ਲਗਾਉਣਾ ਹੈ ਅਤੇ ਇਸ ਟੀਚੇ ਨੂੰ ਹਾਸਲ ਕਰਨ ਲਈ ਸਰਕਾਰ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਹੈ।

'ਐਂਟੀ-ਗੈਂਗਸਟਰ ਹੈਲਪਲਾਈਨ' 9394693946 'ਤੇ ਜਾਣਕਾਰੀ ਸਾਂਝੀ ਕੀਤੀ ਜਾ ਸਕਦੀ ਹੈ। ਪੰਜਾਬ ਪੁਲਿਸ ਨੇ ਕਿਹਾ ਕਿ ਜੋ ਵਿਅਕਤੀ ਅਜਿਹੀ ਭਰੋਸੇਯੋਗ ਜਾਣਕਾਰੀ ਦੇਵੇਗਾ ਜਿਸ ਨਾਲ ਲੋੜੀਂਦੇ, ਘੋਸ਼ਿਤ ਜਾਂ ਆਦਤਨ ਅਪਰਾਧੀਆਂ ਦੀ ਗ੍ਰਿਫ਼ਤਾਰੀ ਹੋ ਸਕੇਗੀ, ਉਸ ਨੂੰ ਇਨਾਮ ਦਿੱਤਾ ਜਾਵੇਗਾ। ਪੁਲਿਸ ਵਿਅਕਤੀ ਵੱਲੋਂ ਦਿੱਤੇ ਗਏ ਸੁਝਾਵਾਂ 'ਤੇ ਵੀ ਕਾਰਵਾਈ ਕਰੇਗੀ। ਇਹ ਪ੍ਰੋਜੈਕਟ ਅਪਰਾਧੀਆਂ ਨੂੰ ਰੋਕਣ ਲਈ ਪੁਲਿਸ ਦੇ ਨੈੱਟਵਰਕ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਵਿੱਚ ਸਹਾਈ ਹੋਵੇਗਾ।

ਇਸ ਯੋਜਨਾ ਤਹਿਤ ਪ੍ਰਾਪਤ ਜਾਣਕਾਰੀ ਨੂੰ 'ਆਪਰੇਸ਼ਨ ਪ੍ਰਹਾਰ' ਅਧੀਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਰਤਿਆ ਜਾਵੇਗਾ। ਇਹ ਇੱਕ ਉੱਚ ਪੱਧਰੀ ਇਨਾਮ ਪ੍ਰੋਗਰਾਮ ਹੈ ਜਿਸ ਵਿੱਚ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਪੁਲਿਸ ਨੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਅੱਗੇ ਆ ਕੇ ਸਰਕਾਰ ਅਤੇ ਪੁਲਿਸ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ ਤਾਂ ਜੋ ਰਾਜ ਵਿੱਚ ਅਪਰਾਧਕ ਗਤੀਵਿਧੀਆਂ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ, ਸੂਬੇ ਦੇ ਹਰ ਨਿਵਾਸੀ ਦੀ ਸੁਰੱਖਿਆ ਕਰਨਾ ਸਾਡਾ ਫ਼ਰਜ਼ ਅਤੇ ਜ਼ਿੰਮੇਵਾਰੀ ਹੈ। ਉਚਿਤ ਢੰਗ ਨਾਲ ਜਾਂਚ-ਪੜਤਾਲ ਕਰਨ ਤੋਂ ਬਾਅਦ ਹੀ ਮਿਲੀ ਜਾਣਕਾਰੀ ਦੀ ਵਰਤੋਂ ਕੀਤੀ ਜਾਵੇਗੀ ਅਤੇ ਸੂਚਨਾ ਦੇਣ ਵਾਲੇ ਨੂੰ ਕਿਸੇ ਵੀ ਤਰ੍ਹਾਂ ਦਾ ਕੋਈ ਖਤਰਾ ਨਹੀਂ ਹੋਵੇਗਾ। ਇਨਾਮ ਦੀ ਰਕਮ ਹਰ ਕੇਸ ਵਿੱਚ ਅਪਰਾਧ ਦੀ ਗੰਭੀਰਤਾ, ਖਤਰੇ ਅਤੇ ਜਾਣਕਾਰੀ ਦੀ ਗੁਣਵੱਤਾ ਦੇ ਆਧਾਰ 'ਤੇ ਤੈਅ ਕੀਤੀ ਜਾਵੇਗੀ। ਇਹ ਨੀਤੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦਾ ਹਿੱਸਾ ਹੈ, ਜਿਸ ਦਾ ਮਕਸਦ ਪੰਜਾਬ ਨੂੰ ਗੈਂਗਸਟਰ-ਮੁਕਤ ਬਣਾਉਣਾ ਹੈ।

ਇਸ ਦੌਰਾਨ ਗੈਂਗਸਟਰਾਂ 'ਤੇ ਵਾਰ

## ਮੁੱਖ ਮੰਤਰੀ ਭਗਵੰਤ ਮਾਨ ਨੇ ਜਗਰਾਉਂ ਪਹੁੰਚ ਕੇ ਵਰਿੰਦਾਵਨ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ, ਸੰਕਟ ਦੀ ਘੜੀ ਵਿੱਚ ਹਰ ਮਦਦ ਦਾ ਭਰੋਸਾ

**ਜਗਰਾਉਂ, -ਰੋਜ਼ਾਨਾ ਸਵੇਰਾ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਗਰਾਉਂ ਦਾ ਦੌਰਾ ਕਰਕੇ ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਪੀੜਤਾਂ ਪਰਿਵਾਰਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਘਟਨਾ ਦੌਰਾਨ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵ੍ਰਿੰਦਾਵਣ ਦੀ ਯਾਤਰਾ ਦੌਰਾਨ ਯਮੁਨਾ ਨਦੀ ਵਿੱਚ ਪੀੜਤਾਂ ਦੀ ਕਿਸ਼ਤੀ ਪਲਟ ਗਈ, ਜਿਸ ਵਿੱਚੋਂ ਹੁਣ ਤੱਕ 11 ਲਾਸ਼ਾਂ ਬਰਾਮਦ ਹੋਈਆਂ ਹਨ ਅਤੇ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਜਾਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਉੱਤਰ ਪ੍ਰਦੇਸ਼ ਸਰਕਾਰ ਦੇ ਸੰਪਰਕ ਵਿੱਚ ਹੈ ਅਤੇ ਪੰਜਾਬ ਵੱਲੋਂ ਬਚਾਅ ਕਾਰਜਾਂ ਵਿੱਚ



ਸਹਾਇਤਾ ਲਈ ਗੋਤਾਖੋਰਾਂ ਦੀਆਂ ਟੀਮਾਂ ਪਹਿਲਾਂ ਹੀ ਭੇਜੀਆਂ ਜਾ ਚੁੱਕੀਆਂ ਹਨ। ਜਵਾਬਦੇਹੀ ਅਤੇ ਰੋਕਥਾਮ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਧਾਰਮਿਕ ਸਥਾਨਾਂ 'ਤੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਹਰ ਕੀਮਤ 'ਤੇ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਭਵਿੱਖ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੇ ਦੁਖਾਂਤ ਰੋਕਣ ਲਈ ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਕੋਲ ਉਠਾਇਆ ਹੈ।

ਮੀਡੀਆ ਨਾਲ ਗੱਲਬਾਤ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਮਥੁਰਾ ਨੇੜੇ ਵਾਪਰੀ ਮੰਦਭਾਗੀ ਘਟਨਾ ਵਿੱਚ ਕੀਮਤੀ ਜਾਨਾਂ ਦੇ ਨੁਕਸਾਨ 'ਤੇ ਬੇਹੱਦ ਦੁੱਖ ਹੋਇਆ ਹੈ। ਮੇਰੀ ਦਿਲੀ ਹਮਦਰਦੀ ਉਨ੍ਹਾਂ ਪਰਿਵਾਰਾਂ ਦੇ ਨਾਲ ਹੈ ਜਿਨ੍ਹਾਂ ਨੇ ਇਸ ਦੁਖਾਂਤ ਵਿੱਚ ਆਪਣੇ ਅਜ਼ੀਜ਼ ਨੂੰ ਗੁਆ ਦਿੱਤਾ ਹੈ। ਪੀੜਤ ਵ੍ਰਿੰਦਾਵਨ ਵਿਖੇ ਮੱਥਾ ਟੇਕਣ ਜਾ ਰਹੇ ਸਨ, ਜਦੋਂ ਉਨ੍ਹਾਂ ਨੂੰ ਲਿਜਾ ਰਹੀ ਕਿਸ਼ਤੀ ਯਮੁਨਾ ਨਦੀ ਵਿੱਚ ਪਲਟ ਗਈ।

ਮੁੱਖ ਮੰਤਰੀ ਨੇ ਦੱਸਿਆ, ਹੁਣ ਤੱਕ 11 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਜਦੋਂ ਕਿ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਅਜੇ ਵੀ ਜਾਰੀ ਹੈ।

ਪੰਜਾਬ ਸਰਕਾਰ ਵੱਲੋਂ ਬਚਾਅ ਕਾਰਜਾਂ ਵਿੱਚ ਉੱਤਰ ਪ੍ਰਦੇਸ਼ ਦੇ ਅਧਿਕਾਰੀਆਂ ਦੀ ਸਹਾਇਤਾ ਲਈ ਹਾਦਸੇ ਵਾਲੀ ਥਾਂ 'ਤੇ ਗੋਤਾਖੋਰਾਂ ਦੀਆਂ ਟੀਮਾਂ ਵੀ ਭੇਜੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਕਿਹਾ, ਇਸ ਦੁਖਾਂਤ ਵਿੱਚ ਬਚੇ ਲੋਕਾਂ ਨੂੰ ਜ਼ਰੂਰੀ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੈਂ ਉੱਤਰ ਪ੍ਰਦੇਸ਼ ਵਿੱਚ ਆਪਣੇ ਹਮਰੁਤਬਾ ਨਾਲ ਲਗਾਤਾਰ ਸੰਪਰਕ ਵਿੱਚ ਹਾਂ ਅਤੇ ਚੱਲ ਰਹੇ ਬਚਾਅ ਅਤੇ ਰਾਹਤ ਕਾਰਜਾਂ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹਾਂ।

ਰੋਕਥਾਮ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, ਮੈਂ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਭਵਿੱਖ ਵਿੱਚ ਅਜਿਹੇ ਪਵਿੱਤਰ ਸਥਾਨਾਂ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਇਹ ਜ਼ਰੂਰੀ ਹੈ ਕਿ ਸਬੰਧਤ ਸੂਬਾ ਸਰਕਾਰਾਂ ਵੱਲੋਂ ਜਨਤਕ ਮਹੱਤਤਾ ਵਾਲੇ ਸਥਾਨਾਂ 'ਤੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਣ।

ਹਮਦਰਦੀ ਸਾਂਝੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਮੈਂ ਜਾਨਾਂ ਗੁਆਉਣ ਵਾਲਿਆਂ ਦੇ ਪੀੜਤ ਪਰਿਵਾਰਾਂ, ਰਿਸ਼ਤੇਦਾਰਾਂ ਅਤੇ ਦੋਸਤਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਾ ਹਾਂ। ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਣ ਅਤੇ ਪਰਿਵਾਰਾਂ ਨੂੰ ਇਹ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖਸ਼ਣ।

ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।

## ਸੰਪਾਦਕੀ

# ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਸਮੇਂ ਦੀ ਲੋੜ ਜਾਂ ਨਵਾਂ ਇਮਤਿਹਾਨ ?

ਪੰਜਾਬ ਵਿੱਚ ਧਾਰਮਿਕ ਅਸਥਾਵਾਂ ਅਤੇ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਦੇ ਮਾਮਲੇ ਸਿਰਫ਼ ਕਾਨੂੰਨੀ ਨਹੀਂ, ਸਗੋਂ ਸਮਾਜਕ ਅਤੇ ਜਜ਼ਬਾਤੀ ਪੱਧਰ 'ਤੇ ਵੀ ਗਹਿਰਾ ਅਸਰ ਛੱਡਦੇ ਰਹੇ ਹਨ। ਅਜਿਹੇ ਸੰਵੇਦਨਸ਼ੀਲ ਮਾਹੌਲ ਵਿੱਚ ਮੁੱਖ ਮੰਤਰੀ Bhagwant Singh Mann ਦੀ ਅਗਵਾਈ ਹੇਠ ਕੈਬਨਿਟ ਵੱਲੋਂ 'ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026' ਨੂੰ ਮਨਜ਼ੂਰੀ ਦੇਣਾ ਇੱਕ ਅਹਿਮ ਅਤੇ ਸਮੇਂਸਰ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਖ਼ਾਸ ਕਰਕੇ, ਦੋਸ਼ੀਆਂ ਲਈ ਉਮਰ ਕੈਦ ਵਰਗੀਆਂ ਸਖ਼ਤ ਸਜ਼ਾਵਾਂ ਦਾ ਪ੍ਰਾਵਧਾਨ ਇਹ ਦਰਸਾਉਂਦਾ ਹੈ ਕਿ ਸਰਕਾਰ ਇਸ ਮਾਮਲੇ 'ਤੇ ਕੋਈ ਸਮਝੌਤਾ ਕਰਨ ਦੇ ਮੂਡ ਵਿੱਚ ਨਹੀਂ।

Sri Guru Granth Sahib ਸਿੱਖ ਧਰਮ ਦਾ ਕੇਂਦਰੀ ਅਧਾਰ ਹੈ ਅਤੇ ਇਸ ਨਾਲ ਜੁੜੀ ਹਰ ਘਟਨਾ ਕਰੋੜਾਂ ਲੋਕਾਂ ਦੀਆਂ ਭਾਵਨਾਵਾਂ ਨਾਲ ਸਿੱਧੀ ਤਰ੍ਹਾਂ ਜੁੜਦੀ ਹੈ। ਬੀਤੇ ਸਮੇਂ ਵਿੱਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਨੇ ਨਾ ਸਿਰਫ਼ ਕਾਨੂੰਨ-ਵਿਵਸਥਾ ਨੂੰ ਚੁਣੌਤੀ ਦਿੱਤੀ, ਸਗੋਂ ਸਮਾਜ ਵਿੱਚ ਅਣਭਰੋਸੇ ਅਤੇ ਤਣਾਅ ਦਾ ਮਾਹੌਲ ਵੀ ਪੈਦਾ ਕੀਤਾ। ਇਸ ਪਿਛੋਕੜ ਵਿੱਚ ਸਖ਼ਤ ਕਾਨੂੰਨੀ ਢਾਂਚਾ ਬਣਾਉਣ ਦੀ ਲੋੜ ਲੰਮੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਸੀ।

ਹਾਲਾਂਕਿ, ਸਿਰਫ਼ ਸਜ਼ਾਵਾਂ ਨੂੰ ਸਖ਼ਤ ਕਰ ਦੇਣਾ ਹੀ ਹੱਲ ਨਹੀਂ। ਅਸਲ ਚੁਣੌਤੀ ਕਾਨੂੰਨ ਦੀ ਪ੍ਰਭਾਵਸ਼ਾਲੀ ਲਾਗੂਆਤ ਅਤੇ ਨਿਰਪੱਖ ਜਾਂਚ ਪ੍ਰਕਿਰਿਆ ਵਿੱਚ ਹੈ। ਕਈ ਵਾਰ ਅਜਿਹੇ ਸੰਵੇਦਨਸ਼ੀਲ ਮਾਮਲਿਆਂ ਵਿੱਚ ਭਾਵਨਾਵਾਂ ਹਾਵੀ ਹੋ ਜਾਂਦੀਆਂ ਹਨ, ਜਿਸ ਨਾਲ ਬੇਗੁਨਾਹ ਲੋਕ ਵੀ ਨਿਸ਼ਾਨਾ ਬਣ ਸਕਦੇ ਹਨ। ਇਸ ਲਈ ਇਹ ਜ਼ਰੂਰੀ ਹੈ ਕਿ ਨਵਾਂ ਕਾਨੂੰਨ ਸਖ਼ਤੀ ਦੇ ਨਾਲ-ਨਾਲ ਨਿਆਂ ਦੀ ਪੂਰੀ ਗਾਰੰਟੀ ਵੀ ਦੇਵੇ।

ਇੱਕ ਹੋਰ ਮਹੱਤਵਪੂਰਨ ਪੱਖ ਇਹ ਹੈ ਕਿ ਇਸ ਕਾਨੂੰਨ ਦਾ ਇਸਤੇਮਾਲ ਕਿਸੇ ਵੀ ਤਰ੍ਹਾਂ ਦੀ ਰਾਜਨੀਤਿਕ ਜਾਂ ਨਿੱਜੀ ਵਿਰੋਧੀ ਕਾਰਵਾਈ ਲਈ ਨਾ ਹੋਵੇ। ਕਾਨੂੰਨ ਦੀ ਸਖ਼ਤੀ ਦੇ ਨਾਲ ਉਸਦੀ ਨਿਰਪੱਖਤਾ ਅਤੇ ਪਾਰਦਰਸ਼ਿਤਾ ਹੀ ਉਸਦੀ ਭਰੋਸੇਯੋਗਤਾ ਨੂੰ ਤੈਅ ਕਰੇਗੀ।

ਸੋਮਵਾਰ ਨੂੰ Punjab Vidhan Sabha ਵਿੱਚ ਇਸ ਬਿੱਲ ਦੀ ਪੇਸ਼ਕਸ਼ ਸਿਰਫ਼ ਇੱਕ ਵਿਧਾਨਕ ਕਾਰਵਾਈ ਨਹੀਂ, ਸਗੋਂ ਪੰਜਾਬ ਦੇ ਸਮਾਜਕ ਤਾਨੇ-ਬਾਨੇ ਲਈ ਇੱਕ ਮਹੱਤਵਪੂਰਨ ਮੋੜ ਵੀ ਹੋ ਸਕਦੀ ਹੈ। ਜੇਕਰ ਇਹ ਕਾਨੂੰਨ ਸਹੀ ਨੀਅਤ ਅਤੇ ਪੂਰੀ ਇਮਾਨਦਾਰੀ ਨਾਲ ਲਾਗੂ ਕੀਤਾ ਗਿਆ, ਤਾਂ ਇਹ ਸਿਰਫ਼ ਬੇਅਦਬੀ ਦੇ ਮਾਮਲਿਆਂ ਨੂੰ ਰੋਕਣ ਵਿੱਚ ਹੀ ਨਹੀਂ, ਸਗੋਂ ਸਮਾਜ ਵਿੱਚ ਭਾਈਚਾਰਕ ਸਾਂਝ ਅਤੇ ਅਮਨ-ਸ਼ਾਂਤੀ ਨੂੰ ਮਜ਼ਬੂਤ ਕਰਨ ਵਿੱਚ ਵੀ ਮਦਦਗਾਰ ਸਾਬਤ ਹੋ ਸਕਦਾ ਹੈ।

ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਇਹ ਕਦਮ ਸਵਾਗਤਯੋਗ ਤਾਂ ਹੈ, ਪਰ ਇਸਦੀ ਅਸਲ ਕਸੌਟੀ ਉਸ ਵੇਲੇ ਹੋਵੇਗੀ ਜਦੋਂ ਇਹ ਜ਼ਮੀਨੀ ਪੱਧਰ 'ਤੇ ਨਿਆਂਸੰਗਤ ਅਤੇ ਸੰਤੁਲਿਤ ਢੰਗ ਨਾਲ ਲਾਗੂ ਹੋਵੇਗਾ।

# ਹਰਦੀਪ ਸਿੰਘ ਮੁੰਡੀਆਂ ਨੇ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਤਰੱਕੀ ਪੱਤਰ ਸੌਂਪੇ

### ➢ ਮਾਲ ਮੰਤਰੀ ਨੇ ਮਾਨ ਸਰਕਾਰ ਦੀ ਮੁਲਾਜ਼ਮਾਂ ਨੂੰ ਸਮੇਂ-ਸਿਰ ਤਰੱਕੀ ਦੇਣ ਅਤੇ ਉਨ੍ਹਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਦੁਹਰਾਈ ➢ ਅਧਿਕਾਰੀਆਂ ਦੀ ਤੈਨਾਤੀ ਮਨਪਸੰਦ ਸਟੇਸ਼ਨ ਉਪਰ ਉਨ੍ਹਾਂ ਦੇ ਘਰਾਂ ਨੇੜੇ ਕੀਤੀ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-

ਪੰਜਾਬ ਦੇ ਮਾਲ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਪੰਜਾਬ ਭਵਨ ਵਿਖੇ ਨਵੇਂ ਤਰੱਕੀ ਪ੍ਰਾਪਤ ਮਾਲ ਅਧਿਕਾਰੀਆਂ ਨੂੰ ਤਰੱਕੀ ਪੱਤਰ ਸੌਂਪੇ।



ਮਾਲ ਮੰਤਰੀ ਨੇ ਸੀਨੀਆਰਤਾ ਦੇ ਆਧਾਰ 'ਤੇ ਤਰੱਕੀ ਪ੍ਰਾਪਤ ਕਰਨ ਵਾਲੇ 14 ਤਹਿਸੀਲਦਾਰਾਂ ਅਤੇ 13 ਨਾਇਬ ਤਹਿਸੀਲਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਤਰੱਕੀਆਂ ਸੂਬੇ ਵਿੱਚ ਮਾਲ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਬਣਾਉਣ ਸਣੇ ਅਧਿਕਾਰੀਆਂ ਦੀ ਲਗਨ ਅਤੇ ਸਾਲਾਂ ਦੀ ਸੇਵਾ ਦਾ ਬਣਦਾ ਹੱਕ ਹਨ। ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਰਮਚਾਰੀਆਂ ਨੂੰ ਉਨ੍ਹਾਂ ਦਾ ਬਣਦਾ ਹੱਕ ਸਮੇਂ-ਸਿਰ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਦਰਸ਼ੀ ਅਤੇ ਯੋਗਤਾ ਆਧਾਰਤ ਤਰੱਕੀਆਂ ਨਾਲ ਕਰਮਚਾਰੀਆਂ ਦਾ ਮਨੋਬਲ ਵਧਦਾ ਹੈ ਅਤੇ ਸਰਕਾਰੀ ਸੇਵਾਵਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਹੁੰਦਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪਦਉੱਨਤ ਕੀਤੇ ਅਧਿਕਾਰੀਆਂ ਦੀ ਤੈਨਾਤੀ ਉਨ੍ਹਾਂ ਵੱਲੋਂ ਸੌਂਪੇ ਤਿੰਨ ਮਨਪਸੰਦ ਸਟੇਸ਼ਨਾਂ ਦੀ ਸੂਚੀ ਵਿੱਚੋਂ ਇੱਕ ਉਪਰ ਉਨ੍ਹਾਂ ਦੀ ਰਿਹਾਇਸ਼ ਨੇੜੇ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਦਾ ਮਕਸਦ ਕੰਮ ਅਤੇ ਨਿੱਤ ਦੇ ਜੀਵਨ ਦਰਮਿਆਨ ਸੰਤੁਲਨ ਨੂੰ ਯਕੀਨੀ ਬਣਾਉਣਾ ਅਤੇ ਅਧਿਕਾਰੀਆਂ ਨੂੰ ਹੋਰ ਇਕਾਗਰਤਾ ਅਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੇ ਯੋਗ ਬਣਾਉਣਾ ਹੈ।

ਖੇਤਰੀ ਅਧਿਕਾਰੀਆਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਦਿਆਂ ਮਾਲ ਮੰਤਰੀ ਨੇ ਵਿਭਾਗ ਦੀ ਕਾਰਗੁਜ਼ਾਰੀ ਵਿੱਚ ਹੋਰ ਸੁਧਾਰ ਲਈ ਅਧਿਕਾਰੀਆਂ ਤੋਂ ਸੁਝਾਅ ਵੀ ਮੰਗੇ। ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ ਤੋਂ ਮਿਲਣ ਵਾਲੀ ਫੀਡਬੈਕ ਨੀਤੀਆਂ ਵਿੱਚ ਸੁਧਾਰ ਕਰਨ ਅਤੇ ਜਵਾਬਦੇਹ ਅਤੇ ਪ੍ਰਭਾਵਸ਼ਾਲੀ ਸ਼ਾਸਨ ਨੂੰ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ।

ਮਾਨ ਸਰਕਾਰ ਦੀ ਮੁਲਾਜ਼ਮ-ਪੱਖੀ ਪਹੁੰਚ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਜ਼ਮੀਨੀ ਪੱਧਰ 'ਤੇ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਬਣਾਉਣ ਜਿਹੀਆਂ ਪਹਿਲਕਦਮੀਆਂ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ।

ਇਸ ਮੌਕੇ ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਵਰਮਾ ਨੇ ਵੀ ਨਵੇਂ ਤਰੱਕੀ ਪ੍ਰਾਪਤ ਅਧਿਕਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਭਰੋਸਾ ਜਤਾਇਆ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਸਮਰਪਣ, ਇਮਾਨਦਾਰੀ ਅਤੇ ਪੇਸ਼ਾਵਾਰਾਨਾ ਢੰਗ ਨਾਲ ਕੰਮ ਕਰਨਗੇ ਅਤੇ ਲੋਕ ਸੇਵਾ ਵਿੱਚ ਅਹਿਮ ਯੋਗਦਾਨ ਪਾਉਣਗੇ।

ਸਮਾਗਮ ਦੌਰਾਨ ਸਕੱਤਰ ਮਾਲ-ਕਮ-ਡਾਇਰੈਕਟਰ ਆਫ਼ਤ ਪ੍ਰਬੰਧਨ ਸ. ਮਨਵੇਸ਼ ਸਿੰਘ ਸਿੱਧੂ ਅਤੇ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਵਿਵਾਦਾਂ ਅਤੇ ਦੇਰੀ ਨੂੰ ਖ਼ਤਮ ਕਰਨ ਲਈ ਪਾਰਦਰਸ਼ੀ ਅਤੇ ਸਮਾਂਬੱਧ ਹੋਵੇਗੀ ਪਰਿਵਾਰਕ ਤਕਸੀਮ ਪ੍ਰਕਿਰਿਆ : ਹਰਦੀਪ ਸਿੰਘ ਮੁੰਡੀਆਂ

### ਪੰਜਾਬ ਭਰ ਦੇ ਮਾਲੀਆ ਰਿਕਾਰਡ ਵਿੱਚ ਨਿਰਪੱਖਤਾ ਤੇ ਇਕਸਾਰਤਾ ਲਿਆਉਣ ਲਈ ਵਿਆਪਕ ਦਿਸ਼ਾ-ਨਿਰਦੇਸ਼ ਜਾਰੀ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਤਕਸੀਮ ਯੋਜਨਾ ਦੇ ਦੇ ਐਲਾਨ ਤੋਂ ਬਾਅਦ ਮਾਲ ਵਿਭਾਗ ਨੇ ਪਰਿਵਾਰਕ ਜ਼ਮੀਨਾਂ ਦੀ ਤਕਸੀਮ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਵਿਸਤ੍ਰਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਹਨ।



ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਸੂਬੇ ਭਰ ਵਿੱਚ ਪਰਿਵਾਰਕ ਜ਼ਮੀਨਾਂ ਦੀ ਤਕਸੀਮ ਦੇ ਮਾਮਲਿਆਂ ਦੇ ਪਾਰਦਰਸ਼ੀ, ਇਕਸਾਰ ਅਤੇ ਸਮਾਂਬੱਧ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਸਪੱਸ਼ਟ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜ਼ਮੀਨ ਮਾਲਕ ਇੱਕ ਵਿਸ਼ੇਸ਼ ਵੈੱਬਸਾਈਟ ਲਿੰਕ (https://jamabandi.punjab.gov.in/RequestForPartition.aspx) ਰਾਹੀਂ ਜ਼ਮੀਨ ਦੀ ਤਕਸੀਮ ਸਬੰਧੀ ਆਪਣੀ ਅਰਜ਼ੀ ਸਿੱਧੇ ਤੌਰ 'ਤੇ ਵੀ ਦਾਇਰ ਕਰ ਸਕਦੇ ਹਨ, ਜਿਸ 'ਤੇ 30 ਦਿਨਾਂ ਦੇ ਅੰਦਰ ਕਾਰਵਾਈ ਕੀਤੀ ਜਾਵੇਗੀ। ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਤਕਸੀਮ ਯੋਜਨਾ ਦਾ ਉਦੇਸ਼ ਕਾਰਵਾਈ ਨੂੰ ਸਰਲ ਬਣਾਉਣਾ, ਵਿਵਾਦਾਂ ਨੂੰ ਘਟਾਉਣਾ ਅਤੇ ਮਾਲੀਆ ਰਿਕਾਰਡ ਵਿੱਚ ਕੁਸ਼ਲਤਾ ਨੂੰ ਵਧਾਉਣਾ ਹੈ। ਮਾਲ ਮੰਤਰੀ ਨੇ ਕਿਹਾ ਕਿ ਨਵੇਂ ਦਿਸ਼ਾ-ਨਿਰਦੇਸ਼ ਇੱਕ ਪਾਰਦਰਸ਼ੀ ਅਤੇ ਸਮਾਂਬੱਧ ਪ੍ਰਕਿਰਿਆ ਨੂੰ ਯਕੀਨੀ ਬਣਾਉਣਗੇ, ਜਿਸ ਨਾਲ ਬੇਲੋੜੀ ਦੇਰੀ ਅਤੇ ਲੰਬੇ ਸਮੇਂ ਤੋਂ ਚੱਲ ਰਹੇ ਵਿਵਾਦਾਂ ਦਾ ਅੰਤ ਹੋਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਰੇ ਮਾਲ ਅਧਿਕਾਰੀਆਂ ਨੂੰ ਪਰਿਵਾਰਕ ਤਕਸੀਮ ਦੇ ਮਾਮਲਿਆਂ ਨੂੰ ਵਿਚਾਰਦੇ ਸਮੇਂ ਨਿਰਧਾਰਤ ਪ੍ਰਕਿਰਿਆਵਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

ਸਰਕਾਰ ਦੀ ਇਸ ਨਾਗਰਿਕ-ਪੱਖੀ ਪਹੁੰਚ ਬਾਰੇ ਦੱਸਦਿਆਂ ਕੈਬਨਿਟ ਮੰਤਰੀ ਨੇ ਮਾਲੀਆ ਰਿਕਾਰਡਾਂ ਦੀ ਸਮੇਂ ਸਿਰ ਪਰਿਵਾਰਕ ਤਕਸੀਮ ਦੀ ਸਹੂਲਤ ਲਈ ਪਟਵਾਰੀਆਂ ਨੂੰ ਲਾਭਪਾਤਰੀਆਂ ਤੱਕ ਸਰਗਰਮੀ ਨਾਲ ਪਹੁੰਚ ਕਰਨ ਦੇ ਨਿਰਦੇਸ਼ ਵੀ ਦਿੱਤੇ ਹਨ।

ਉਨ੍ਹਾਂ ਕਿਹਾ ਕਿ ਪਟਵਾਰੀ ਇਹ ਯਕੀਨੀ ਬਣਾਉਣ ਕਿ ਨਾਗਰਿਕਾਂ ਨੂੰ ਆਪਣੇ ਮਾਲੀਆ ਰਿਕਾਰਡਾਂ ਦੀ ਤਕਸੀਮ ਕਰਵਾਉਣ ਵਿੱਚ ਕੋਈ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨਾਲ ਹੀ ਪਟਵਾਰੀਆਂ ਨੂੰ ਅਜਿਹੇ ਕੇਸਾਂ ਵਿੱਚ ਪਹੁੰਚ ਰਸਤਿਆਂ ਅਤੇ ਖਾਲਾਂ ਦੀ ਨਿਸ਼ਾਨਦੇਹੀ ਕਰਕੇ ਤਕਸੀਮ ਦੇ ਨਕਸ਼ੇ ਨੂੰ ਅੰਤਿਮ ਰੂਪ ਦੇਣ ਲਈ ਸਬੰਧਤ ਧਿਰਾਂ ਨਾਲ ਗੱਲਬਾਤ ਕਰਕੇ ਇਨ੍ਹਾਂ ਦਾ ਹੱਲ ਕਰਨ ਲਈ ਵੀ ਕਿਹਾ ਹੈ।

ਉਨ੍ਹਾਂ ਹਦਾਇਤ ਕੀਤੀ ਕਿ ਇਸ ਸਬੰਧੀ ਜ਼ਮੀਨੀ ਪੱਧਰ 'ਤੇ ਲੋਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਫੈਲਾਈ ਜਾਵੇ। ਉਨ੍ਹਾਂ ਕਿਹਾ ਕਿ ਪਟਵਾਰੀ ਧਾਰਮਿਕ ਸਥਾਨਾਂ ਤੋਂ ਮੁਨਾਦੀ ਕਰਵਾ ਕੇ ਅਤੇ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਾ ਕੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਣੂ ਕਰਵਾਉਣ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁਕੱਦਮੇਬਾਜ਼ੀ ਨੂੰ ਘਟਾਉਣ ਲਈ ਆਪਸੀ ਸਹਿਮਤੀ' ਤੇ ਆਧਾਰਤ ਸਮਝੌਤਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਅਜਿਹੇ ਕੇਸਾਂ ਦੇ ਤੁਰੰਤ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਸਪੱਸ਼ਟ ਸਮਾਂ-ਸੀਮਾਵਾਂ ਵੀ ਨਿਰਧਾਰਤ ਕੀਤੀਆਂ ਗਈਆਂ ਹਨ।

ਮੁੰਡੀਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਸਾਡਾ ਧਿਆਨ ਆਪਸੀ ਸਹਿਮਤੀ ਰਾਹੀਂ ਮੁਕੱਦਮੇਬਾਜ਼ੀ ਨੂੰ ਘਟਾਉਣ ਅਤੇ ਨਾਗਰਿਕਾਂ ਲਈ ਜਲਦੀ ਹੱਲ ਨੂੰ ਯਕੀਨੀ ਬਣਾਉਣ ਵੱਲ ਕੇਂਦਰਤ ਹੈ।

ਮਾਲ ਮੰਤਰੀ ਨੇ ਕਿਹਾ ਕਿ ਸਟੀਕਤਾ ਅਤੇ ਪਾਰਦਰਸ਼ਤਾ ਬਣਾਈ ਰੱਖਣ ਲਈ ਰਿਕਾਰਡਾਂ ਦੀ ਡਿਜੀਟਾਈਜ਼ੇਸ਼ਨ ਅਤੇ ਤਸਦੀਕ ਨੂੰ ਯਕੀਨੀ ਬਣਾਇਆ ਜਾਵੇਗਾ, ਜਦੋਂ ਕਿ ਪ੍ਰਭਾਵੀ ਲਾਗੂਕਰਨ ਦੀ ਦੇਖ-ਰੇਖ ਲਈ ਨਿਗਰਾਨੀ ਵਿਧੀਆਂ ਸਥਾਪਤ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ, ਮਾਲੀਆ ਪ੍ਰਸ਼ਾਸਨ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਨਾ ਸਾਡੀ ਪ੍ਰਮੁੱਖ ਤਰਜੀਹ ਹੈ। ਇਹ ਸੁਧਾਰ ਜ਼ਮੀਨ ਦੀ ਵੰਡ ਨਾਲ ਸਬੰਧਤ ਸ਼ਿਕਾਇਤਾਂ ਨੂੰ ਕਾਫ਼ੀ ਹੱਦ ਤੱਕ ਘਟਾ ਦੇਣਗੇ ਅਤੇ ਸਿਸਟਮ ਵਿੱਚ ਜਨਤਾ ਦਾ ਵਿਸ਼ਵਾਸ ਹੋਰ ਮਜ਼ਬੂਤ ਕਰਨਗੇ।

ਉਨ੍ਹਾਂ ਦੱਸਿਆ ਕਿ ਇਹ ਆਮ ਦੇਖਿਆ ਗਿਆ ਹੈ ਕਿ ਅਨੇਕਾਂ ਥਾਵਾਂ 'ਤੇ ਲੋਕ ਆਪਣੀ ਜ਼ਮੀਨ ਨੂੰ ਪਰਿਵਾਰ ਵਿੱਚ ਵੰਡ ਲੈਂਦੇ ਹਨ ਪਰ ਜ਼ਮੀਨ ਦਾ ਸਮੇਂ ਸਿਰ ਇੰਤਕਾਲ ਨਾ ਹੋਣ ਕਾਰਨ ਬਾਅਦ ਵਿੱਚ ਪਰਿਵਾਰਕ ਵਿਵਾਦ ਪੈਦਾ ਹੁੰਦੇ ਹਨ।

ਇਸ ਮੁੱਦੇ ਦੇ ਹੱਲ ਲਈ ਮੁੱਖ ਮੰਤਰੀ ਵੱਲੋਂ 13 ਅਪ੍ਰੈਲ (ਵਿਸਾਖੀ) ਤੋਂ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ ਜਿਸ ਤਹਿਤ ਪਰਿਵਾਰ ਦੀ ਆਪਸੀ ਸਹਿਮਤੀ ਦੇ ਆਧਾਰ 'ਤੇ ਵੰਡੀ ਗਈ ਜ਼ਮੀਨ ਦਾ ਇੰਤਕਾਲ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਸਾਰੇ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰਾਂ ਨੂੰ ਇਸ ਪਹਿਲ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਵੇਂ ਹੀ ਕੋਈ ਵੀ ਵਿਅਕਤੀ, ਪਰਿਵਾਰ ਜਾਂ ਕਿਸਾਨ ਸਾਰੀਆਂ ਸਬੰਧਤ ਧਿਰਾਂ ਦੁਆਰਾ ਦਸਤਖਤ ਕੀਤਾ ਜ਼ਮੀਨ ਦੀ ਵੰਡ ਦਾ ਨਕਸ਼ਾ ਜਮ੍ਹਾਂ ਕਰਵਾਉਂਦਾ ਹੈ ਤਾਂ ਪਟਵਾਰੀ ਨੂੰ ਇਸ ਦੇ ਆਧਾਰ 'ਤੇ ਤੁਰੰਤ ਤਬਾਦਲਾ ਦਰਜ ਕਰਨਾ ਹੋਵੇਗਾ।

ਮਾਲ ਮੰਤਰੀ ਨੇ ਏ ਕਿ ਜੇਕਰ ਲੋੜ ਪਈ ਤਾਂ ਪਟਵਾਰੀ ਜਾਂ ਕਾਨੂੰਨਗੋ ਸਾਰੇ ਹਿੱਸੇਦਾਰਾਂ ਨਾਲ ਬੈਠ ਕੇ ਵੱਖ-ਵੱਖ ਜ਼ਮੀਨੀ ਹਿੱਸਿਆਂ ਤੱਕ ਜਾਣ ਵਾਲੇ ਰਸਤਿਆਂ ਅਤੇ ਖਾਲਾਂ ਨੂੰ ਸਪਸ਼ਟ ਤੌਰ 'ਤੇ ਦਰਸਾਉਂਦਾ ਨਕਸ਼ਾ ਤਿਆਰ ਕਰਨਗੇ ਅਤੇ ਇਸ 'ਤੇ ਸਾਰੇ ਭਾਈਵਾਲਾਂ ਤੋਂ ਦਸਤਖਤ ਕਰਵਾਉਣਗੇ, ਜਿਸ ਤੋਂ ਬਾਅਦ ਤਹਿਸੀਲਦਾਰ ਜਾਂ ਨਾਇਬ ਤਹਿਸੀਲਦਾਰ ਇਸ ਅਨੁਸਾਰ ਇੰਤਕਾਲ ਨੂੰ ਮਨਜ਼ੂਰੀ ਦੇਣਗੇ। ਕੈਬਨਿਟ ਮੰਤਰੀ ਨੇ ਕਿਹਾ ਕਿ ਸਮੁੱਚੀ ਪ੍ਰਕਿਰਿਆ 30 ਦਿਨਾਂ ਦੇ ਅੰਦਰ ਮੁਕੰਮਲ ਹੋ ਜਾਵੇਗੀ।

ਉਨ੍ਹਾਂ ਕਿਹਾ ਕਿ ਅਰਜ਼ੀਆਂ ਜਮ੍ਹਾਂ ਕਰਵਾਉਣ ਲਈ ਵਿਭਾਗ ਦੀ ਵੈੱਬਸਾਈਟ 'ਤੇ ਇੱਕ ਸਮਰਪਿਤ ਲਿੰਕ (https://jamabandi.punjab.gov.in/RequestForPartition.aspx) ਉਪਲਬਧ ਕਰਵਾਇਆ ਗਿਆ ਹੈ ਅਤੇ ਨਾਗਰਿਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਯਕੀਨੀ ਬਣਾਉਣ ਲਈ ਯਤਨ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰਾਂ ਨੂੰ ਕਿਹਾ ਗਿਆ ਹੈ ਕਿ ਉਹ ਹਫ਼ਤਾਵਾਰੀ ਆਧਾਰ 'ਤੇ ਪ੍ਰਗਤੀ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਅਤੇ ਸਬੰਧਤ ਜ਼ਿਲ੍ਹਿਆਂ ਵਿੱਚ ਪਰਿਵਾਰਕ ਵੰਡ ਨਾਲ ਸਬੰਧਤ ਵੱਧ ਤੋਂ ਵੱਧ ਇੰਤਕਾਲ ਕਰਨੇ ਯਕੀਨੀ ਬਣਾਏ ਜਾਣ।

ਉਨ੍ਹਾਂ ਦੱਸਿਆ ਕਿ ਹਰੇਕ ਪਟਵਾਰੀ ਆਪਣੇ ਅਧਿਕਾਰ ਖੇਤਰ ਅਧੀਨ ਪੈਂਦੇ ਸਾਰੇ ਪਿੰਡਾਂ ਵਿੱਚ ਇਸ ਸਰਕਾਰੀ ਯੋਜਨਾ ਬਾਰੇ ਮੁਨਾਦੀ ਕਰਵਾਏਗਾ ਅਤੇ ਜਾਗਰੂਕਤਾ ਕੈਂਪ ਲਗਾ ਕੇ ਵੱਧ ਤੋਂ ਵੱਧ ਲੋਕਾਂ ਨੂੰ ਉਤਸ਼ਾਹਿਤ ਕਰੇਗਾ। ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਪਟਵਾਰੀਆਂ ਦੁਆਰਾ ਸਿੱਧੇ ਤੌਰ 'ਤੇ ਪ੍ਰਾਪਤ ਅਰਜ਼ੀਆਂ ਉਨ੍ਹਾਂ ਵੱਲੋਂ ਪੋਰਟਲ 'ਤੇ ਅਪਲੋਡ ਕੀਤੀਆਂ ਜਾਣਗੀਆਂ ਤਾਂ ਜੋ ਸਹੀ ਰਿਕਾਰਡ ਅਤੇ ਟਰੈਕਿੰਗ ਨੂੰ ਯਕੀਨੀ ਬਣਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਨਾਗਰਿਕਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ ਹੈ।

# ਖੇਡਾਂ ਰਾਹੀਂ ਰੰਗਲੇ ਪੰਜਾਬ ਨੂੰ ਸੁਰਜੀਤ ਕਰਦਿਆਂ, ਭਗਵੰਤ ਮਾਨ ਸਰਕਾਰ ਵੱਲੋਂ ਨੌਜਵਾਨਾਂ ਲਈ ਬੁਨਿਆਦੀ ਢਾਂਚੇ ਅਤੇ ਮੌਕਿਆਂ ਦਾ ਵਿਸਤਾਰ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-

ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਵਿੱਢੀ ਮੁਹਿੰਮ ਤਹਿਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਸੂਬੇ ਭਰ ਵਿੱਚ 6,000 ਨਵੇਂ ਸਟੇਡੀਅਮ ਬਣਾਉਣ ਦਾ ਐਲਾਨ ਕੀਤਾ, ਜੋ ਕਿ ਪਹਿਲਾਂ ਤੋਂ ਬਣੇ 3,000 ਸਟੇਡੀਅਮਾਂ ਵਿੱਚ ਵਾਧਾ ਕਰਨਗੇ। ਉਨ੍ਹਾਂ ਨੇ ਵਿਕਾਸ ਦੀ ਇੱਕ ਵਿਆਪਕ ਰੂਪ-ਰੇਖਾ ਵੀ ਉਲੀਕੀ, ਜਿਸ ਵਿੱਚ ਰਾਜਾ ਸਾਂਸੀ ਵਿਧਾਨ ਸਭਾ ਹਲਕੇ ਵਿੱਚ ਬੁਨਿਆਦੀ ਢਾਂਚੇ ਦੇ ਕੰਮਾਂ ਲਈ 50 ਕਰੋੜ ਰੁਪਏ ਅਤੇ ਇਤਿਹਾਸਕ ਪਿੰਡ ਲੋਪੋਕੇ ਦੇ ਵਿਕਾਸ ਲਈ 20 ਲੱਖ ਰੁਪਏ ਸ਼ਾਮਲ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ 'ਤੇ ਸਰਕਾਰ ਦੀ ਲਗਾਤਾਰ ਸਖ਼ਤੀ ਨੂੰ ਵੀ ਦੁਹਰਾਇਆ।



ਅੰਮ੍ਰਿਤਸਰ ਦੇ ਲੋਪੋਕੇ ਵਿਖੇ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਸਟੇਡੀਅਮ ਵਿੱਚ ਕਰਵਾਏ ਗਏ ਪਹਿਲੇ ਕਬੱਡੀ ਕੱਪ ਦਾ ਉਦਘਾਟਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਸਰਕਾਰ ਦੇ ਅਜਿਹੇ ਉਪਰਾਲੇ ਰੰਗਲੇ ਪੰਜਾਬ ਦੀ ਸ਼ਾਨ ਬਹਾਲ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਨੇ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦੀ ਯਾਦ ਵਿੱਚ ਅਜਿਹਾ ਸ਼ਲਾਘਾਯੋਗ ਖੇਡ ਸਮਾਗਮ ਕਰਵਾਉਣ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਇੰਚਾਰਜ ਸੋਨੀਆ ਮਾਨ ਅਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਖੇਡਾਂ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਉਨ੍ਹਾਂ ਜ਼ੋਰ ਦੇ ਕੇ ਕਿਹਾ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਬਚਾਇਆ ਜਾ ਸਕਦਾ ਹੈ। ਖੇਡਾਂ ਰਾਹੀਂ ਪੰਜਾਬ ਦੇ ਨੌਜਵਾਨ ਇੱਕ ਵਾਰ ਫਿਰ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਮੱਲਾਂ ਮਾਰਨਗੇ। ਪੰਜਾਬ ਸਰਕਾਰ ਨੇ ਖੇਡਾਂ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਬਜਟ ਵਿੱਚ ਵਿਸ਼ੇਸ਼ ਉਪਬੰਧ ਕੀਤੇ ਹਨ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਕਰ ਰਹੀ ਹੈ।

ਨਸ਼ਾ ਵਿਰੋਧੀ ਮੁਹਿੰਮ ਬਾਰੇ ਬੋਲਦਿਆਂ ਹਰਪਾਲ ਸਿੰਘ ਚੀਮਾ ਨੇ ਕਿਹਾ, ਸਾਡੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੇ ਵੱਡੀ ਸਫਲਤਾ ਹਾਸਲ ਕੀਤੀ ਹੈ, ਜਿਸ ਤਹਿਤ ਕਈ ਵੱਡੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜਿਆ ਗਿਆ ਹੈ। ਸਰਕਾਰ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖਤਮ ਕਰਨ ਲਈ ਵਚਨਬੱਧ ਹੈ।

ਉਨ੍ਹਾਂ ਅੱਗੇ ਕਿਹਾ, ਭਗਵੰਤ ਮਾਨ ਸਰਕਾਰ ਅਜਿਹੇ ਖੇਡ ਮੇਲਿਆਂ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ, ਇਸ ਦੇ ਨਾਲ ਹੀ ਉਨ੍ਹਾਂ ਐਲਾਨ ਕੀਤਾ ਕਿ ਰਾਜਾਸਾਂਸੀ ਵਿਧਾਨ ਸਭਾ ਹਲਕੇ ਦੀ ਨੁਹਾਰ ਬਦਲਣ ਲਈ ਵਿਕਾਸ ਕਾਰਜਾਂ 'ਤੇ 50 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਤਿਹਾਸਕ ਪਿੰਡ ਹੋਣ ਕਰਕੇ ਲੋਪੋਕੇ ਨੂੰ ਵੀ ਇਸ ਦੇ ਵਿਕਾਸ ਲਈ 20 ਲੱਖ ਰੁਪਏ ਮਿਲਣਗੇ।

ਇਸ ਮੌਕੇ ਸੋਨੀਆ ਮਾਨ ਨੇ ਕਿਹਾ, ਕੈਨੇਡਾ ਦੇ ਪਹਿਲੇ ਸਿੱਖ ਸ਼ਹੀਦ ਅਤੇ ਪਿੰਡ ਲੋਪੋਕੇ ਦੇ ਵਸਨੀਕ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਇੱਕ ਮਹਾਨ ਸ਼ਖਸੀਅਤ ਸਨ, ਜਿਨ੍ਹਾਂ ਨੇ ਆਪਣੀ ਕੌਮ ਅਤੇ ਭਾਈਚਾਰੇ ਲਈ ਆਪਣੀ ਜਾਨ ਕੁਰਬਾਨ ਕਰ ਦਿੱਤੀ। ਮੈਂ ਉਨ੍ਹਾਂ ਦੀ ਯਾਦ ਵਿੱਚ ਪਹਿਲਾ ਕਬੱਡੀ ਕੱਪ ਕਰਵਾਉਣ ਲਈ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦੀ ਹਾਂ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਿੱਤ ਮੰਤਰੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੀ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਸਾਬਕਾ ਸਰਪੰਚ ਅਮਰਦੀਪ ਸਿੰਘ, ਚੇਅਰਮੈਨ ਪਰਮਜੀਤ ਸਿੰਘ, ਬਲਜੀਤ ਸਿੰਘ ਸੈਦਪੁਰ, ਗੁਰਜੀਤ ਸਿੰਘ (ਮੀਤ ਪ੍ਰਧਾਨ), ਰਾਮ ਸਿੰਘ ਚੋਗਾਵਾਂ, ਕਬੱਡੀ ਕੋਚ ਰਾਮ ਸਿੰਘ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

# ਹਰਿਆਣਾ ਦੇ ਰਾਜਪਾਲ ਨੇ ਲੋਕਾਂ ਨੂੰ ਜਨਗਣਨਾ 2027 ਲਈ ਸਵੈ-ਗਣਨਾ ਕਰਨ ਲਈ ਕੀਤੀ ਅਪੀਲ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-

ਨਿਦੇਸ਼ਕ, ਜਨਗਣਨਾ ਅਤੇ ਨਾਗਰਿਕ ਪੰਜੀਕਰਣ (ਹਰਿਆਣਾ), ਗ੍ਰਹਿ ਮੰਤਰਾਲੇ ਵੱਲੋਂ ਅੱਜ ਮਾਣਯੋਗ ਰਾਜਪਾਲ ਹਰਿਆਣਾ, ਪ੍ਰੋ. ਅਸੀਮ ਕੁਮਾਰ ਘੋਸ਼ ਨਾਲ ਸ਼ਿਸ਼ਟਾਚਾਰ ਭੇਟ ਕੀਤੀ ਗਈ ਅਤੇ ਉਨ੍ਹਾਂ ਨੂੰ ਜਨਗਣਨਾ 2027 ਨਾਲ ਸਬੰਧਤ ਗਤੀਵਿਧੀਆਂ ਦੀ ਵਿਸਤਾਰ ਨਾਲ ਜਾਣਕਾਰੀ ਪ੍ਰਦਾਨ ਕੀਤੀ ਗਈ।

ਇਸ ਮੌਕੇ ਜਨਗਣਨਾ ਗਤੀਵਿਧੀਆਂ ਨਾਲ ਸਬੰਧਤ ਇੱਕ ਕੈਲੰਡਰ ਵੀ ਜਾਰੀ ਕੀਤਾ ਗਿਆ। ਹਰਿਆਣਾ ਰਾਜ ਵਿਚ ਸਵੈ-ਗਣਨਾ (Self-Enumeration) ਦੀ ਸੁਵਿਧਾ 16 ਅਪ੍ਰੈਲ ਤੋਂ 30 ਅਪ੍ਰੈਲ 2026 ਤੱਕ ਉਪਲਬਧ ਰਹੇਗੀ। ਸਾਰੇ ਨਾਗਰਿਕ ਮੋਬਾਈਲ, ਟੈਬਲੈਟ ਜਾਂ ਕੰਪਿਊਟਰ ਰਾਹੀਂ ਘਰ ਬੈਠੇ Self-Enumeration ਪੋਰਟਲ 'ਤੇ ਆਪਣੀ ਜਾਣਕਾਰੀ ਖੁਦ ਦਰਜ ਕਰ ਸਕਦੇ ਹਨ। ਇਹ ਇੱਕ ਸਰਲ, ਸੁਰੱਖਿਅਤ ਅਤੇ ਆਧੁਨਿਕ ਪਹਿਲ ਹੈ। ਇਸ ਤੋਂ ਬਾਅਦ, 1 ਮਈ ਤੋਂ 30 ਮਈ 2026 ਤੱਕ ਪੂਰੇ ਰਾਜ ਵਿਚ ਮਕਾਨ ਸੂਚੀਕਰਣ ਅਤੇ ਮਕਾਨਾਂ ਦੀ ਗਣਨਾ (Houselisting Operations) ਦੇ ਤਹਿਤ ਪ੍ਰਗਣਕ ਹਰ ਘਰ ਦਾ ਦੌਰਾ ਕਰਨਗੇ।

ਇਸ ਮੌਕੇ 'ਤੇ ਮਾਣਯੋਗ ਰਾਜਪਾਲ ਹਰਿਆਣਾ ਨੇ ਸ਼੍ਰੀ ਲਲਿਤ ਜੈਨ, ਨਿਦੇਸ਼ਕ, ਜਨਗਣਨਾ ਵਿਭਾਗ, ਹਰਿਆਣਾ ਅਤੇ ਉਨ੍ਹਾਂ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਦੁਨੀਆਂ ਦੀ ਸਭ ਤੋਂ ਵੱਡੀ ਪ੍ਰਸ਼ਾਸਨਿਕ ਪ੍ਰਕਿਰਿਆ ਹੈ, ਜਿਸ ਦੇ ਅੰਕੜਿਆਂ ਦੇ ਆਧਾਰ 'ਤੇ ਹਰਿਆਣਾ ਦੇ ਵਿਕਾਸ ਦੀ ਦਿਸ਼ਾ ਅਤੇ ਨੀਤੀ ਨਿਰਧਾਰਿਤ ਕੀਤੀ ਜਾਵੇਗੀ।

ਰਾਜਪਾਲ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਸਵੈ-ਗਣਨਾ ਦਾ ਵੱਧ ਤੋਂ ਵੱਧ ਉਪਯੋਗ ਕਰਨ, ਕਿਉਂਕਿ ਇਹ ਅਤਿਅੰਤ ਸੁਵਿਧਾਜਨਕ ਅਤੇ ਸੁਗਮ ਹੈ। ਇਸ ਨਾਲ ਸਮਾਂ ਅਤੇ ਸੰਸਾਧਨਾਂ ਦੀ ਬਚਤ ਵੀ ਹੋਵੇਗੀ।

ਅੰਤ ਵਿਚ, ਪ੍ਰੋ. ਘੋਸ਼ ਨੇ ਸਾਰੇ ਹਰਿਆਣਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਨਗਣਨਾ ਕਰਮਚਾਰੀਆਂ ਨੂੰ ਪੂਰਾ ਸਹਿਯੋਗ ਪ੍ਰਦਾਨ ਕਰਨ, ਤਾਂ ਜੋ ਇਹ ਮਹੱਤਵਪੂਰਨ ਕੰਮ ਸਫਲਤਾਪੂਰਵਕ ਸੰਪੰਨ ਹੋ ਸਕੇ।

## ਖ਼ਬਰਾਂ ਮੇਰੀਆਂ...

ਵਿਛੜਨ ਦਾ ਹਾਲ ਤਾਂ ਦੇਖ,
ਹੋਇਆ ਆਪਣਾ ਹਾਲ ਤਾਂ ਦੇਖ...
ਖ਼ਬਰਾਂ ਮੇਰੀਆਂ ਲੈਂਦੀ ਫਿਰਦੀ ਏ,
ਕੋਈ ਦਿਨ ਕੋਈ ਸਾਲ ਤਾਂ ਦੇਖ...
ਭੁਲਿਆ ਜੋ ਰੁਮਾਲ ਤਾਂ ਦੇਖ,
ਹੁਸਨ ਦਾ ਸੀ ਜੋ ਮਲਾਲ ਤਾਂ ਦੇਖ...
ਕਰਦੇ ਤੰਗ ਜ਼ੁਲਫ਼ਾਂ ਦੇ ਵਾਲ ਤਾਂ ਦੇਖ,
ਪੁੱਛਦੇ ਰਹਿੰਦੇ ਨੇ ਸਵਾਲ ਤਾਂ ਦੇਖ...
ਖ਼ਬਰਾਂ ਮੇਰੀਆਂ ਲੈਂਦੀ ਫਿਰਦੀ ਏ,
ਕੋਈ ਦਿਨ ਕੋਈ ਸਾਲ ਤਾਂ ਦੇਖ...
ਕੋਈ ਦਿਨ ਕੋਈ ਸਾਲ ਤਾਂ ਦੇਖ...

\- ਸੁਖਦੀਪ

# ਪਟਿਆਲਾ ਵਿੱਚ ਉਦਯੋਗਪਤੀਆਂ ਨਾਲ ਪੰਜਾਬ ਦੇ ਉਦਯੋਗ ਮੰਤਰੀ ਸੰਜੀਵ ਅਰੋੜਾ ਦੀ ਅਹਿਮ ਮੀਟਿੰਗ

### ➢ ਐਮਐਸਐਮਈ ਸੰਵਾਦ ਵਿੱਚ ਉਦਯੋਗ ਜਗਤ ਦੀਆਂ ਸਮੱਸਿਆਵਾਂ 'ਤੇ ਕੀਤਾ ਵਿਚਾਰ-ਵਟਾਂਦਰਾ ➢ ਉਦਯੋਗਾਂ ਦੇ ਮੁੱਦਿਆਂ 'ਤੇ ਸਰਕਾਰ ਸੰਵੇਦਨਸ਼ੀਲ: ਸੰਜੀਵ ਅਰੋੜਾ

ਪਟਿਆਲਾ,
-ਰੋਜ਼ਾਨਾ ਸਵੇਰਾ-

ਪਟਿਆਲਾ ਵਿੱਚ ਪੰਜਾਬ ਸਰਕਾਰ ਦੇ ਉਦਯੋਗ ਤੇ ਵਪਾਰ ਮੰਤਰੀ ਸੰਜੀਵ ਅਰੋੜਾ ਨੇ ਜ਼ਿਲ੍ਹਾ ਪੱਧਰੀ ਐਮਐਸਐਮਈ ਹਿੱਸੇਦਾਰ ਸੰਵਾਦ ਪ੍ਰੋਗਰਾਮ ਤਹਿਤ ਸ਼ਹਿਰ ਦੇ ਸੀਨੀਅਰ ਉਦਯੋਗਪਤੀਆਂ ਨਾਲ ਵਿਸ਼ੇਸ਼ ਮੀਟਿੰਗ ਕਰਕੇ ਉਦਯੋਗਿਕ ਵਿਕਾਸ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।

ਇਸ ਮੌਕੇ 'ਤੇ ਪਟਿਆਲਾ ਇੰਡਸਟ੍ਰੀਜ਼ ਐਸੋਸੀਏਸ਼ਨ ਵੱਲੋਂ ਮੰਤਰੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਟਿਆਲਾ ਦੀ ਵਿਸ਼ਵ ਪ੍ਰਸਿੱਧ ਸ਼ਾਹੀ ਫੁਲਕਾਰੀ ਅਤੇ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ।

ਐਸੋਸੀਏਸ਼ਨ ਦੇ ਪ੍ਰਧਾਨ ਜੈ ਨਾਰਾਇਣ ਗੋਇਲ ਦੀ ਅਗਵਾਈ ਹੇਠ ਪਹੁੰਚੇ ਪ੍ਰਤੀਨਿਧੀ ਮੰਡਲ ਵਿੱਚ ਸੀਨੀਅਰ ਸਲਾਹਕਾਰ ਨਰੇਸ਼ ਗੁਪਤਾ, ਅਸ਼ਵਨੀ ਗਰਗ, ਐਚ.ਪੀ.ਐਸ. ਲਾਂਬਾ, ਉਪ ਪ੍ਰਧਾਨ ਯਸ਼ ਮੋਹਿੰਦਰ, ਜਨਰਲ ਸਕੱਤਰ ਸੁਨੀਲ ਸੂਦ, ਖਜ਼ਾਨਚੀ ਰਾਕੇਸ਼ ਗੋਇਲ ਅਤੇ ਜੁਆਇੰਟ ਸਕੱਤਰ ਸਮੇਤ ਹੋਰ ਅਧਿਕਾਰੀ ਮੌਜੂਦ ਸਨ। ਮੀਟਿੰਗ ਦੌਰਾਨ ਉਦਯੋਗਪਤੀਆਂ ਨੇ ਪੰਜਾਬ ਦੀ ਨਵੀਂ ਉਦਯੋਗਿਕ ਨੀਤੀ 2026 ਦਾ ਸਵਾਗਤ ਕਰਦੇ ਹੋਏ ਇਸਨੂੰ ਉਦਯੋਗ ਜਗਤ ਲਈ ਸਕਾਰਾਤਮਕ ਅਤੇ ਦੂਰਦਰਸ਼ੀ ਕਦਮ ਕਰਾਰ ਦਿੱਤਾ।

Onwer, Publisher and Editor by Ramanpreet Singh. Printer by Vinod Kumar and Printed at The Caseeno Printing Press W/C I.S Ltd, Old Gaushala Market Near Post Office, Shop no. 13, Rampura Phul.
Published at Guru Nanak Pura Mohalla, Near Vishwash Mandir, Rampura Phul, Distt. Bathinda, Punjab (151103)
Editor : RamanpreetSingh RNI T.Code: PUNPUN04267 Mobile. 9803298016 E-mail: rozanasavera@gmail.com (Monthly Rozana Savera)
ਪ੍ਰਕਾਸ਼ਕ ਅਤੇ ਮਾਲਕ ਰਮਨਪ੍ਰੀਤ ਸਿੰਘ ਨੇ ਪ੍ਰਿੰਟਰ ਵਿਨੋਦ ਕੁਮਾਰ, ਦਾ ਕਸੀਨੋ ਪ੍ਰਿੰਟਿੰਗ ਪ੍ਰੈਸ, ਪੁਰਾਣੀ ਗਊਸ਼ਾਲਾ ਮਾਰਕਿਟ, ਨੇੜੇ ਪੋਸਟ ਆਫਿਸ, ਦੁਕਾਨ ਨੰ. 13 ਰਾਮਪੁਰਾ ਫੂਲ ਤੋਂ ਛਪਵਾ ਕੇ ਗੁਰੂ ਨਾਨਕ ਪੁਰਾ ਮੁਹੱਲਾ, ਨੇੜੇ ਵਿਸ਼ਵਾਸ ਮੰਦਿਰ, ਰਾਮਪੁਰਾ ਫੂਲ, ਜ਼ਿਲ੍ਹਾ ਬਠਿੰਡਾ ਤੋਂ ਪ੍ਰਕਾਸ਼ਿਤ ਕੀਤਾ।
ਸੰਪਾਦਕ : ਰਮਨਪ੍ਰੀਤ ਸਿੰਘ
ਨੋਟ: ਸੰਪਾਦਕ ਸਿਰਫ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜਿੰਮੇਵਾਰ। ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ ਬਠਿੰਡਾ ਅਦਾਲਤ ਵਿੱਚ ਹੀ ਹੋਵੇਗਾ।

# ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦੇ ਮੁ.ਫਤ ਇਲਾਜ ਦੀ ਸਹੂਲਤ: ਗੁਰਮੀਤ ਸਿੰਘ ਖੁੱਡੀਆਂ

## ਪੀ.ਆਰ.ਟੀ.ਸੀ. ਦੇ ਮੁਲਾਜਮਾਂ ਨੂੰ ਵੀ ਮਿਲਿਆ ਮੁੱਖ ਮੰਤਰੀ ਸਿਹਤ ਯੋਜਨਾ ਦਾ ਵੱਡਾ ਲਾਭ:ਹਰਪਾਲ ਜੁਨੇਜਾ

ਪਟਿਆਲਾ,
--ਅਮਰਜੀਤ ਸਿੰਘ ਲਾਂਬਾ-
-ਰੋਜ਼ਾਨਾ ਸਵੇਰਾ-



ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ, ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਸੂਬਾ ਨਿਵਾਸੀਆਂ ਨਾਲ ਕੀਤੇ ਸਾਰੇ ਵਾਅਦੇ ਆਪਣੀਆਂ ਗਰੰਟੀਆਂ ਪੂਰੀਆਂ ਕਰਕੇ ਨਿਭਾਅ ਦਿੱਤੇ ਹਨ।

ਖੇਤੀਬਾੜੀ ਮੰਤਰੀ ਖੁੱਡੀਆਂ ਅੱਜ ਇੱਥੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਆਮ ਲੋਕਾਂ ਲਈ ਮੁੱਖ ਮੰਤਰੀ ਸਿਹਤ ਯੋਜਨਾ ਕੇ ਕਾਰਡ ਬਣਵਾਉਣ ਲਈ ਮਹਾਰਾਣੀ ਕਲੱਬ ਵਿਖੇ ਲਗਾਏ ਜਾ ਰਹੇ ਵਿਸ਼ੇਸ਼ ਕੈਂਪ ਦਾ ਉਦਘਾਟਨ ਕਰਨ ਪੁੱਜੇ ਹੋਏ ਸਨ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਹੇਠ ਪੰਜਾਬ ਦੀ ਜਨਤਾ ਨੂੰ ਮੁਫਤ ਮੈਡੀਕਲ ਸਹੂਲਤ ਦੇਣ ਲਈ ਸਿਹਤ ਯੋਜਨਾ ਦੇ ਕਾਰਡ ਬਣਾਉਣ ਸਬੰਧੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਰਾਜ ਦੇ 65 ਲੱਖ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੀ ਮੁਫਤ ਮੈਡੀਕਲ ਸਹੂਲਤ ਦਿੱਤੀ ਜਾਵੇਗੀ।

ਗੁਰਮੀਤ ਸਿੰਘ ਖੁੱਡੀਆਂ ਨੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਕੀਤੇ ਗਏ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੀ.ਆਰ.ਟੀ.ਸੀ ਦੇ ਮੁਲਾਜਮਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਦੇਣ ਲਈ ਮਿਤੀ 01 ਅਪ੍ਰੈਲ 2026 ਪਹਿਲਾਂ ਇਹ ਕੈਂਪ ਲਾਉਣ ਦੀ ਸ਼ੁਰੂਆਤ ਪੀ.ਆਰ.ਟੀ.ਸੀ ਦੇ ਮੁੱਖ ਦਫਤਰ ਨਾਭਾ ਰੋਡ ਵਿਖੇ ਕੀਤੀ ਗਈ ਸੀ।

ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਹ ਕੈਂਪ ਲਗਾਤਾਰ 12 ਅਪ੍ਰੈਲ ਤੱਕ ਲਗਾਇਆ ਜਾਵੇਗਾ ਅਤੇ ਜਿੱਥੇ ਅਦਾਰੇ ਦੇ ਬਾਕੀ ਰਹਿੰਦੇ ਸਾਰੇ ਮੁਲਾਜਮਾਂ ਦੇ ਵੀ ਕਾਰਡ ਬਣਾਏ ਜਾਣਗੇ, ਉਥੇ ਹੀ ਆਮ ਲੋਕਾਂ ਲਈ ਵੀ ਇਹ ਕਾਰਡ ਬਣਾਏ ਜਾ ਰਹੇ ਹਨ।

ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਸ ਸਹੂਲਤ ਦਾ ਲਾਭ ਪਟਿਆਲਾ ਵਾਸੀਆਂ ਨੂੰ ਦੇਣ ਲਈ ਇਹ ਤਿੰਨ ਰੋਜ਼ਾ ਕੈਂਪ ਮਹਾਰਾਣੀ ਤੇ ਜਿੰਮਖਾਨਾ ਕਲੱਬ ਵਿਖੇ ਲਗਾਇਆ ਜਾ ਰਿਹਾ ਹੈ, ਜਿਸ ਦਾ ਅੱਜ ਉਦਘਾਟਨ ਖੇਤੀਬਾੜੀ ਮੰਤਰੀ ਨੇ ਕੀਤਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਆਪਣੇ ਵੱਧ ਤੋਂ ਵੱਧ ਕਾਰਡ ਬਣਵਾ ਕੇ ਇਸ ਸਹੂਲਤ ਦਾ ਲਾਭ ਲੈਣ ਦਾ ਸੱਦਾ ਦਿਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਰਾਜ ਦੇ ਲੋਕਾਂ ਨੂੰ ਲਗਾਤਾਰ ਸਹੂਲਤਾਂ ਦਾ ਲਾਭ ਦਿੱਤਾ ਜਾ ਰਿਹਾ ਹੈ, ਜਿਸ ਕਰਕੇ ਸੂਬਾ ਨਿਵਾਸੀ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪੂਰੇ ਖੁਸ਼ ਹਨ।

# ਗੁਰਨਾਮ ਸਿੰਘ ਢੈਠਲ ਸਰਬ ਸਮੰਤੀ ਨਾਲ ਬਣੇ ਬੀਕੇਯੂ ਕ੍ਰਾਂਤੀਕਾਰੀ ਦੇ ਜਿਲ੍ਹਾ ਪ੍ਰਧਾਨ



ਸਮਾਣਾ,
-ਰੋਜ਼ਾਨਾ ਸਵੇਰਾ-

ਗੁਰਦੁਆਰਾ ਈਸ਼ਰਸਰ ਸਾਹਿਬ ਢੈਠਲ ਵਿਖੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰ ਦੇ ਜ਼ਿਲ੍ਹਾ ਪਟਿਆਲਾ ਦਾ ਇਜਲਾਸ ਸੂਬਾ ਪ੍ਰਾਪੇਗੰਡਾ ਸੈਕਟਰੀ ਰਣਜੀਤ ਸਿੰਘ ਸਵਾਜਪੁਰ ਦੀ ਪ੍ਰਧਾਨਗੀ ਹੇਠ ਹੋਇਆ। ਜਿਸ ਵਿਚ ਸਰਬ ਸਮੰਤੀ ਨਾਲ ਗੁਰਨਾਮ ਸਿੰਘ ਢੈਂਠਲ ਨੂੰ ਜਿਲ੍ਹਾ ਪਟਿਆਲਾ ਦਾ ਪ੍ਰਧਾਨ ਚੁਣਿਆ ਗਿਆ ਜਦੋਂਕਿ ਸੁਖਜਿੰਦਰ ਸਿੰਘ ਕੁਲਾਰਾਂ ਨੂੰ ਜੱਥੇਬੰਦੀ ਦਾ ਜਿਲ੍ਹਾ ਪ੍ਰੈਸ ਸਕੱਤਰ ਨਿਯੁੱਕਤ ਕੀਤਾ ਗਿਆ।ਇਸੇ ਤਰ੍ਹਾਂ ਬਲਜਿੰਦਰ ਸਿੰਘ ਢੀਡਸਾ ਸੀਨੀਅਰ ਮੀਤ ਪ੍ਰਧਾਨ, ਅੰਗਰੇਜ ਸਿੰਘ ਰਤਨਹੇੜੀ ਮੀਤ ਪ੍ਰਧਾਨ, ਬਲਜੀਤ ਸਿੰਘ ਬਹਿਬਲਪੁਰ ਜਨਰਲ ਸਕੱਤਰ, ਪ੍ਰੀਤ ਮਹਿੰਦਰ ਸਿੰਘ ਪਟਿਆਲਾ ਖਜਾਨਚੀ, ਰਾਮਫਲ ਸਹਾਇਕ ਸਕੱਤਰ, ਪਰਵਿੰਦਰ ਸਿੰਘ ਸਮਾਣਾ ਪ੍ਰੈਸ ਸਕੱਤਰ, ਜਸਵਿੰਦਰ ਢਿੱਲੋ ਸ਼ੇਰਮਾਜਰਾ ਪਰਾਪੇਗੰਡਾ ਸੈਕਟਰੀ, ਰਣਜੀਤ ਸਿੰਘ ਵਜੀਦਪੁਰ ਜਥੇਬੰਦਕ ਸਕੱਤਰ, ਸੁਖਵਿੰਦਰ ਸਿੰਘ ਮੰਡੌਰ ਮੀਤ ਪ੍ਰਧਾਨ, ਕੇਹਰ ਸਿੰਘ ਅਰਨੋ ਜੋਇੰਟ ਸਕੱਤਰ, ਅਜੈਬ ਸਿੰਘ ਲੌਟ ਸੀਨੀਅਰ ਮੀਤ ਪ੍ਰਧਾਨ ਅਤੇ ਅੱਤਰ ਸਿੰਘ ਗਲੌਲੀ ਐਗਜੈਕਟਿਵ ਕਮੇਟੀ ਮੈਂਬਰ ਚੁਣੇ ਗਏ।

ਜਰਨੈਲ ਸਿੰਘ ਕਾਲੇਕੇ ਸੂਬਾ ਪ੍ਰੈਸ ਸਕੱਤਰ ਨੇ ਇਜਲਾਸ ਨੂੰ ਸੰਬੋਧਨ ਕਰਦਿਆਂ ਹੋਇਆ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਕਿਸਾਨੀ ਮੰਗਾਂ ਜਿਵੇਂ ਕਿ ਸੀਡ ਬਿਲ, ਬਿਜਲੀ ਬਿੱਲ ਅਤੇ ਅਮਰੀਕਾ ਭਾਰਤ ਵਪਾਰ ਸਮਝੌਤਾ ਰੱਦ ਕਰਾਉਣ, ਸ਼ੰਭੂ ਖਨੌਰੀ ਬਾਡਰਾਂ ਤੇ ਕਿਸਾਨਾਂ ਦੇ ਨੁਕਸਾਨ ਦੀ ਭਰਪਾਈ ਕਰਵਾਉਣ ਲਈ ਘੋਲ ਤੇਜ ਕੀਤੇ ਜਾਣਗੇ।

ਨਵੇਂ ਚੁਣੇ ਜਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਠਲ ਨੇ ਆਏ ਲੋਕਾਂ ਦਾ ਧੰਨਵਾਦ ਕੀਤਾ ਅਤੇ ਵਾਦਾ ਕੀਤਾ ਕਿ ਉਹ ਚੇਅਰਮੈਨ ਸੁਰਜੀਤ ਸਿੰਘ ਫੂਲ ਅਤੇ ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ ਦੀ ਯੋਗ ਅਗਵਾਈ ਵਿੱਚ ਜਥੇਬੰਦੀ ਨੂੰ ਮਜਬੂਤ ਕਰਨ ਅਤੇ ਕਿਸਾਨੀ ਮੰਗਾਂ ਤੇ ਘੋਲ ਲੜਨ ਲਈ ਤਨੋ ਮਨੋ ਮਿਹਨਤ ਕਰਨਗੇ। ਇਸ ਮੌਕੇ ਸਮਾਣਾ, ਪਾਤੜਾਂ, ਪਟਿਆਲਾ, ਸਨੌਰ, ਭਾਦਸੋ ਬਲਾਕ ਦੇ ਸਮੂਹ ਕਿਸਾਨ ਆਗੂ ਹਾਜ਼ਰ ਸਨ।

# ਵੀਰ ਹਕੀਕਤ ਰਾਏ ਸਕੂਲ ਦੀ 8ਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ





ਪਟਿਆਲਾ,
-ਰੋਜ਼ਾਨਾ ਸਵੇਰਾ-

ਵੀਰ ਹਕੀਕਤ ਰਾਏ ਸਕੂਲ ਦੇ 8ਵੀਂ ਜਮਾਤ ਦੇ ਨਤੀਜੇ ਵਿੱਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕੁਲ 71 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਅਤੇ ਸਾਰੇ ਵਿਦਿਆਰਥੀ ਵਧੀਆ ਅੰਕ ਪ੍ਰਾਪਤ ਕਰਕੇ ਪਾਸ ਹੋਏ। ਜਿਸ ਵਿੱਚ ਖ਼ੁਸ਼ ਨੇ 94% ਪਹਿਲਾ ਸਥਾਨ, ਕ੍ਰਿਤਿਕਾ ਗੋਇਲ 92.3% ਦੂਜਾ ਸਥਾਨ ਅਤੇ ਸਾਕਸ਼ੀ ਨੇ 90% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਤਿੰਨ ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ, 19 ਵਿਦਿਆਰਥੀਆਂ ਨੇ 80/% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦੇ ਨਾਂ ਨੂੰ ਚਾਰ ਚੰਨ ਲਾਏ। ਇਸ ਮੌਕੇ ਸਕੂਲ ਪ੍ਰਿੰਸੀਪਲ ਸਰਲਾ ਭਟਨਾਗਰ ਤੇ ਸਕੂਲ ਸਭਾ ਦੇ ਪ੍ਰਧਾਨ ਵਿਪਨ ਸ਼ਰਮਾ ਦੁਆਰਾ ਹੋਣਹਾਰ ਵਿਦਿਆਰਥੀਆਂ ਨੂੰ ਹਾਰ ਅਤੇ ਮੈਡਲ ਪਾ ਕੇ ਤੇ ਟਰਾਫੀਆਂ ਦੇ ਕੇ ਮਾਪਿਆਂ ਦੀ ਹਾਜ਼ਰੀ ਵਿੱਚ ਮੂੰਹ ਮਿੱਠਾ ਕਰਵਾ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਭਾ ਦੇ ਪ੍ਰਧਾਨ ਵਿਪਨ ਸ਼ਰਮਾ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਦਿੱਤੇ ਸਹਿਯੋਗ ਲਈ ਧੰਨਵਾਦ ਕੀਤਾ। ਪ੍ਰਧਾਨ ਵਿਪਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਲਈ ਆਸ਼ੀਰਵਾਦ ਦਿੱਤਾ।

# ਸੂਬੇ 'ਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਪੰਜਾਬ ਸਰਕਾਰ



ਜਲੰਧਰ,
-ਰੋਜ਼ਾਨਾ ਸਵੇਰਾ-

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸਕੂਲ ਖੇਡਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਵਡਮੁੱਲੇ ਯੋਗਦਾਨ ਲਈ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਦਾ ਸਨਮਾਨ ਕਰਦਿਆਂ ਪੰਜਾਬ ਸਰਕਾਰ ਦੀ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਦੁਹਰਾਈ।

ਇਥੇ ਲਾ ਬਲਾਸਮ ਸਕੂਲ ਵਿਖੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਰਾਜ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਸੂਬੇ ਨੂੰ ਖੇਡਾਂ ਦੇ ਖੇਤਰ ਵਿੱਚ ਵੀ ਮੋਹਰੀ ਬਣਾਉਣ ਲਈ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਤਵਜੋਂ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਖੇਡਾਂ ਲਈ 1790 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਇਸ ਮੌਕੇ 'ਆਪ' ਆਗੂ ਰਾਜਵਿੰਦਰ ਕੌਰ ਥਿਆੜਾ ਵੀ ਮੌਜੂਦ ਸਨ।

# ਪੀ.ਐਲ.ਡਬਲਯੂ ਵੱਲੋਂ 35ਵੀਂ ਆਲ ਇੰਡੀਆ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 ਦਾ ਆਗਾਜ਼

ਪਟਿਆਲਾ,
-ਰੋਜ਼ਾਨਾ ਸਵੇਰਾ-



ਪਟਿਆਲਾ ਲੋਕੋਮੋਟਿਵ ਵਰਕਸ (ਪੀਐਲਡਬਲਯੂ) ਵਿੱਚ 35ਵੀਂ ਆਲ ਇੰਡੀਆ ਰੇਲਵੇ ਮਹਿਲਾ ਕ੍ਰਿਕਟ ਚੈਂਪੀਅਨਸ਼ਿਪ 2025-26 ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਸ ਚੈਂਪੀਅਨਸ਼ਿਪ ਵਿੱਚ ਭਾਰਤੀ ਰੇਲਵੇ ਦੀਆਂ ਵੱਖ-ਵੱਖ ਇਕਾਈਆਂ ਦੀਆਂ 09 ਟੀਮਾਂ ਭਾਗ ਲੈ ਰਹੀਆਂ ਹਨ। ਟੂਰਨਾਮੈਂਟ ਦੌਰਾਨ ਕੁੱਲ 20 ਮੈਚ ਖੇਡੇ ਜਾਣਗੇ, ਜੋ ਭਾਰਤੀ ਰੇਲਵੇ ਦੀਆਂ ਮਹਿਲਾ ਖਿਡਾਰੀਆਂ ਦੀ ਪ੍ਰਤਿਭਾ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨਗੇ। ਇਸ ਚੈਂਪੀਅਨਸ਼ਿਪ ਦਾ ਰਸਮੀ ਉਦਘਾਟਨ ਸ਼੍ਰੀ ਸੁਸ਼ੀਲ ਕੁਮਾਰ ਸ਼੍ਰੀਵਾਸਤਵ, ਪ੍ਰਿੰਸਿਪਲ ਚੀਫ ਐਡਮਿਨਿਸਟ੍ਰੇਟਿਵ ਅਫਸਰ (ਪੀਸੀਏਓ)/ਪੀਐਲਡਬਲਯੂ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਟੂਰਨਾਮੈਂਟ ਦਾ ਉਦਘਾਟਨ ਕਰਦੇ ਹੋਏ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਉਤਸ਼ਾਹਪੂਰਵਕ ਅਤੇ ਸਫਲ ਪ੍ਰਦਰਸ਼ਨ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਉਦਘਾਟਨੀ ਮੈਚ ਵਿੱਚ ਵੈਸਟਰਨ ਰੇਲਵੇ ਨੇ ਨਾਰਦਰਨ ਰੇਲਵੇ ਨੂੰ 08 ਵਿਕਟਾਂ ਨਾਲ ਹਰਾਇਆ। ਇਸ ਮੈਚ ਵਿੱਚ ਮਿਸ ਨੁਜ਼ਹਤ ਪਰਵੀਨ ਨੇ 41 ਰਨ ਬਣਾਕੇ ਆਪਣੀ ਟੀਮ ਦੀ ਜਿੱਤ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਦੂਜੇ ਮੈਚ ਵਿੱਚ SCR ਨੇ NFR ਨੂੰ 07 ਵਿਕਟਾਂ ਨਾਲ ਹਰਾਇਆ। ਇਸ ਮੈਚ ਵਿੱਚ ਮਿਸ ਆਸ਼ਾ ਸ਼ੋਭਨਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 79 ਰਨ ਬਣਾਏ ਅਤੇ ਆਪਣੀ ਟੀਮ ਨੂੰ ਜਿੱਤ ਦਿਵਾਈ।

## ਪ੍ਰਨੀਤ ਕੌਰ ਦੇ ਯਤਨਾਂ ਸਦਕਾ ਹਾਂਸੀ-ਬੁਟਾਣਾ ਨਹਿਰ ਦੀ ਸਫ਼ਾਈ ਸ਼ੁਰੂ

# ਅਸੀ ਆਪਣੇ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤਤਪਰ ਹਾਂ: ਪ੍ਰਨੀਤ ਕੌਰ

ਪਟਿਆਲਾ,
-ਰੋਜ਼ਾਨਾ ਸਵੇਰਾ-



ਹਲਕਾ ਸਮਾਣਾ ਦੇ ਕਿਸਾਨਾਂ ਅਤੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਅੱਜ ਪੂਰੀ ਹੋ ਗਈ ਹੈ। ਹਾਂਸੀ-ਬੁਟਾਣਾ ਨਹਿਰ ਵਿੱਚ ਘੱਗਰ ਦਰਿਆ ਦੇ ਪਾਣੀ ਕਾਰਨ ਲੱਗਣ ਵਾਲੀ ਡਾਫ ਅਤੇ ਨਹਿਰ ਦੀ ਸਫ਼ਾਈ ਨਾ ਹੋਣ ਕਾਰਨ ਪੈਦਾ ਹੋਣ ਵਾਲੀ ਹੜ੍ਹ ਦੀ ਸਥਿਤੀ ਨੂੰ ਗੰਭੀਰਤਾ ਨਾਲ ਲੈਂਦਿਆਂ, ਹਰਿਆਣਾ ਸਰਕਾਰ ਵੱਲੋਂ ਨਹਿਰ ਦੀ ਸਫ਼ਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।

ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਦੱਸਿਆ ਕਿ ਹਾਂਸੀ-ਬੁਟਾਣਾ ਨਹਿਰ ਦੀ ਸਫ਼ਾਈ ਨਾ ਹੋਣ ਕਾਰਨ ਹਰ ਸਾਲ ਮਾਨਸੂਨ ਦੌਰਾਨ ਦਰਜਨਾਂ ਪਿੰਡਾਂ ਦੀ ਸੈਂਕੜੇ ਏਕੜ ਫ਼ਸਲ ਪਾਣੀ ਦੀ ਮਾਰ ਹੇਠ ਆ ਕੇ ਬਰਬਾਦ ਹੋ ਜਾਂਦੀ ਸੀ।

ਉਨ੍ਹਾਂ ਕਿਹਾ, ਪਿੰਡ ਵਾਸੀਆਂ ਨੇ ਇਸ ਸਬੰਧੀ ਲੰਬਾ ਸੰਘਰਸ਼ ਲੜਿਆ ਅਤੇ ਅਸੀਂ ਲਗਾਤਾਰ ਇਸ ਮਸਲੇ ਨੂੰ ਹੱਲ ਕਰਵਾਉਣ ਲਈ ਕੇਂਦਰ ਸਰਕਾਰ ਦੇ ਸਬੰਧਤ ਮੰਤਰਾਲਿਆਂ ਅਤੇ ਹਰਿਆਣਾ ਸਰਕਾਰ ਤੱਕ ਪਹੁੰਚ ਕੀਤੀ ਸੀ।

ਪ੍ਰਨੀਤ ਕੌਰ ਨੇ ਅੱਗੇ ਦੱਸਿਆ ਕਿ ਉਨ੍ਹਾਂ ਨੇ ਸੰਘਰਸ਼ ਕਮੇਟੀ ਦੇ ਮੈਂਬਰਾਂ ਨੂੰ ਨਾਲ ਲੈ ਕੇ ਚੰਡੀਗੜ੍ਹ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਸੀ। ਇਸ ਮੁਲਾਕਾਤ ਦੌਰਾਨ ਕਿਸਾਨਾਂ ਨੂੰ ਹੋਣ ਵਾਲੇ ਮਾਲੀ ਨੁਕਸਾਨ ਅਤੇ ਇਲਾਕੇ ਦੀ ਭੂਗੋਲਿਕ ਸਥਿਤੀ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ ਗਿਆ ਸੀ। ਇਨ੍ਹਾਂ ਅਣਥੱਕ ਯਤਨਾਂ ਦੇ ਸਿੱਟੇ ਵਜੋਂ ਹੁਣ ਸਫ਼ਾਈ ਪ੍ਰਕਿਰਿਆ ਆਰੰਭ ਹੋਈ ਹੈ।

ਹਰਿਆਣਾ ਦੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ, ਮੈਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਜੀ ਦੀ ਧੰਨਵਾਦੀ ਹਾਂ ਕਿ ਉਨ੍ਹਾਂ ਨੇ ਸਾਡੀ ਬੇਨਤੀ ਨੂੰ ਸਵੀਕਾਰ ਕਰਦਿਆਂ ਕਿਸਾਨਾਂ ਦੇ ਹਿੱਤ ਵਿੱਚ ਇਹ ਸ਼ਲਾਘਾਯੋਗ ਫੈਸਲਾ ਲਿਆ ਹੈ। ਇਸ ਕਾਰਜ ਨਾਲ ਨਾ ਸਿਰਫ਼ ਪਾਣੀ ਦਾ ਵਹਾਅ ਠੀਕ ਹੋਵੇਗਾ, ਸਗੋਂ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਦੀ ਆਰਥਿਕਤਾ ਵੀ ਸੁਰੱਖਿਅਤ ਹੋਵੇਗੀ।

ਅੰਤ ਵਿੱਚ ਪ੍ਰਨੀਤ ਕੌਰ ਨੇ ਸਮੂਹ ਪਿੰਡ ਵਾਸੀਆਂ ਨੂੰ ਇਸ ਜਿੱਤ ਲਈ ਵਧਾਈ ਦਿੰਦਿਆਂ ਮੁੜ ਦੁਹਰਾਇਆ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣਗੇ।

# ਫੀਲਖਾਨਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਨੂੰ ਸਮਰਪਿਤ ਪੇਂਟਿੰਗ ਪ੍ਰਤੀਯੋਗਤਾ




ਪਟਿਆਲਾ,
-ਰੋਜ਼ਾਨਾ ਸਵੇਰਾ-

ਪੰਜਾਬ ਸਰਕਾਰ ਦੇ ਨੇਕ ਉਪਰਾਲੇ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਪ੍ਰਕਾਸ਼ ਪੁਰਬ ਦੇ ਪ੍ਰੋਗਰਾਮਾਂ ਤਹਿਤ ਸਕੂਲ ਆਫ ਐਮੀਨੈਂਸ ਫੀਲਖਾਨਾ ਪਟਿਆਲਾ ਵਿਖੇ, ਸਟੇਟ ਅਵਾਰਡੀ ਪ੍ਰਿੰਸੀਪਲ ਡਾਕਟਰ ਰਜਨੀਸ਼ ਗੁਪਤਾ ਜੀ ਦੀ ਅਗਵਾਈ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਚਿੱਤਰ ਦੀ ਪੈਂਟਿੰਗ ਪ੍ਰਤਿਯੋਗਿਤਾ ਕਰਵਾਈ ਗਈ, ਜਿਸ ਵਿੱਚ ਨੌਵੀਂ ਤੋਂ ਬਾਰਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਨੇ ਭਾਗ ਲਿਆ, ਇਸ ਮੌਕੇ ਪ੍ਰੋਗਰਾਮ ਦੇ ਨੋਡਲ ਆਫਿਸਰ ਸ੍ਰੀ ਮਨੋਜ ਥਾਪਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਅਪ੍ਰੈਲ 2026 ਤੋਂ ਲੈ ਕੇ 2027 ਤੱਕ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਪੂਰੇ ਪੰਜਾਬ ਵਿੱਚ ਮਨਾਉਣ ਸਬੰਧੀ ਮਹੀਨਾਵਾਰ ਵੱਖ-ਵੱਖ ਪ੍ਰੋਗਰਾਮ ਉਲੀਕੇ ਹਨ, ਜਿਸ ਵਿੱਚ ਪੰਜਾਬ ਭਰ ਦੇ ਸਕੂਲਾਂ ਕਾਲਜਾਂ ਅਤੇ ਯੂਨੀਵਰਸਿਟੀਆਂ ਆਦਿ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੀ ਸਿੱਖਿਆਵਾਂ ਦੀ ਸੁੰਹ ਚੁੱਕਣਾ, ਪੇਂਟਿੰਗ ਪ੍ਰਤਿਯੋਗਤਾ ਅਤੇ ਯਾਤਰਾਵਾਂ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਅਪ੍ਰੈਲ ਮਹੀਨੇ ਦੇ ਵਿੱਚ ਫੀਲਖਾਨਾ ਸਕੂਲ ਵਿਖੇ ਪ੍ਰਕਾਸ਼ ਪੁਰਬ ਦੇ ਪ੍ਰੋਗਰਾਮਾਂ ਦੀ ਸ਼ੁਰੂਆਤ ਕਰਵਾਈ ਗਈ ਸੀ। ਅਪ੍ਰੈਲ ਮਹੀਨੇ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਵਿਚਾਰਾਂ ਨੂੰ ਘਰ ਘਰ ਤੱਕ ਪਹੁੰਚਾਉਣ ਲਈ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਸੁੰਹ ਚੁੱਕੀ ਸੀ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸ੍ਰੀ ਰਜਨੀਸ਼ ਗੁਪਤਾ ਜੀ ਨੇ ਦੱਸਿਆ ਕਿ ਫੀਲਖਾਨਾ ਸਕੂਲ ਵੱਲੋਂ ਸਰਕਾਰ ਦੇ ਨਿਰਦੇਸ਼ਾਂ ਤਹਿਤ ਜੋ ਵੀ ਪ੍ਰੋਗਰਾਮ ਉਲੀਕਿਆ ਗਿਆ ਹੈ, ਉਸ ਲੜੀ ਤਹਿਤ ਸਕੂਲ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ, ਇਹ ਕਮੇਟੀ ਸਰਕਾਰ ਵੱਲੋਂ ਜਾਰੀ ਕੈਲੰਡਰ ਤਹਿਤ ਪ੍ਰੋਗਰਾਮ ਕਰਵਾਉਣ ਦਾ ਪ੍ਰਬੰਧ ਕਰੇਗੀ। ਇਹਨਾਂ ਪ੍ਰੋਗਰਾਮਾਂ ਦੀ ਵਿਸ਼ੇਸ਼ ਪ੍ਰੈਸ ਕਵਰੇਜ ਸਕੂਲ ਦੇ ਮੀਡੀਆ ਕੋਆਰਡੀਨੇਟਰ ਸ੍ਰੀ ਅਕਸ਼ੇ ਕਨੌਗੀ ਜੀ ਕਰ ਰਹੇ ਹਨ ,ਇਸ ਮੌਕੇ ਕਮੇਟੀ ਦੇ ਸਹਾਇਕ ਨੋਡਲ ਅਫਸਰ ਲੈਕਚਰਾਰ ਸ੍ਰੀ ਹਰਪ੍ਰੀਤ, ਮੈਂਬਰ ਮੈਡਮ ਮਨਦੀਪ ਕੌਰ ,ਮੈਡਮ ਕਰਮਜੀਤ ਕੌਰ, ਮੈਡਮ ਨੀਤੂ, ਸ੍ਰੀ ਜਸਦੀਪ ਸਿੰਘ ਅਤੇ ਮੈਡਮ ਰਾਜੀਵ ਕੁਮਾਰੀ ਆਦਿ ਨੇ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿੱਚ ਵਿਸ਼ੇਸ਼ ਭੂਮਿਕਾ ਅਦਾ ਕੀਤੀ।

# ਆਯੁਸ਼ਮਾਨ ਆਰੋਗਯ ਮੰਦਿਰਾਂ ਅਤੇ ਸ਼ਹਿਰੀ ਆਯੁਸ਼ਮਾਨ ਆਰੋਗਯ ਮੰਦਿਰਾਂ ਦੇ ਕਾਰਜਾਂ ਦੀ ਸਮੀਖਿਆ ਮੀਟਿੰਗ ਆਯੋਜਿਤ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-

ਅੱਜ ਯੂ.ਟੀ. ਸਕੱਤਰੇਤ ਵਿਖੇ ਸ਼੍ਰੀ ਮਨਦੀਪ ਸਿੰਘ ਬਰਾੜ, ਸਕੱਤਰ ਸਿਹਤ, ਯੂਟੀ ਚੰਡੀਗੜ੍ਹ ਪ੍ਰਸ਼ਾਸਨ ਦੀ ਪ੍ਰਧਾਨਗੀ ਵਿੱਚ ਆਯੁਸ਼ਮਾਨ ਆਰੋਗਯ ਮੰਦਿਰਾਂ (ਏਐੈਮਜ਼) ਅਤੇ ਸ਼ਹਿਰੀ ਆਯੁਸ਼ਮਾਨ ਆਰੋਗਯ ਮੰਦਿਰਾਂ ਯੂਏਐੈਮਜ਼ ਦੇ ਕਾਰਜਾਂ ਦੀ ਸਮੀਖਿਆ ਹਿਤ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੰਯੁਕਤ ਸਕੱਤਰ ਸਿਹਤ, ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ-ਅਤੇ-ਮਿਸ਼ਨ ਡਾਇਰੈਕਟਰ (ਐੱਨਐੱਚਐੱਮ/NHM), ਨੋਡਲ ਅਫ਼ਸਰ (ਐੱਨਐੱਚਐੱਮ/©8$) ਅਤੇ ਸਾਰੇ ਆਯੁਸ਼ਮਾਨ ਆਰੋਗਯ ਮੰਦਿਰਾਂ (ਏਐੱਮਜ਼/AAMs) ਅਤੇ ਸ਼ਹਿਰੀ ਆਯੁਸ਼ਮਾਨ ਆਰੋਗਯ ਮੰਦਿਰਾਂ (ਯੂਏਐੱਮਜ਼/UAAMs) ਦੇ ਸਾਰੇ ਮੈਡੀਕਲ ਅਫ਼ਸਰ ਇੰਚਾਰਜ ਉਪਸਥਿਤ ਰਹੇ। ਮੀਟਿੰਗ ਵਿੱਚ ਇਹ ਰੇਖਾਂਕਿਤ ਕੀਤਾ ਗਿਆ ਕਿ ਆਯੁਸ਼ਮਾਨ ਆਰੋਗਯ ਮੰਦਿਰ (ਏਐੱਮਜ਼/AAMs) ਅਤੇ ਸ਼ਹਿਰੀ ਆਯੁਸ਼ਮਾਨ ਆਰੋਗਯ ਮੰਦਿਰ (ਯੂਏਐੱਮਜ਼/UAAMs) ਪ੍ਰਾਇਮਰੀ ਸਿਹਤ ਸੰਭਾਲ਼ ਕੇਂਦਰਾਂ ਦੇ ਰੂਪ ਵਿੱਚ ਕਾਰਜ ਕਰਦੇ ਹਨ ਅਤੇ ਲਾਭਾਰਥੀਆਂ ਲਈ ਪਹਿਲੇ ਸੰਪਰਕ ਬਿੰਦੂ ਹੁੰਦੇ ਹਨ। ਇਸ ਲਈ, ਇਨ੍ਹਾਂ ਸੰਸਥਾਵਾਂ ਨੂੰ ਮਜ਼ਬੂਤ ਕਰਨਾ ਅਤਿਅੰਤ ਜ਼ਰੂਰੀ ਹੈ, ਜਿਸ ਨਾਲ ਸੈਕੰਡਰੀ ਅਤੇ ਤੀਜੇ ਦਰਜੇ ਦੀਆਂ ਸਿਹਤ ਸੰਭਾਲ਼ ਸੰਸਥਾਵਾਂ 'ਤੇ ਭਾਰ ਘੱਟ ਕੀਤਾ ਜਾ ਸਕੇ।

ਮੀਟਿੰਗ ਦੇ ਦੌਰਾਨ ਚੇਅਰਪਰਸਨ ਨੇ ਵਿਭਿੰਨ ਸਿਹਤ ਸੰਸਥਾਵਾਂ ਦੇ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਮੈਡੀਕਲ ਅਫ਼ਸਰ ਇੰਚਾਰਜਾਂ ਤੋਂ ਉਨ੍ਹਾਂ ਦੇ ਆਪਣੇ-ਆਪਣੇ ਕੇਂਦਰਾਂ ਵਿੱਚ ਸ਼ਨਾਖ਼ਤ ਕੀਤੀਆਂ ਗਈਆਂ ਕਮੀਆਂ, ਕਾਰਜਭਾਰ ਅਤੇ ਲਾਗੂ ਕੀਤੀਆਂ ਜਾ ਰਹੀਆਂ ਇਨੋਵੇਸ਼ਨਾਂ ਦੇ ਸਬੰਧ ਵਿੱਚ ਜਾਣਕਾਰੀ ਪ੍ਰਾਪਤ ਕੀਤੀ। ਅਧਿਕਾਰੀਆਂ ਨੇ ਆਪਣੇ ਸਿਹਤ ਕੇਂਦਰਾਂ ਦੇ ਕਾਰਜ ਖੇਤਰ, ਮਰੀਜ਼ਾਂ ਦੇ ਭਾਰ, ਚੁਣੌਤੀਆਂ ਅਤੇ ਸੇਵਾ ਸੁਧਾਰ ਹਿਤ ਅਪਣਾਈਆਂ ਜਾ ਰਹੀਆਂ ਬਿਹਤਰੀਨ ਪ੍ਰਕਿਰਿਆਵਾਂ ਦੀ ਜਾਣਕਾਰੀ ਦਿੱਤੀ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਚ ਖੰਨਾ ਪੁਲਿਸ ਦੀ ਵੱਡੀ ਕਾਮਯਾਬੀ : ਐਸਐਸਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਨੂੰ ਜਥੇਬੰਦੀਆਂ ਵੱਲੋਂ ਖੁੱਲ੍ਹੀ ਸ਼ਲਾਘਾ

ਲੁਧਿਆਣਾ,
-ਰੋਜ਼ਾਨਾ ਸਵੇਰਾ-




ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਖੰਨਾ ਪੁਲਿਸ ਵੱਲੋਂ ਕੀਤੇ ਜਾ ਰਹੇ ਪ੍ਰਭਾਵਸ਼ਾਲੀ ਯਤਨਾਂ ਨੂੰ ਸਮਾਜਿਕ ਜਥੇਬੰਦੀਆਂ ਵੱਲੋਂ ਭਰਪੂਰ ਸਮਰਥਨ ਅਤੇ ਸ਼ਲਾਘਾ ਮਿਲ ਰਹੀ ਹੈ। ਖੰਨਾ ਦੇ ਐਸਐਸਪੀ ਡਾ. ਦਰਪਣ ਆਹਲੂਵਾਲੀਆ ਦੀ ਅਗਵਾਈ ਹੇਠ ਪੁਲਿਸ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੇ ਇਲਾਕੇ ਵਿੱਚ ਸਕਾਰਾਤਮਕ ਬਦਲਾਅ ਲਿਆਉਣਾ ਸ਼ੁਰੂ ਕਰ ਦਿੱਤਾ ਹੈ।

ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਦੱਸਿਆ ਕਿ ਮੀਟ ਮਾਰਕੀਟ ਇਲਾਕਾ, ਜਿਸਨੂੰ ਪਹਿਲਾਂ ਨਸ਼ਾ ਤਸਕਰੀ ਦਾ ਹੌਟ ਸਪੌਟ ਮੰਨਿਆ ਜਾਂਦਾ ਸੀ, ਉੱਥੇ ਹੁਣ ਨਸ਼ਿਆਂ 'ਤੇ ਕਾਫੀ ਹੱਦ ਤੱਕ ਕਾਬੂ ਪਾਇਆ ਗਿਆ ਹੈ। ਇਹ ਖੰਨਾ ਪੁਲਿਸ ਦੀ ਵੱਡੀ ਉਪਲਬਧੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਜਿਲ੍ਹੇ ਨੂੰ ਪੂਰੀ ਤਰ੍ਹਾਂ ਨਸ਼ਾ ਮੁਕਤ ਬਣਾਉਣ ਦੀ ਉਮੀਦ ਜਗੀ ਹੈ। ਖੰਨਾ ਕੈਮਿਸਟ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਉਭੀ ਅਤੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ ਸਮੇਤ ਹੋਰ ਆਗੂਆਂ ਨੇ ਐਸਐਸਪੀ ਵੱਲੋਂ ਸ਼ੁਰੂ ਕੀਤੀ ਘਰ-ਘਰ ਸੰਪਰਕ ਮੁਹਿੰਮ ਦੀ ਵੀ ਖਾਸ ਤੌਰ 'ਤੇ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਸਿਰਫ਼ ਕਾਨੂੰਨੀ ਕਾਰਵਾਈ ਹੀ ਨਹੀਂ, ਸਗੋਂ ਜਾਗਰੂਕਤਾ ਅਤੇ ਲੋਕਾਂ ਨਾਲ ਸਿੱਧੀ ਗੱਲਬਾਤ ਰਾਹੀਂ ਭਰੋਸਾ ਬਣਾਉਣ ਦਾ ਕੰਮ ਵੀ ਬਖੂਬੀ ਕੀਤਾ ਜਾ ਰਿਹਾ ਹੈ।

ਹਾਲ ਹੀ ਵਿੱਚ ਐਸਐਸਪੀ ਵੱਲੋਂ ਇਲਾਕੇ ਦਾ ਦੌਰਾ ਕਰਕੇ ਲੋਕਾਂ ਨਾਲ ਸਿੱਧਾ ਸੰਪਰਕ ਕੀਤਾ ਗਿਆ ਅਤੇ ਬੱਚਿਆਂ ਨੂੰ ਕਾਪੀਆਂ, ਕਿਤਾਬਾਂ ਤੇ ਹੋਰ ਸਟੇਸ਼ਨਰੀ ਵੰਡ ਕੇ ਸਿੱਖਿਆ ਵੱਲ ਪ੍ਰੇਰਿਤ ਕੀਤਾ ਗਿਆ। ਇਸ ਉਪਰਾਲੇ ਨਾਲ ਪੁਲਿਸ ਅਤੇ ਆਮ ਲੋਕਾਂ ਵਿਚਕਾਰ ਦੂਰੀ ਘਟੀ ਹੈ ਅਤੇ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ।

ਸਮਾਜਿਕ ਆਗੂਆਂ ਨੇ ਕਿਹਾ ਕਿ ਖੰਨਾ ਪੁਲਿਸ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਨਵੀਂ ਪੀੜ੍ਹੀ ਨੂੰ ਸਹੀ ਦਿਸ਼ਾ ਦੇਣ ਲਈ ਵੀ ਯਤਨ ਕਰ ਰਹੀ ਹੈ, ਜੋ ਨਸ਼ਾ ਮੁਕਤ ਸਮਾਜ ਬਣਾਉਣ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਪੰਜਾਬ ਸਰਕਾਰ ਦੀ ਸਖ਼ਤ ਨੀਤੀ ਅਤੇ ਪੁਲਿਸ ਦੀ ਮੈਦਾਨੀ ਕਾਰਵਾਈ ਨੂੰ ਇਸ ਬਦਲਾਅ ਦਾ ਮੁੱਖ ਕਾਰਨ ਦੱਸਿਆ।

ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਨਸ਼ਿਆਂ ਖ਼ਿਲਾਫ਼ ਲੜਾਈ ਸਿਰਫ਼ ਪੁਲਿਸ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਹਰ ਵਿਅਕਤੀ ਨੂੰ ਚਾਹੀਦਾ ਹੈ ਕਿ ਜੇਕਰ ਨਸ਼ਾ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲੇ ਤਾਂ ਤੁਰੰਤ ਪੁਲਿਸ ਨਾਲ ਸਾਂਝੀ ਕਰੇ।

ਅੰਤ ਵਿੱਚ ਜਥੇਬੰਦੀਆਂ ਦੇ

# ਨਵੀਂ ਉਦਯੋਗਿਕ ਨੀਤੀ 2026 ਨਾਲ ਉਦਯੋਗਾਂ ਨੂੰ ਵੱਡੀ ਰਾਹਤ ਮਿਲੇਗੀ : ਸੰਜੀਵ ਅਰੋੜਾ

## ➤ ਐਮਐਸਐਮਈ ਸੈਕਟਰ ਨੂੰ ਮਜ਼ਬੂਤ ਬਣਾਉਣ 'ਤੇ ਸਰਕਾਰ ਦਾ ਖਾਸ ਧਿਆਨ
## ➤ 1300 ਕਰੋੜ ਦੀ ਲਾਗਤ ਨਾਲ 2120 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾਵੇਗਾ

ਚੰਡੀਗੜ੍ਹ,
-ਰੋਜ਼ਾਨਾ ਸਵੇਰਾ-




ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਅਤੇ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਪਟਿਆਲਾ ਵਿੱਚ ਹੋਈ ਐਮਐਸਐਮਈ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਦੌਰਾਨ ਉਦਯੋਗਪਤੀਆਂ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਮਸਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਇਸ ਮੌਕੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੀ ਮੌਜੂਦ ਸਨ। ਸਥਾਨਕ ਸਰਕਾਰਾਂ ਵਿਭਾਗ ਨੂੰ ਹਦਾਇਤਾਂ ਜਾਰੀ ਕਰਦਿਆਂ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਸ਼ਹਿਰਾਂ ਵਿੱਚ ਸਫਾਈ ਅਤੇ ਸੀਵਰੇਜ ਪ੍ਰਣਾਲੀ ਦੇ ਸੁਧਾਰ 'ਤੇ ਖਾਸ ਧਿਆਨ ਦਿੱਤਾ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਇਸ ਸੰਦਰਭ ਵਿੱਚ ਉਨ੍ਹਾਂ ਐਲਾਨ ਕੀਤਾ ਕਿ ਮਈ ਮਹੀਨੇ ਦੇ ਅਖੀਰ ਤੱਕ ਪੰਜਾਬ ਦੇ ਸ਼ਹਿਰੀ ਖੇਤਰਾਂ ਵਿੱਚ ?1300 ਕਰੋੜ ਦੀ ਲਾਗਤ ਨਾਲ 2120 ਕਿਲੋਮੀਟਰ ਸੜਕਾਂ ਦਾ ਨਿਰਮਾਣ ਕੀਤਾ ਜਾਵੇਗਾ। ਪੇਂਡੂ ਖੇਤਰਾਂ ਲਈ ਵੱਖਰੀ ਯੋਜਨਾ ਤਿਆਰ ਕੀਤੀ ਗਈ ਹੈ। ਸੰਜੀਵ ਅਰੋੜਾ ਨੇ ਇਹ ਵੀ ਐਲਾਨ ਕੀਤਾ ਕਿ ਪੰਜਾਬ ਸਰਕਾਰ ਇੱਕ ਮਹੀਨੇ ਦੇ ਅੰਦਰ ਨਵੀਂ ਇੰਡਸਟ੍ਰੀਅਲ ਪਾਰਕ ਨੀਤੀ ਲਾਗੂ ਕਰਨ ਜਾ ਰਹੀ ਹੈ, ਜਿਸ ਤਹਿਤ ਘੱਟੋ-ਘੱਟ 25 ਏਕੜ ਵਿੱਚ ਫੈਲੇ ਵੱਡੇ ਉਦਯੋਗਿਕ ਪਾਰਕ ਸੂਬੇ ਵਿੱਚ ਵਿਕਸਿਤ ਕੀਤੇ ਜਾਣਗੇ। ਉਦਯੋਗਪਤੀ ਅਤੇ ਰੀਅਲ ਐਸਟੇਟ ਡਿਵੈਲਪਰ ਸਾਂਝੇ ਤੌਰ 'ਤੇ ਇਨ੍ਹਾਂ ਪਾਰਕਾਂ ਦੇ ਵਿਕਾਸ ਵਿੱਚ ਭਾਗ ਲੈਣਗੇ, ਜਦਕਿ ਨਿਵੇਸ਼ਕ ਇਨ੍ਹਾਂ ਪ੍ਰਾਜੈਕਟਾਂ ਵਿੱਚ ਨਿਵੇਸ਼ ਲਈ ਰਜਿਸਟਰ ਕਰਕੇ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਕਰ ਸਕਣਗੇ। ਉਦਯੋਗਿਕ ਵਿਕਾਸ ਨੂੰ ਹੋਰ ਤੇਜ਼ ਕਰਨ ਲਈ ਮੰਤਰੀ ਨੇ ਕਿਹਾ ਕਿ ਸਰਕਾਰ ਨਵੀਂ ਇੰਡਸਟ੍ਰੀਅਲ ਪਾਰਕ ਨੀਤੀ ਤਿਆਰ ਕਰ ਰਹੀ ਹੈ, ਜੋ ਪ੍ਰਾਈਵੇਟ ਸੈਕਟਰ ਨੂੰ ਉਦਯੋਗਿਕ ਪਾਰਕ ਵਿਕਸਿਤ ਕਰਨ ਲਈ ਉਤਸ਼ਾਹਿਤ ਕਰੇਗੀ। ਇਨ੍ਹਾਂ ਪਾਰਕਾਂ ਵਿੱਚ ਵੱਡੇ ਅਤੇ ਛੋਟੇ ਦੋਹਾਂ ਕਿਸਮ ਦੇ ਪਲਾਟ ਉਪਲਬਧ ਹੋਣਗੇ। ਮੀਟਿੰਗ ਦੌਰਾਨ ਉਦਯੋਗ ਵਿਭਾਗ ਦੇ ਅਧਿਕਾਰੀਆਂ ਨੇ ਸਰਕਾਰ ਦੀਆਂ ਨਵੀਆਂ ਨੀਤੀਆਂ ਦੀ ਸ਼ਲਾਘਾ ਕੀਤੀ ਅਤੇ ਉਦਯੋਗਪਤੀਆਂ ਨੇ ਵੀ ਸੰਤੁਸ਼ਟੀ ਜਤਾਈ। ਸੰਜੀਵ ਅਰੋੜਾ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਚਾਹੇ ਫਸਲਾਂ ਨੂੰ ਨੁਕਸਾਨ ਹੋਵੇ ਜਾਂ ਕੁਦਰਤੀ ਆਫ਼ਤਾਂ ਕਾਰਨ ਕਿਸਾਨਾਂ ਨੂੰ ਹਾਨੀ ਪਹੁੰਚੇ, ਸਰਕਾਰ ਹਰ ਸੰਭਵ ਮਦਦ ਮੁਹੱਈਆ ਕਰਵਾਏਗੀ। ਉਨ੍ਹਾਂ ਨਕਲੀ ਬੀਜ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਚੇਤਾਵਨੀ ਵੀ ਦਿੱਤੀ।

ਬਿਜਲੀ ਖੇਤਰ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਪਹਿਲਾਂ ਸੋਲਰ ਪ੍ਰੋਜੈਕਟਾਂ ਲਈ 100 ਫੀਸਦੀ ਅਲਾਟਮੈਂਟ ਹੁੰਦੀ ਸੀ, ਪਰ ਹੁਣ ਬਿਜਲੀ ਬੋਰਡ ਖੁਦ ਟੈਂਡਰ ਜਾਰੀ ਕਰ ਰਿਹਾ ਹੈ ਅਤੇ ਇਸ ਨੂੰ ਵੱਡੀ ਸਫਲਤਾ ਮਿਲ ਰਹੀ ਹੈ। ਮੰਤਰੀ ਨੇ ਅੱਗੇ ਕਿਹਾ ਕਿ ਨਵੀਂ ਉਦਯੋਗਿਕ ਨੀਤੀ 2026 ਤਹਿਤ ਫਿਲਮ ਸਟੂਡੀਓ, ਹਸਪਤਾਲ ਅਤੇ ਹੋਟਲ ਵਰਗੇ ਕਈ ਨਵੇਂ ਖੇਤਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਖ਼ਾਸ ਤੌਰ 'ਤੇ ਐਮਐਸਐਮਈ ਸੈਕਟਰ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ਗਿਆ ਹੈ ਕਿਉਂਕਿ ਇਹ ਉਦਯੋਗਿਕ ਵਿਕਾਸ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਹੁਣ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸੂਬਿਆਂ ਵਿੱਚੋਂ ਇੱਕ ਬਣਦਾ ਜਾ ਰਿਹਾ ਹੈ ਅਤੇ ਹੋਰ ਰਾਜ ਵੀ ਇਨ੍ਹਾਂ ਉਪਰਾਲਿਆਂ ਦੀ ਸ਼ਲਾਘਾ ਕਰ ਰਹੇ ਹਨ। ਮੰਤਰੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕ-ਕੇਂਦਰਿਤ ਵਿਕਾਸ ਨੂੰ ਯਕੀਨੀ ਬਣਾਉਣਾ ਹੈ ਅਤੇ ਉਦਯੋਗ, ਬੁਨਿਆਦੀ ਢਾਂਚੇ ਅਤੇ ਜਨਤਕ ਸਹੂਲਤਾਂ ਵਿੱਚ ਸੁਧਾਰ ਰਾਹੀਂ ਪੰਜਾਬ ਨੂੰ ਤਰੱਕੀ ਦੇ ਨਵੇਂ ਮੀਲ ਪੱਥਰਾਂ ਵੱਲ ਲਿਆਂਦਾ ਜਾਵੇਗਾ।

ਇਸ ਮੌਕੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾ ਮਾਜਰਾ, ਪਟਿਆਲਾ ਸ਼ਹਿਰੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਮੇਅਰ ਕੁੰਦਨ ਗੋਗੀਆ, ਡਿਪਟੀ ਮੇਅਰ ਹਰਿੰਦਰ ਕੋਹਲੀ, ਸੂਬਾ ਸਕੱਤਰ ਜਗਦੀਪ ਜੱਗਾ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ, ਏਡੀਸੀ ( ਨਵਰੀਤ ਕੌਰ ਸੇਖੋਂ ਮੌਜੂਦ ਸਨ।

# ‘ਸੱਪ’ ਵਾਲੇ ਬਿਆਨ ਸਬੰਧੀ ਭਾਜਪਾ ਵਰਕਰਾਂ ਵੱਲੋਂ ਮਲਿਕਾਰਜੁਨ ਖੜਗੇ ਵਿਰੁੱਧ ਪੁਲਿਸ ਸ਼ਿਕਾਇਤ



**ਬਠਿੰਡਾ/-ਰੋਜ਼ਾਨਾ ਸਵੇਰਾ-** ਅਸਾਮ ਵਿੱਚ ਇੱਕ ਚੋਣ ਰੈਲੀ ਦੌਰਾਨ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਵੱਲੋਂ ਕਥਿਤ ਤੌਰ ’ਤੇ ਦਿੱਤੇ ਗਏ ‘ਸੱਪ’ ਵਾਲੇ ਬਿਆਨ ਨੂੰ ਲੈ ਕੇ ਪੰਜਾਬ ਦੇ ਬਠਿੰਡਾ ਵਿੱਚ ਭਾਜਪਾ ਵਰਕਰਾਂ ਨੇ ਉਨ੍ਹਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ, ਜਿਸ ਵਿੱਚ ਉਨ੍ਹਾਂ ’ਤੇ ਦੇਸ਼ ਵਿੱਚ ਅਸ਼ਾਂਤੀ ਫੈਲਾਉਣ ਵਾਲੇ ਬਿਆਨ ਦੇਣ ਦੇ ਦੋਸ਼ ਲਾਏ ਗਏ ਹਨ।

ਇਸ ਖ਼ਬਰ ਏਜੰਸੀ ਨਾਲ ਗੱਲਬਾਤ ਕਰਦਿਆਂ ਪੰਜਾਬ ਭਾਜਪਾ ਦੇ ਸਾਬਕਾ ਸੂਬਾ ਸਕੱਤਰ ਸੁਖਪਾਲ ਸਿੰਘ ਸਰਾਂ ਨੇ ਦੱਸਿਆ ਕਿ ਕਾਂਗਰਸ ਪ੍ਰਧਾਨ ਖ਼ਿਲਾਫ਼ ਕਾਰਵਾਈ ਦੀ ਮੰਗ ਕਰਦਿਆਂ ਬਠਿੰਡਾ ਦੇ ਸੀਨੀਅਰ ਪੁਲੀਸ ਕਪਤਾਨ (ਐੱਸਐੱਸਪੀ) ਨੂੰ ਸ਼ਿਕਾਇਤ ਸੌਂਪੀ ਗਈ ਹੈ। ਸਰਾਂ ਨੇ ਦੋਸ਼ ਲਾਇਆ ਕਿ ਮਲਿਕਾਰਜੁਨ ਖੜਗੇ ਨੇ ਅਸਾਮ ਵਿੱਚ ਮੁਸਲਿਮ ਭਾਈਚਾਰੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਕੋਈ ਮੁਸਲਮਾਨ ਨਮਾਜ਼ ਅਦਾ ਕਰ ਰਿਹਾ ਹੋਵੇ ਅਤੇ ਕੋਈ ਸੱਪ ਕੋਲੋਂ ਲੰਘੇ, ਤਾਂ ਉਸ ਨੂੰ ਪਹਿਲਾਂ ਸੱਪ ਨੂੰ ਮਾਰਨਾ ਚਾਹੀਦਾ ਹੈ ਅਤੇ ਉਨ੍ਹਾਂ ਅਨੁਸਾਰ ਅੱਜ ਦੇ ਸੱਪ ਆਰਐੱਸਐੱਸ ਅਤੇ ਭਾਜਪਾ ਦੇ ਲੋਕ ਹਨ, ਜਿਨ੍ਹਾਂ ਨੂੰ ਨਾ ਮਾਰਨ ’ਤੇ ਉਹ ਤੁਹਾਨੂੰ ਤਬਾਹ ਕਰ ਦੇਣਗੇ।

ਉਨ੍ਹਾਂ ਦਾਅਵਾ ਕੀਤਾ ਕਿ ਇਹ ਬਿਆਨ ਦੇਸ਼ ਵਿੱਚ ਦੰਗੇ ਕਰਵਾਉਣ ਦੀ ਮੰਦਭਾਗੀ ਨੀਅਤ ਨੂੰ ਦਰਸਾਉਂਦਾ ਹੈ ਅਤੇ ਜੇ ਪੁਲੀਸ ਨੇ ਇਸ ’ਤੇ ਕਾਰਵਾਈ ਨਾ ਕੀਤੀ ਤਾਂ ਉਹ ਹਾਈ ਕੋਰਟ ਤੱਕ ਪਹੁੰਚ ਕਰਨਗੇ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਕਰਨਾਟਕ ਅਤੇ ਅਸਾਮ ਵਿੱਚ ਵੀ ਭਾਜਪਾ ਆਗੂਆਂ ਵੱਲੋਂ ਖੜਗੇ ਦੇ ਇਸ ਕਥਿਤ ਬਿਆਨ ਖ਼ਿਲਾਫ਼ ਪ੍ਰਦਰਸ਼ਨ ਕੀਤੇ ਗਏ ਹਨ ਅਤੇ ਪੁਲੀਸ ਸ਼ਿਕਾਇਤਾਂ ਦਰਜ ਕਰਵਾਈਆਂ ਗਈਆਂ ਹਨ।

# ਨੁਕਸਾਨ ਦਾ ਸਾਹਮਣਾ ਕਰ ਰਹੇ ਕਿਸਾਨਾਂ ਨੂੰ ਤੁਰੰਤ 50,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ: ਸੁਖਬੀਰ ਬਾਦਲ



**ਬਠਿੰਡਾ, -ਰੋਜ਼ਾਨਾ ਸਵੇਰਾ-** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸੋਮਵਾਰ ਨੂੰ ਉਨ੍ਹਾਂ ਕਿਸਾਨਾਂ ਨੂੰ ਹਰ ਸੰਭਵ ਸਹਾਇਤਾ ਦੇਣ ਦਾ ਭਰੋਸਾ ਦਿੱਤਾ, ਜਿਨ੍ਹਾਂ ਦੀ ਕਣਕ ਦੀ ਖੜ੍ਹੀ ਫਸਲ ਹਾਲ ਹੀ ਵਿੱਚ ਹੋਈ ਗੜੇਮਾਰੀ ਕਾਰਨ ਬਰਬਾਦ ਹੋ ਗਈ ਹੈ। ਉਨ੍ਹਾਂ ਯਾਦ ਕਰਵਾਇਆ ਕਿ ਕਿਵੇਂ ਪਾਰਟੀ ਨੇ ਪਿਛਲੇ ਸਾਲ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਚਾਰਾ, ਬੀਜ ਅਤੇ ਦਵਾਈਆਂ ਦੇ ਕੇ ਸਹਾਇਤਾ ਕੀਤੀ ਸੀ।

ਮੁਕਤਸਰ ਸ਼ਹਿਰ ਵਿੱਚ ਪਾਰਟੀ ਦੀ ‘ਪੰਜਾਬ ਬਚਾਓ ਰੈਲੀ’ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਭਾਵਿਤ ਕਿਸਾਨਾਂ ਦੀ ਮਦਦ ਲਈ ਪਿਛਲੇ ਸਾਲ ਹੜ੍ਹਾਂ ਦੌਰਾਨ ਕੀਤੇ ਗਏ ਰਾਹਤ ਕਾਰਜਾਂ ਵਾਂਗ ਅੱਗੇ ਆਉਣ। ਉਨ੍ਹਾਂ ਇਹ ਵੀ ਕਿਹਾ ਕਿ ਅਗਲੀ ਅਕਾਲੀ ਦਲ ਸਰਕਾਰ ਦੀ ਮੁੱਖ ਤਰਜੀਹ ਕਿਸਾਨਾਂ ਦੀ ਭਲਾਈ ਹੋਵੇਗੀ। ਉਨ੍ਹਾਂ ਨੇ ਇੱਕ ਵਿਆਪਕ ਫਸਲੀ ਬੀਮਾ ਯੋਜਨਾ ਸ਼ੁਰੂ ਕਰਨ ਦਾ ਵਾਅਦਾ ਕੀਤਾ ਤਾਂ ਜੋ ਕੁਦਰਤੀ ਆਫ਼ਤਾਂ ਦੌਰਾਨ ਕਿਸਾਨਾਂ ਨੂੰ ਮੁਆਵਜ਼ਾ ਮਿਲਣਾ ਯਕੀਨੀ ਬਣਾਇਆ ਜਾ ਸਕੇ।

ਸੁਖਬੀਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਫ਼ਸਲਾਂ ਦੇ ਨੁਕਸਾਨ ਦਾ ਸਾਹਮਣਾ ਕਰਨ ਵਾਲੇ ਕਿਸਾਨਾਂ ਨੂੰ ਤੁਰੰਤ 50,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾਂ ਕਿਹਾ, ਆਪ ਸਰਕਾਰ ਨੂੰ ਆਪਣਾ ਚੋਣ ਵਾਅਦਾ ਪੂਰਾ ਕਰਨਾ ਚਾਹੀਦਾ ਹੈ। ਸਰਵੇਖਣ ਬਾਅਦ ਵਿੱਚ ਹੋ ਸਕਦੇ ਹਨ, ਪਰ ਤੁਰੰਤ ਰਾਹਤ ਜ਼ਰੂਰੀ ਹੈ।

ਅਕਾਲੀ ਦਲ ਦੇ ਮੁਖੀ ਨੇ ਗੜੇਮਾਰੀ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ, ਜਿਨ੍ਹਾਂ ਵਿੱਚ ਭਾਗਸਰ, ਗੰਧੜ ਅਤੇ ਲੱਖੇਵਾਲੀ ਸ਼ਾਮਲ ਹਨ। ਇੱਥੇ ਕਣਕ ਦੀ 70 ਫੀਸਦੀ ਤੋਂ ਵੱਧ ਫਸਲ ਕਥਿਤ ਤੌਰ ’ਤੇ ਖਰਾਬ ਹੋ ਗਈ ਹੈ।

ਸੂਬਾ ਸਰਕਾਰ ’ਤੇ ਨਿਸ਼ਾਨਾ ਸਾਧਦਿਆਂ ਬਾਦਲ ਨੇ ਉਨ੍ਹਾਂ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਕਿ ’ਆਪ’ ਦੇ ਅਧੀਨ ਪੰਜਾਬ ਬਿਜਲੀ ਸਰਪਲੱਸ ਹੋ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਜਾਂ ਪਿਛਲੀ ਕਾਂਗਰਸ ਸਰਕਾਰ ਵੱਲੋਂ ਕੋਈ ਵੀ ਨਵਾਂ ਬਿਜਲੀ ਪਲਾਂਟ ਨਹੀਂ ਲਗਾਇਆ ਗਿਆ ਅਤੇ ਇਸ ਪ੍ਰਾਪਤੀ ਦਾ ਸਿਹਰਾ ਪਿਛਲੀਆਂ ਅਕਾਲੀ ਦਲ ਦੀਆਂ ਸਰਕਾਰਾਂ ਨੂੰ ਦਿੱਤਾ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਚੁਣੌਤੀ ਦਿੱਤੀ ਕਿ ਉਹ ਬਿਨਾਂ ਸੁਰੱਖਿਆ ਦੇ ਕਿਸੇ ਵੀ ਪਿੰਡ ਦਾ ਦੌਰਾ ਕਰਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਨੂੰ ਪਟਿਆਲਾ ਵਿਖੇ ਦਾਅਵਾ ਕੀਤਾ ਕਿ ਮੁਕਤਸਰ ਵਿਖੇ ਅਕਾਲੀ ਦਲ ਦੀ ਰੈਲੀ ਸਿੱਧੇ ਬਿਜਲੀ ਟਰਾਂਸਫਾਰਮਰ ਤੋਂ ’ਕੁੰਡੀ’ (ਗੈਰ-ਕਾਨੂੰਨੀ) ਕੁਨੈਕਸ਼ਨ ਦੀ ਵਰਤੋਂ ਕਰਕੇ ਕੀਤੀ ਗਈ ਸੀ ਅਤੇ ਕਿਹਾ ਕਿ ਇਸ ਸਬੰਧੀ ਐੱਫ ਆਈ ਆਰ ਦਰਜ ਕੀਤੀ ਜਾਵੇਗੀ।

ਇਸ ਤੇ ਅਕਾਲੀ ਦਲ ਦੇ ਮੁਕਤਸਰ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਕਿਹਾ, ਕਿਸੇ ਨੇ ਬਿਜਲੀ ਦੇ ਟਰਾਂਸਫਾਰਮਰ ਤੋਂ ਆ ਰਹੀ ਕੇਬਲ ਦਿਖਾਉਂਦੇ ਹੋਏ ਵੀਡੀਓ ਬਣਾ ਕੇ ਸ਼ਰਾਰਤ ਕੀਤੀ ਹੈ। ਮੈਂ ਮੁੱਖ ਮੰਤਰੀ ਨੂੰ ਪੁੱਛਦਾ ਹਾਂ, ਕੀ ਅਜਿਹੇ ਸਾਊਂਡ ਸਿਸਟਮ, ਲਾਈਟਾਂ, ਪੱਖੇ, ਕੂਲਰ ਅਤੇ ਏਸੀ ਵਾਲੀ ਰੈਲੀ ਅਜਿਹੀ ਕੇਬਲ ’ਤੇ ਚਲਾਈ ਜਾ ਸਕਦੀ ਹੈ ? ਮੁੱਖ ਮੰਤਰੀ ਨੂੰ ਬਿਆਨ ਦੇਣ ਤੋਂ ਪਹਿਲਾਂ ਤੱਥਾਂ ਦੀ ਜਾਂਚ ਕਰਨੀ ਚਾਹੀਦੀ ਹੈ। ਇਹੀ ਕਾਰਨ ਹੈ ਕਿ ਉਨ੍ਹਾਂ ਨੂੰ ਜ਼ਿਆਦਾਤਰ ਸਮਾਂ ਯੂ-ਟਰਨ ਲੈਣਾ ਪੈਂਦਾ ਹੈ। ਮੈਨੂੰ ਪਤਾ ਲੱਗਾ ਹੈ ਕਿ ਕੋਈ ਕ੍ਰਿਕਟ ਕੋਚ ਜਾਂ ਕੁਝ ਖਿਡਾਰੀ ਸ਼ਾਮ ਨੂੰ ਖੇਡਣ ਲਈ ਮੈਦਾਨ ਵਿੱਚ ਲਗਾਈਆਂ ਲਾਈਟਾਂ ਨੂੰ ਸਪਲਾਈ ਦੇਣ ਲਈ ਇਸ ਕੇਬਲ ਦੀ ਵਰਤੋਂ ਕਰਦੇ ਹਨ। ਜੇ ਮੁੱਖ ਮੰਤਰੀ ਉਨ੍ਹਾਂ ਦਾ ਨੁਕਸਾਨ ਕਰਨਾ ਚਾਹੁੰਦੇ ਹਨ, ਤਾਂ ਉਹ ਕਰ ਸਕਦੇ ਹਨ।

ਇਸ ਦੌਰਾਨ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ, ਅਕਾਲੀ ਦਲ ਦੀ ਰੈਲੀ ਵਾਲੀ ਥਾਂ ’ਤੇ ਪੁਲੀਸ ਸਮੇਤ ਇੱਕ ਟੀਮ ਭੇਜੀ ਗਈ ਸੀ, ਪਰ ਉੱਥੇ ਕੁਝ ਵੀ ਇਤਰਾਜ਼ਯੋਗ ਨਹੀਂ ਮਿਲਿਆ। ਵੀਡੀਓ ਵਿੱਚ ਇੱਕ ਕੇਬਲ ਦਿਖਾਈ ਗਈ ਸੀ, ਜੋ ਅਜਿਹੀ ਰੈਲੀ ਲਈ ਲੋੜੀਂਦੇ ਪਾਵਰ ਲੋਡ ਨੂੰ ਨਹੀਂ ਸੰਭਾਲ ਸਕਦੀ ਅਤੇ ਇਸ ਵਿੱਚ ਇਹ ਨਹੀਂ ਦਿਖਾਇਆ ਗਿਆ ਕਿ ਇਹ ਅੱਗੇ ਕਿੱਥੇ ਜਾ ਰਹੀ ਸੀ।

# ਫ਼ਸਲਾਂ ਦਾ ਨੁਕਸਾਨ ਝੱਲ ਰਹੇ ਕਿਸਾਨਾਂ ਲਈ ਮੁੜ ਇਮਤਿਹਾਨ ਦੀ ਘੜੀ, ਅਲਰਟ ਜਾਰੀ



**ਬਠਿੰਡਾ, -ਰੋਜ਼ਾਨਾ ਸਵੇਰਾ-** ਲਗਾਤਾਰ ਪੱਛਮੀ ਗੜਬੜੀ ਕਾਰਨ ਫ਼ਸਲਾਂ ਦੇ ਨੁਕਸਾਨ ਦਾ ਸਾਹਮਣਾ ਕਰ ਰਹੇ ਸੂਬੇ ਦੇ ਕਿਸਾਨਾਂ ਦੇ ਖੇਤਾਂ ’ਤੇ ਮੁੜ ਕਾਲੇ ਬੱਦਲ ਮੰਡਰਾ ਰਹੇ ਹਨ। ਭਾਰਤੀ ਮੌਸਮ ਵਿਗਿਆਨ ਵਿਭਾਗ (9$4) ਨੇ 7-8 ਅਪਰੈਲ ਲਈ ‘ਸੰਤਰੀ ਅਰਲਟ’ ਜਾਰੀ ਕੀਤਾ ਹੈ, ਜਿਸ ਵਿੱਚ ਮੀਂਹ, ਗਰਜ-ਚਮਕ, ਬਿਜਲੀ, ਗੜੇਮਾਰੀ ਅਤੇ 60 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੀ ਭਵਿੱਖਬਾਣੀ ਕੀਤੀ ਗਈ ਹੈ।

ਤਾਜ਼ਾ ਗੜਬੜੀ 30-31 ਮਾਰਚ ਅਤੇ 3-4 ਅਪਰੈਲ ਦੀਆਂ ਦੋ ਪਿਛਲੀਆਂ ਪ੍ਰਣਾਲੀਆਂ ਤੋਂ ਬਾਅਦ ਆਈ ਹੈ, ਜਿਸ ਨੇ ਪੰਜਾਬ ਵਿੱਚ ਫ਼ਸਲਾਂ ਦਾ ਕਾਫ਼ੀ ਨੁਕਸਾਨ ਕੀਤਾ ਸੀ। ਖੇਤੀਬਾੜੀ ਵਿਭਾਗ ਦੇ ਸ਼ੁਰੂਆਤੀ ਅੰਦਾਜ਼ਿਆਂ ਅਨੁਸਾਰ ਮੁੱਖ ਤੌਰ ’ਤੇ ਮੁਕਤਸਰ, ਬਠਿੰਡਾ, ਫਾਜ਼ਿਲਕਾ, ਮਾਨਸਾ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਵਿੱਚ ਲਗਪਗ 1.5 ਲੱਖ ਏਕੜ ਕਣਕ ਦੇ ਖੇਤ ਪ੍ਰਭਾਵਿਤ ਹੋਏ ਹਨ। ਫਾਜ਼ਿਲਕਾ ਸਭ ਤੋਂ ਵੱਧ ਪ੍ਰਭਾਵਿਤ ਹੋਇਆ, ਜਿੱਥੇ 39,747 ਏਕੜ ਦਾ ਨੁਕਸਾਨ ਹੋਇਆ, ਇਸ ਤੋਂ ਬਾਅਦ ਮੁਕਤਸਰ ਵਿੱਚ 35,220 ਏਕੜ ਦਾ ਨੁਕਸਾਨ ਹੋਇਆ।

ਜਦੋਂ ਕਿ 3-4 ਅਪਰੈਲ ਦੇ ਦੌਰ ਨੇ ਫਾਜ਼ਿਲਕਾ, ਬਠਿੰਡਾ, ਪਟਿਆਲਾ, ਮਾਨਸਾ, ਕਪੂਰਥਲਾ ਅਤੇ ਅੰਮ੍ਰਿਤਸਰ ਵਿੱਚ ਮੁਕਾਬਲਤਨ ਸੀਮਤ ਨੁਕਸਾਨ ਪਹੁੰਚਾਇਆ ਸੀ। ਹੁਣ ਜਾਰੀ ਨਵੀਂ ਚਿਤਾਵਨੀ ਨੇ ਪਹਿਲਾਂ ਹੀ ਘਾਟੇ ਨਾਲ ਜੂਝ ਰਹੇ ਕਿਸਾਨਾਂ ਵਿੱਚ ਚਿੰਤਾ ਵਧਾ ਦਿੱਤੀ ਹੈ। ਮੌਸਮ ਵਿਭਾਗ ਨੇ ਚਿਤਾਵਨੀ ਦਿੱਤੀ ਹੈ ਕਿ ਨਵੀਂ ਗੜਬੜੀ ਖੜ੍ਹੀ ਕਣਕ ਦੀ ਫ਼ਸਲ ਨੂੰ ਹੋਰ ਪ੍ਰਭਾਵਿਤ ਕਰ ਸਕਦੀ ਹੈ, ਆਵਾਜਾਈ ਵਿੱਚ ਵਿਘਨ ਪਾ ਸਕਦੀ ਹੈ ਅਤੇ ਬਿਜਲੀ ਗੁੱਲ ਹੋ ਸਕਦੀ ਹੈ। ਵਿਭਾਗ ਵੱਲੋਂ ਗਰਜ-ਚਮਕ ਦੌਰਾਨ ਘਰਾਂ ਦੇ ਅੰਦਰ ਰਹਿਣ ਦੀ ਸਲਾਹ ਦਿੱਤੀ ਗਈ ਹੈ, ਜਦੋਂ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਲਈ ਸੁਰੱਖਿਆ ਉਪਾਅ ਕਰਨ ਦੀ ਅਪੀਲ ਕੀਤੀ ਗਈ ਹੈ। ਅਪਰੈਲ ਵਿੱਚ ਆਮ ਤੌਰ ’ਤੇ ਗਰਮ ਮੌਸਮ ਦੀ ਸ਼ੁਰੂਆਤ ਹੁੰਦੀ ਹੈ, ਇਸ ਦੇ ਬਾਵਜੂਦ ਮੌਸਮ ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਇਸ ਸਮੇਂ ਦੌਰਾਨ ਲੂ (heatwave) ਚੱਲਣ ਦੀ ਕੋਈ ਸੰਭਾਵਨਾ ਨਹੀਂ ਹੈ, ਅਤੇ ਜ਼ਿਆਦਾਤਰ ਠੰਢਾ ਅਤੇ ਨਮੀ ਵਾਲਾ ਮੌਸਮ ਰਹਿਣ ਦੀ ਸੰਭਾਵਨਾ ਹੈ।

ਇਸ ਦੌਰਾਨ ਸੰਯੁਕਤ ਕਿਸਾਨ ਮੋਰਚਾ (SKM) ਦੇ ਬੈਨਰ ਹੇਠ ਕਿਸਾਨ ਜਥੇਬੰਦੀਆਂ ਨੇ ਸੂਬੇ ਭਰ ਵਿੱਚ ਪ੍ਰਦਰਸ਼ਨ ਕੀਤੇ ਅਤੇ ਮੀਂਹ ਤੇ ਗੜੇਮਾਰੀ ਨਾਲ ਤਬਾਹ ਹੋਈਆਂ ਫ਼ਸਲਾਂ ਲਈ 50,000 ਰੁਪਏ ਪ੍ਰਤੀ ਏਕੜ ਮੁਆਵਜ਼ੇ ਦੀ ਮੰਗ ਕੀਤੀ। ਉਨ੍ਹਾਂ ਮੰਡੀਆਂ ਵਿੱਚ ਕਣਕ ਦੀ ਨਿਰਵਿਘਨ ਖਰੀਦ ਅਤੇ ਆੜ੍ਹਤੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਵੀ ਜ਼ੋਰ ਦਿੱਤਾ। ਆਲ ਇੰਡੀਆ ਕਿਸਾਨ ਫੈਡਰੇਸ਼ਨ ਦੇ ਪ੍ਰਧਾਨ ਪ੍ਰੇਮ ਸਿੰਘ ਭੰਗੂ ਨੇ ਕਿਹਾ, ਆਉਣ ਵਾਲੇ ਦਿਨ ਕਿਸਾਨਾਂ ਲਈ ਅਹਿਮ ਹੋਣ ਦੀ ਉਮੀਦ ਹੈ। ਪਿਛਲੇ ਸਾਲ ਦੇ ਹੜ੍ਹਾਂ ਕਾਰਨ ਝੋਨੇ ਦੀ ਫ਼ਸਲ ਬਰਬਾਦ ਹੋਣ ਕਰਕੇ ਪਹਿਲਾਂ ਹੀ ਵੱਡੇ ਆਰਥਿਕ ਨੁਕਸਾਨ — ਜਿਸ ਵਿੱਚ ਕਈ ਕਰਜ਼ੇ ਦਾ ਸਾਹਮਣਾ ਕਰ ਰਹੇ ਹਨ — ਨਾਲ ਜੂਝ ਰਹੇ ਕਿਸਾਨਾਂ ਦੀ ਮਾਰਚ ਤੋਂ ਲਗਾਤਾਰ ਪੱਛਮੀ ਗੜਬੜੀਆਂ ਕਾਰਨ ਸੂਬੇ ਵਿੱਚ ਕਈ ਥਾਵਾਂ ’ਤੇ ਕਣਕ ਅਤੇ ਮੱਕੀ ਦੀ ਫ਼ਸਲ ਬਰਬਾਦ ਹੋ ਗਈ ਹੈ, ਜਿਸ ਨਾਲ ਕਣਕ ਦੀ ਬੰਪਰ ਪੈਦਾਵਾਰ ਦੀਆਂ ਉਮੀਦਾਂ ’ਤੇ ਪਾਣੀ ਫਿਰ ਗਿਆ ਹੈ। ਅਸੀਂ ਮੰਗ ਕਰਦੇ ਹਾਂ ਕਿ ਸਰਕਾਰ ਦਖ਼ਲ ਦੇਵੇ ਅਤੇ ਇਸ ਸੰਕਟ ਨੂੰ ਘੱਟ ਕਰਨ ਲਈ ਲੋੜੀਂਦੀ ਵਿੱਤੀ ਸਹਾਇਤਾ ਪ੍ਰਦਾਨ ਕਰੇ।

# ਪੰਜਾਬ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤਾ ਐਮਸ ਬਠਿੰਡਾ ਦਾ ਦੌਰਾ




**ਬਠਿੰਡਾ, -ਰੋਜ਼ਾਨਾ ਸਵੇਰਾ-** ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਐਮਜ਼ ਬਠਿੰਡਾ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਦਾ ਸਵਾਗਤ ਕਾਰਜਕਾਰੀ ਨਿਰਦੇਸ਼ਕ ਪ੍ਰੋ. (ਡਾ.) ਰਤਨ ਗੁਪਤਾ ਦੁਆਰਾ ਕੀਤਾ ਗਿਆ।

ਦੌਰਾਨ ਦੌਰਾਨ ਮਾਨਯੋਗ ਰਾਜਪਾਲ ਨੇ ਸੰਸਥਾਨ ਦੀ ਐਮਰਜੈਂਸੀ ਸੇਵਾਵਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਹਾਰਟ ਕਮਾਂਡ ਸੈਂਟਰ, ਇਮਰਜੈਂਸੀ ਵਾਰਡ, ਟ੍ਰਾਇਜ਼ ਸਹੂਲਤ, ਸਰਜੀਕਲ ਟ੍ਰਾਮਾ ਵਾਰਡ ਅਤੇ ਸਰਜੀਕਲ ਇੰਟੇਨਸਿਵ ਕੇਅਰ ਯੂਨਿਟ (SICU) ਸਮੇਤ ਪ੍ਰਮੁੱਖ ਸਹੂਲਤਾਂ ਦਾ ਨਿਰੀਕਸ਼ਣ ਕੀਤਾ। ਉਨ੍ਹਾਂ ਸੰਸਥਾ ਦੇ ਆਧੁਨਿਕ ਢਾਂਚੇ ਅਤੇ ਮਰੀਜ਼ਾਂ ਨੂੰ ਸਮੇਂ ਸਿਰ ਅਤੇ ਗੁਣਵੱਤਾ ਵਾਲਾ ਇਲਾਜ ਦੇਣ ਦੇ ਨਿਰਦੇਸ਼ ਦਿੱਤੇ।

ਫੈਕਲਟੀ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਮਰੀਜ਼ਾਂ ਦੀ ਦੇਖਭਾਲ, ਮੈਡੀਕਲ ਸਿੱਖਿਆ ਅਤੇ ਖੋਜ ਪ੍ਰਤੀ ਉਨ੍ਹਾਂ ਦੀ ਸਮਰਪਤ ਭਾਵਨਾ ਦੀ ਸ਼ਲਾਘਾ ਕੀਤੀ।

ਉਨ੍ਹਾਂ ਸੰਸਥਾ ਦੀਆਂ ਪ੍ਰਮੁੱਖ ਪਹਿਲਾਂ, ਜਿਵੇਂ ਆਉਟਰੀਚ ਸੇਵਾਵਾਂ, ਪ੍ਰਤੀਯਾਰੋਪਣ ਕਾਰਜਕ੍ਰਮ, ਬਾਲ ਅਤੇ ਨਵਜਾਤ ਦੇਖਭਾਲ, ਕੈਂਸਰ ਦੇਖਭਾਲ ਸੇਵਾਵਾਂ ਅਤੇ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸ਼ੈਲਟਰ ਹੋਮ ਸਥਾਪਤ ਕਰਨ ਦੇ ਯਤਨ ਨੂੰ ਵੀ ਸ਼ਲਾਘਾ ਕੀਤੀ। ਮਾਨਯੋਗ ਰਾਜਪਾਲ ਨੇ ਐਮਜ਼ ਬਠਿੰਡਾ ਪ੍ਰਸ਼ਾਸਨ ਨੂੰ ਵਾਧੂ ਜ਼ਮੀਨ ਅਲਾਟ ਕਰਨ ਲਈ ਮੰਤਰਾਲੇ ਨੂੰ ਪ੍ਰਸਤਾਵ ਭੇਜਣ ਲਈ ਉਤਸ਼ਾਹਿਤ ਕੀਤਾ ਅਤੇ ਇਸ ਪ੍ਰਕਿਰਿਆ ਨੂੰ ਸੌਖਾ ਬਣਾਉਣ ਸਬੰਧੀ ਪੂਰਨ ਸਹਿਯੋਗ ਲਈ ਕਿਹਾ। ਰਾਜਪਾਲ ਨੇ ਮਰੀਜ਼ਾਂ ਨੂੰ ਉੱਚ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸੰਸਥਾਨ ਦੇ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ।

# ਮੁੱਖ ਮੰਤਰੀ ਮਾਨ ਵੱਲੋਂ ਬਠਿੰਡਾ ਦੀ ਪੂਰੀ ਪੁਲੀਸ ਚੌਕੀ ਬਦਲਣ ਦੇ ਹੁਕਮ



**ਬਠਿੰਡਾ, -ਰੋਜ਼ਾਨਾ ਸਵੇਰਾ-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਰੋਕਥਾਮ ਵਿੱਚ ਕਥਿਤ ਲਾਪਰਵਾਹੀ ਵਿਰੁੱਧ ਕਾਰਵਾਈ ਕੀਤੀ। ਇੱਕ ਪਾਰਟੀ ਮੀਟਿੰਗ ਦੌਰਾਨ ਪਿੰਡ ਦੇ ਸਰਪੰਚ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਉਨ੍ਹਾਂ ਨੇ ਕੋਟ ਸ਼ਮੀਰ ਪੁਲੀਸ ਚੌਕੀ ਦੇ ਪੂਰੇ ਸਟਾਫ਼ ਨੂੰ ਤਬਦੀਲ ਕਰਨ ਦੇ ਹੁਕਮ ਦਿੱਤੇ ਹਨ। ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਕਾਰਵਾਈ ਕਰਦਿਆਂ ਬਠਿੰਡਾ ਰੇਂਜ ਦੇ ਡੀਆਈਜੀ (497) ਹਰਜੀਤ ਸਿੰਘ ਨੇ ਚੌਕੀ ਇੰਚਾਰਜ ਸਮੇਤ 11 ਪੁਲੀਸ ਮੁਲਾਜ਼ਮਾਂ ਨੂੰ ਮਾਨਸਾ ਜ਼ਿਲ੍ਹੇ ਵਿੱਚ ਤਬਦੀਲ ਕਰ ਦਿੱਤਾ ਹੈ। ਇਹਨਾਂ ਵਿੱਚ ਤਿੰਨ ਏ.ਐਸ.ਆਈ. (ASI), ਚਾਰ ਸੀਨੀਅਰ ਕਾਂਸਟੇਬਲ, ਇੱਕ ਕਾਂਸਟੇਬਲ ਅਤੇ ਤਿੰਨ ਹੋਮ ਗਾਰਡ ਸ਼ਾਮਲ ਹਨ। ਇਸ ਤੋਂ ਇਲਾਵਾ ਬਠਿੰਡਾ ਸਦਰ ਥਾਣੇ ਦੇ ਐੱਸ.ਐੱਚ.ਓ. (SHO) ਵਿਰੁੱਧ ਵਿਭਾਗੀ ਜਾਂਚ ਦੇ ਹੁਕਮ ਵੀ ਦਿੱਤੇ ਗਏ ਹਨ।

ਇਹ ਕਾਰਵਾਈ ਪਿੰਡ ਗੁਲਾਬਗੜ੍ਹ ਦੇ ਸਰਪੰਚ ਲੱਖਾ ਸਿੰਘ ਵੱਲੋਂ ਮੀਟਿੰਗ ਦੌਰਾਨ ਚੁੱਕੇ ਗਏ ਮੁੱਦੇ ਤੋਂ ਬਾਅਦ ਹੋਈ ਹੈ। ਸਰਪੰਚ ਨੇ ਮੁੱਖ ਮੰਤਰੀ ਨੂੰ ਪਿੰਡ ਵਿੱਚ ਨਸ਼ਿਆਂ ਕਾਰਨ ਹੋਈਆਂ ਕਥਿਤ ਮੌਤਾਂ ਅਤੇ ਸਥਾਨਕ ਪੁਲੀਸ ਦੀ ਢਿੱਲੀ ਕਾਰਗੁਜ਼ਾਰੀ ਬਾਰੇ ਜਨਤਕ ਤੌਰ ’ਤੇ ਜਾਣਕਾਰੀ ਦਿੱਤੀ ਸੀ। ਮੁੱਖ ਮੰਤਰੀ ਨੇ ਤੁਰੰਤ ਨੋਟਿਸ ਲੈਂਦਿਆਂ ਸੀਨੀਅਰ ਪੁਲੀਸ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੇ ਮੁੱਦੇ ’ਤੇ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਬਠਿੰਡਾ ਦੀ ਐੱਸ.ਐੱਸ.ਪੀ. (SSP) ਜਯੋਤੀ ਯਾਦਵ ਇਸ ਵੇਲੇ ਛੁੱਟੀ ’ਤੇ ਹਨ ਅਤੇ ਬਠਿੰਡਾ ਦਾ ਵਾਧੂ ਚਾਰਜ ਮਾਨਸਾ ਦੇ ਐੱਸ.ਐੱਸ.ਪੀ. ਭਗੀਰਥ ਸਿੰਘ ਮੀਨਾ ਕੋਲ ਹੈ।

# ਕੇਂਦਰੀ ਜੇਲ੍ਹ ਚ ਤਾਇਨਾਤ ਲੈਬ ਟੈਕਨੀਸ਼ੀਅਨ ਹੈਰੋਇਨ ਸਮੇਤ ਗ੍ਰਿਫ਼ਤਾਰ




**ਬਠਿੰਡਾ, -ਰੋਜ਼ਾਨਾ ਸਵੇਰਾ-** ਬਠਿੰਡਾ ਕੇਂਦਰੀ ਜੇਲ੍ਹ ਪ੍ਰਸ਼ਾਸਨ ਨੇ ਪੁਲੀਸ ਦੇ ਸਹਿਯੋਗ ਨਾਲ ਸੋਮਵਾਰ ਨੂੰ ਜੇਲ੍ਹ ਵਿੱਚ ਤਾਇਨਾਤ ਸਿਹਤ ਵਿਭਾਗ ਦੇ ਇੱਕ ਆਊਟਸੋਰਸ ਮੁਲਾਜ਼ਮ ਨੂੰ 68.25 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ।

ਇਹ ਕਾਰਵਾਈ ਇੱਕ ਗੁਪਤ ਸੂਚਨਾ ਦੇ ਆਧਾਰ ’ਤੇ ਕੀਤੀ ਗਈ ਅਤੇ ਜੇਲ੍ਹ ਵਿੱਚ ਤਾਇਨਾਤ ਲੈਬ ਟੈਕਨੀਸ਼ੀਅਨ ਸਾਗਰ ਸਿੰਘ ਦੀ ਕਾਰ ਵਿੱਚੋਂ ਹੈਰੋਇਨ ਬਰਾਮਦ ਕੀਤੀ ਗਈ। ਉਸ ਨੂੰ ਗੱਡੀ ਸਮੇਤ ਬਠਿੰਡਾ ਕੈਂਟ ਪੁਲੀਸ ਦੇ ਹਵਾਲੇ ਕਰ ਦਿੱਤਾ ਗਿਆ ਹੈ।

ਬਠਿੰਡਾ ਕੇਂਦਰੀ ਜੇਲ੍ਹ ਦੇ ਸੁਪਰਡੈਂਟ ਹੇਮੰਤ ਸ਼ਰਮਾ ਨੇ ਦੱਸਿਆ,‘ਅਸੀਂ ਸਥਾਨਕ ਪੁਲੀਸ ਨਾਲ ਇੱਕ ਗੁਪਤ ਸੂਚਨਾ ਸਾਂਝੀ ਕੀਤੀ ਸੀ, ਜਿਸ ਤੋਂ ਬਾਅਦ ਮੁਲਜ਼ਮ ਨੂੰ ਫੜਿਆ ਗਿਆ ਅਤੇ ਉਸ ਦੀ ਕਾਰ ਵਿੱਚੋਂ ਹੈਰੋਇਨ ਬਰਾਮਦ ਹੋਈ।’

ਪੁਲੀਸ ਨੇ ਐੱਨ ਡੀ ਪੀ ਐੱਸ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਨਸ਼ਾ ਸਪਲਾਈ ਦੇ ਸੰਭਾਵੀ ਨੈੱਟਵਰਕ ਦੀ ਜਾਂਚ ਲਈ ਅਗਲੇਰੀ ਪੁੱਛਗਿੱਛ ਜਾਰੀ ਹੈ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਦਸੰਬਰ ਵਿੱਚ ਵੀ ਜੇਲ੍ਹ ਦੇ ਇੱਕ ਕਾਂਸਟੇਬਲ ਵਰਿੰਦਰ ਕੁਮਾਰ ਨੂੰ ਕੈਦੀਆਂ ਨੂੰ ਨਸ਼ਾ ਸਪਲਾਈ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਉਸ ਦੇ ਰਿਹਾਇਸ਼ੀ ਕੁਆਰਟਰ ਵਿੱਚੋਂ ਹੈਰੋਇਨ, ਅਫ਼ੀਮ ਅਤੇ ਨਸ਼ੀਲੇ ਕੈਪਸੂਲ ਬਰਾਮਦ ਹੋਏ ਸਨ।

# ਸਾਉਣੀ ਦੀਆਂ ਫਸਲਾਂ ਦੇ ਅਗਾਂਊ ਪ੍ਰਬੰਧਾਂ ਸਬੰਧੀ ਅਹਿਮ ਮੀਟਿੰਗ ਆਯੋਜਿਤ

**ਫਾਜ਼ਿਲਕਾ, -ਰੋਜ਼ਾਨਾ ਸਵੇਰਾ-** ਡਾਇਰੈਕਟਰ ਖੇਤੀਬਾੜੀ ਡਾ. ਗੁਰਜੀਤ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸੰਯੁਕਤ ਡਾਇਰੈਕਟਰ ਖੇਤੀਬਾੜੀ (ਵਿਸਥਾਰ ਅਤੇ ਸਿਖਲਾਈ) ਡਾ. ਕਰਨਜੀਤ ਸਿੰਘ ਗਿੱਲ ਵੱਲੋਂ ਸਾਉਣੀ ਦੀਆਂ ਫਸਲਾਂ ਦੀ ਸੁਚੱਜੀ ਬਿਜਾਈ ਅਤੇ ਅਗਾਊ ਪ੍ਰਬੰਧਾਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਆਯੋਜਿਤ ਕੀਤੀ ਗਈ।

ਮੀਟਿੰਗ ਦੌਰਾਨ ਸਟਾਫ ਨੂੰ ਸਾਉਣੀ ਲਈ ਲੋੜੀਂਦੀਆਂ ਤਿਆਰੀਆਂ ਬਾਰੇ ਵਿਸਥਾਰ ਨਾਲ ਹਦਾਇਤਾਂ ਦਿੱਤੀਆਂ ਗਈਆਂ। ਇਸ ਮੌਕੇ ਨਰਮੇ ਦੀ ਫਸਲ ਦੀ ਸਹੀ ਸਮੇਂ ਬਿਜਾਈ, ਖਾਦਾਂ ਦੇ ਸੰਤੁਲਿਤ ਇਸਤੇਮਾਲ ਅਤੇ ਸੁਧਰੇ ਬੀਜਾਂ ਦੀ ਵਰਤੋਂ ‘ਤੇ ਖ਼ਾਸ ਜ਼ੋਰ ਦਿੱਤਾ ਗਿਆ।

ਇਸ ਤੋਂ ਇਲਾਵਾ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.), ਮਿੱਟੀ ਦੀ ਸਿਹਤ ਸੰਭਾਲ ਅਤੇ ਹਰੀ ਖਾਦ ਦੇ ਪ੍ਰਯੋਗ ਨੂੰ ਵਧਾਉਣ ਸਬੰਧੀ ਵੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀ ਸਮੱਸਿਆ ਨੂੰ ਰੋਕਣ ਲਈ ਜਾਗਰੂਕਤਾ ਫੈਲਾਉਣ ‘ਤੇ ਵੀ ਖ਼ਾਸ ਧਿਆਨ ਦੇਣ ਲਈ ਕਿਹਾ ਗਿਆ।ਮੀਟਿੰਗ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਤੇ ਕਿਸਾਨ ਰਜਿਸਟਰੀ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਇਸ ਦੇ ਨਾਲ ਹੀ PMDDKY (ਪ੍ਰਧਾਨ ਮੰਤਰੀ ਧੰਨ ਧਾਨਿਆ ਕ੍ਰਿਸ਼ੀ ਯੋਜਨਾ) ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦੀ ਵੀ ਸਮੀਖਿਆ ਕਰਦੇ ਹੋਏ ਸੰਬੰਧਿਤ ਅਧਿਕਾਰੀਆਂ ਨੂੰ ਇਸ ਦੀ ਪ੍ਰਭਾਵਸ਼ਾਲੀ ਲਾਗੂ ਕਰਨ ਲਈ ਨਿਰਦੇਸ਼ ਦਿੱਤੇ ਗਏ।

ਮੀਟਿੰਗ ਵਿੱਚ ਜ਼ਿਲ੍ਹੇ ਦੇ ਸਮੂਹ ਖੇਤੀਬਾੜੀ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

# ਸਾਬਕਾ ਮੰਤਰੀ ਤੋਤਾ ਸਿੰਘ ਦੇ ਸਪੁੱਤਰ ਮੱਖਣ ਬਰਾਰ ਦੀ ਅਕਾਲੀ ਦਲ ’ਚ ਹੋਈ ਵਾਪਸੀ



**ਮੁਕਤਸਰ, -ਰੋਜ਼ਾਨਾ ਸਵੇਰਾ-** ਸ਼੍ਰੋਮਣੀ ਅਕਾਲੀ ਦਲ ਦੇ ਮਰਹੂਮ ਆਗੂ ਜਥੇਦਾਰ ਤੋਤਾ ਸਿੰਘ ਦੇ ਸਪੁੱਤਰ ਬਰਜਿੰਦਰ ਸਿੰਘ ਮੱਖਣ ਬਰਾਰ ਅੱਜ ਮੁੜ ਆਪਣੀ ਪੁਰਾਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਬਾਦਲ) ਵਿੱਚ ਸ਼ਾਮਲ ਹੋ ਗਏ ਹਨ। ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਮੱਖਣ ਬਰਾੜ ਨੂੰ ਅੱਜ ਪਾਰਟੀ ਵਿਚ ਸ਼ਾਮਲ ਕਰਵਾਇਆ ਅਤੇ ਨਾਲ ਹੀ ਹਲਕਾ ਧਰਮਕੋਟ ਦੀ ਵਾਂਗਡੋਰ ਸੌਂਪੀ।ਇਸ ਮੌਕੇ ’ਤੇ ਜ਼ਿਲ੍ਹੇ ਅਤੇ ਹਲਕੇ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਅਤੇ ਵਰਕਰ ਹਾਜ਼ਰ ਸਨ। ਲੰਘੇ ਕੱਲ੍ਹ ਸੁਖਬੀਰ ਬਾਦਲ ਵੱਲੋਂ ਲੰਬੀ ਪਿੰਡ ਵਿੱਚ ਹਲਕੇ ਦੇ ਸਰਕਲ ਪ੍ਰਧਾਨਾਂ ਨਾਲ ਇਸ ਮੁੱਦੇ ਉੱਤੇ ਬੈਠਕ ਕੀਤੀ ਸੀ। ਹਲਕੇ ਦੇ ਆਗੂਆਂ ਨਾਲ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ ਅੱਜ ਉਨ੍ਹਾਂ ਨੂੰ ਪਾਰਟੀ ਵਿਚ ਸ਼ਾਮਲ ਕਰਵਾਇਆ ਗਿਆ ਹੈ।

ਜ਼ਿਕਰਯੋਗ ਹੈ ਕਿ ਮੱਖਣ ਬਰਾੜ ਅਕਾਲੀ ਦਲ ਪੁਨਰਸੁਰਜੀਤੀ ਦੇ ਗਠਨ ਤੋਂ ਬਾਅਦ ਉਸ ਵਿੱਚ ਸ਼ਾਮਲ ਹੋ ਗਏ ਸਨ। ਕੁਝ ਦਿਨ ਪਹਿਲਾਂ ਉਨ੍ਹਾਂ ਨੇ ਅਕਾਲੀ ਦਲ ਪੁਨਰਸੁਰਜੀਤੀ ਦੇ ਆਗੂਆਂ ਉੱਤੇ ਗੰਭੀਰ ਦੋਸ਼ ਲਗਾਉਂਦੇ ਹੋਏ ਪਾਰਟੀ ਛੱਡ ਦਿੱਤੀ ਸੀ। ਮੱਖਣ ਬਰਾੜ ਮਰਹੂਮ ਅਕਾਲੀ ਆਗੂ ਜਥੇਦਾਰ ਤੋਤਾ ਸਿੰਘ ਦੇ ਸਪੁੱਤਰ ਹਨ। ਸਮੁੱਚੇ ਜ਼ਿਲ੍ਹੇ ਅੰਦਰ ਹੀ ਜਥੇਦਾਰ ਤੋਤਾ ਸਿੰਘ ਦਾ ਅਜੇ ਵੀ ਵੱਡਾ ਪ੍ਰਭਾਵ ਮੰਨਿਆ ਜਾਂਦਾ ਹੈ। ਮੱਖਣ ਬਰਾੜ ਦੇ ਅਕਾਲੀ ਦਲ ਵਿੱਚ ਸ਼ਾਮਲ ਹੁੰਦਿਆਂ ਹੀ ਹਲਕੇ ਦੇ ਅਕਾਲੀ ਖ਼ੇਮੇ ਅੰਦਰ ਖ਼ੁਸ਼ੀ ਦੀ ਲਹਿਰ ਦੌੜੀ ਹੋਈ ਹੈ।

# ਕੁਦਰਤੀ ਮਾਰ ਹੇਠ ਆਏ ਕਿਸਾਨਾਂ ਲਈ ਮਸੀਹਾ ਬਣਿਆ ਜ਼ਮੀਨ ਮਾਲਕ; 30 ਏਕੜ ਦਾ ਠੇਕਾ ਕੀਤਾ ਮੁਆਫ਼



**ਬਠਿੰਡਾ, -ਰੋਜ਼ਾਨਾ ਸਵੇਰਾ-** ਮਾਲਵਾ ਖੇਤਰ ਵਿੱਚ ਬੀਤੇ ਸ਼ਨੀਵਾਰ ਹੋਈ ਭਾਰੀ ਗੜੇਮਾਰੀ ਨੇ ਕਿਸਾਨਾਂ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ। ਖ਼ਾਸ ਕਰਕੇ ਠੇਕੇ ’ਤੇ ਜ਼ਮੀਨ ਵਾਹੀ ਕਰਨ ਵਾਲੇ ਕਿਸਾਨ ਇਸ ਕੁਦਰਤੀ ਆਫ਼ਤ ਨਾਲ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। ਅਬਲੂ, ਕੋਠੇ ਸੰਧੂ, ਕੋਠੇ ਲਾਲ ਵਾਲੇ, ਕੋਠੇ ਚੇਤ ਸਿੰਘ ਵਾਲੇ, ਕੋਠੇ ਕੌਰ ਸਿੰਘ ਵਾਲੇ, ਮਹਿਮਾ ਸਰਕਾਰੀ, ਕਿਲੀ ਨਿਹਾਲ ਸਿੰਘ ਵਾਲਾ ਅਤੇ ਬਲੁਆਣਾ ਖੇਤਰ ਵਿੱਚ ਗੜੇਮਾਰੀ ਕਾਰਨ ਕਣਕ ਸਮੇਤ ਹੋਰ ਫਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ।

ਇਲਾਕੇ ਵਿੱਚ ਹੋਈ ਭਾਰੀ ਗੜੇਮਾਰੀ ਕਾਰਨ ਜਿੱਥੇ ਕਿਸਾਨਾਂ ਦੀਆਂ ਫਸਲਾਂ ਤਬਾਹ ਹੋ ਗਈਆਂ ਹਨ, ਉੱਥੇ ਹੀ ਗੁਰਦੌਰ ਸਿੰਘ ਸੰਧੂ ਨੇ ਵੱਡਾ ਦਿਲ ਦਿਖਾਉਂਦੇ ਹੋਏ ਆਪਣੀ 30 ਏਕੜ ਜ਼ਮੀਨ ਦਾ 6 ਮਹੀਨੇ ਦਾ ਠੇਕਾ ਛੱਡਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਔਖੀ ਘੜੀ ਵਿੱਚ ਕਿਸਾਨਾਂ ਸਿਰ ਕਰਜ਼ੇ ਦਾ ਬੋਝ ਪਾਉਣ ਦੀ ਬਜਾਏ ਉਨ੍ਹਾਂ ਦੀ ਬਾਂਹ ਫੜਨਾ ਸਮੇਂ ਦੀ ਮੁੱਖ ਲੋੜ ਹੈ।

ਇਸਦੇ ਨਾਲ ਹੀ ਉਨ੍ਹਾਂ ਸਮਾਜ ਦੇ ਹੋਰ ਵਰਗਾਂ ਅਤੇ ਜ਼ਮੀਨ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਗੁਰਬਤ ਮਾਰੇ ਕਿਸਾਨਾਂ ਦੀ ਬਾਂਹ ਫੜਨ ਅਤੇ ਇਸ ਔਖੇ ਵੇਲੇ ਉਨ੍ਹਾਂ ਦਾ ਸਾਥ ਦੇਣ, ਤਾਂ ਜੋ ਉਹ ਇਸ ਸੰਕਟ ਤੋਂ ਬਾਹਰ ਨਿਕਲ ਸਕਣ। ਉਨ੍ਹਾਂ ਸਰਕਾਰ ਤੋਂ ਵੀ ਮੰਗ ਕੀਤੀ ਕਿ ਤੁਰੰਤ ਗਿਰਦਾਵਰੀ ਕਰਵਾ ਕੇ ਨੁਕਸਾਨ ਦਾ ਯੋਗ ਮੁਆਵਜ਼ਾ ਦਿੱਤਾ ਜਾਵੇ। ਇਲਾਕੇ ਦੇ ਕਿਸਾਨਾਂ ਨੇ ਸੰਧੂ ਦੇ ਇਸ ਫੈਸਲੇ ਦੀ ਭਰਪੂਰ ਸਰਾਹਨਾ ਕਰਦੇ ਹੋਏ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਹੋਰਾਂ ਲਈ ਵੀ ਇਹ ਇੱਕ ਪ੍ਰੇਰਨਾ ਬਣੇਗਾ।

# ਵਿਧਾਇਕ ਬਲਜਿੰਦਰ ਕੌਰ ਨੇ ਮੁੱਖ ਖੇਤੀਬਾੜੀ ਅਧਿਕਾਰੀ ਦੇ ਤਬਾਦਲੇ ਦੀ ਕੀਤੀ ਮੰਗ



**ਬਠਿੰਡਾ, -ਰੋਜ਼ਾਨਾ ਸਵੇਰਾ-** ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੀ ਚੀਫ਼ ਵ੍ਹਿਪ ਅਤੇ ਬਠਿੰਡਾ ਜ਼ਿਲ੍ਹੇ ਦੇ ਤਲਵੰਡੀ ਸਾਬੋ ਤੋਂ ਵਿਧਾਇਕ ਬਲਜਿੰਦਰ ਕੌਰ ਨੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਪੱਤਰ ਲਿਖ ਕੇ ਬਠਿੰਡਾ ਦੇ ਮੁੱਖ ਖੇਤੀਬਾੜੀ ਅਧਿਕਾਰੀ ਦੀ ਬਦਲੀ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਅਧਿਕਾਰੀ ’ਤੇ ਸਹਿਯੋਗ ਨਾ ਦੇਣ ਦਾ ਦੋਸ਼ ਲਗਾਇਆ ਹੈ।

ਬਲਜਿੰਦਰ ਕੌਰ ਨੇ ਆਪਣੀ ਚਿੱਠੀ ਵਿੱਚ ਦੋਸ਼ ਲਗਾਇਆ ਕਿ ਇਸ ਅਧਿਕਾਰੀ ਵਿਰੁੱਧ ਕਈ ਸ਼ਿਕਾਇਤਾਂ ਹਨ।

ਉਨ੍ਹਾਂ ਕਿਹਾ ਕਿ ਅਧਿਕਾਰੀ ਨਾ ਤਾਂ ਉਨ੍ਹਾਂ ਦੇ ਫ਼ੋਨ ਚੁੱਕਦਾ ਹੈ ਅਤੇ ਨਾ ਹੀ ਸਰਕਾਰੀ ਕੰਮਾਂ ਵਿੱਚ ਸਹਿਯੋਗ ਦਿੰਦਾ ਹੈ, ਜਿਸ ਕਰਕੇ ਉਨ੍ਹਾਂ ਨੂੰ ਅਧਿਕਾਰੀ ਦੇ ਤਬਾਦਲੇ ਦੀ ਸਿਫਾਰਸ਼ ਕਰਨੀ ਪਈ।

ਇਨ੍ਹਾਂ ਦੋਸ਼ਾਂ ਦਾ ਜਵਾਬ ਦਿੰਦਿਆਂ ਮੁੱਖ ਖੇਤੀਬਾੜੀ ਅਧਿਕਾਰੀ ਹਰਬੰਸ ਸਿੰਘ ਨੇ ਅੱਜ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਨੂੰ ਵਿਧਾਇਕਾ ਦਾ ਫ਼ੋਨ ਆਇਆ ਸੀ ਪਰ ਉਹ ਵੀਡੀਓ ਕਾਨਫਰੰਸ ਵਿੱਚ ਸ਼ਾਮਲ ਹੋਣ ਕਾਰਨ ਫ਼ੋਨ ਨਹੀਂ ਚੁੱਕ ਸਕੇ। ਉਨ੍ਹਾਂ ਕਿਹਾ, ÷ਮੈਨੂੰ ਕੱਲ੍ਹ ਮੈਡਮ (ਵਿਧਾਇਕਾ) ਦਾ ਫ਼ੋਨ ਆਇਆ ਸੀ ਪਰ ਮੈਂ ਇੱਕ ਵੀਡੀਓ ਕਾਨਫਰੰਸ ਵਿੱਚ ਸੀ। ਬਾਅਦ ਵਿੱਚ ਮੈਂ ਉਨ੍ਹਾਂ ਦੇ ਨਿੱਜੀ ਸਹਾਇਕ (ਪੀ ਏ) ਨਾਲ ਸੰਪਰਕ ਕੀਤਾ ਅਤੇ ਦੱਸਿਆ ਕਿ ਮੈਂ ਉਨ੍ਹਾਂ ਨੂੰ ਮਿਲਣ ਆਵਾਂਗਾ। ਮੈਨੂੰ ਵੀਰਵਾਰ ਨੂੰ ਆਉਣ ਲਈ ਕਿਹਾ ਗਿਆ ਸੀ ਪਰ ਅੱਜ ਫਿਰ ਉਹ ਕਿਸੇ ਕੰਮ ਵਿੱਚ ਰੁੱਝੇ ਹੋਏ ਹਨ।÷

ਇਸ ਮਾਮਲੇ ਬਾਰੇ ਵਿਧਾਇਕਾ ਬਲਜਿੰਦਰ ਕੌਰ ਦਾ ਪੱਖ ਜਾਣਨ ਲਈ ਉਨ੍ਹਾਂ ਨੂੰ ਵਾਰ-ਵਾਰ ਫ਼ੋਨ ਅਤੇ ਵਟਸਐਪ ਸੰਦੇਸ਼ ਭੇਜੇ ਗਏ ਪਰ ਉਨ੍ਹਾਂ ਨੇ ਕੋਈ ਜਵਾਬ ਨਹੀਂ ਦਿੱਤਾ। ਜ਼ਿਕਰਯੋਗ ਹੈ ਕਿ ਇਹ ਘਟਨਾ ਉਸ ਸਮੇਂ ਵਾਪਰੀ ਹੈ ਜਦੋਂ ਮੀਂਹ ਅਤੇ ਗੜੇਮਾਰੀ ਨੇ ਸੂਬੇ ਦੇ ਵੱਡੇ ਹਿੱਸੇ ਵਿੱਚ ਕਣਕ ਦੀ ਫ਼ਸਲ ਨੂੰ ਨੁਕਸਾਨ ਪਹੁੰਚਾਇਆ ਹੈ।

# ਜੈਤੋ ਨੂੰ ਦੇਣਗੇ 30.68 ਕਰੋੜ ਦੀ ਸੌਗਾਤ : ਮਾਨ




**ਜੈਤੋ, -ਰੋਜ਼ਾਨਾ ਸਵੇਰਾ-** ਇਲਾਕਾ ਜੈਤੋ ਦੇ ਲੱਖਾਂ ਲੋਕਾਂ ਦੀਆਂ ਚਿਰਕੋਣੀਆਂ ਆਸਾਂ ਨੂੰ ਭਲਕੇ ਬੂਰ ਪੈਣ ਜਾ ਰਿਹਾ ਹੈ। ਹੁਣ ਬਿਮਾਰਾਂ ਨੂੰ ਆਪਣੇ ਇਲਾਜ ਲਈ ਮੀਲਾਂ ਦੂਰ ਹੋਰਨਾਂ ਸ਼ਹਿਰ ਵਿੱਚ ਨਹੀਂ ਜਾਣਾ ਪਵੇਗਾ। ਖੇਡ ਪ੍ਰੇਮੀਆਂ ਲਈ ਖ਼ੁਸ਼ਖ਼ਬਰ ਇਹ ਹੈ ਕਿ ਪੰਜਾਬ ਸਰਕਾਰ ਉਨ੍ਹਾਂ ਦੇ ਮੱਕੇ (ਸਟੇਡੀਅਮ) ਦਾ ਮੂੰਹ ਮੱਥਾ ਸੰਵਾਰ ਕੇ ਆਧੁਨਿਕ ਸਹੂਲਤਾਂ ਨਾਲ ਲੈਸ ਕਰੇਗੀ। ਅਜਿਹੇ ਹੀ ਕਈ ਹੋਰ ਅਹਿਮ ਪ੍ਰਾਜੈਕਟਾਂ ਸਬੰਧੀ ਮੁੱਖ ਮੰਤਰੀ ਆਪਣੇ ਕਰ-ਕਮਲਾਂ ਨਾਲ ਨੀਂਹ ਪੱਥਰ ਰੱਖਣਗੇ।

ਇਸ ਜਾਣਕਾਰੀ ਦੀ ਜੈਤੋ ਦੇ ਵਿਧਾਇਕ ਅਮੋਲਕ ਸਿੰਘ ਨੇ ਪੁਸ਼ਟੀ ਕਰਦਿਆਂ ਦੱਸਿਆ ਕਿ ਭਲਕੇ 5 ਅਪਰੈਲ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿੱਥੇ ਦਾਣਾ ਮੰਡੀ ਵਿੱਚ ਜਨਤਕ ਰੈਲੀ ਨੂੰ ਸੰਬੋਧਨ ਕਰਨਗੇ, ਉੱਥੇ ਹੀ ਇਲਾਕੇ ਦੇ ਵਿਕਾਸ ਲਈ 30.68 ਕਰੋੜ ਦੀਆਂ ਕਈ ਸੌਗਾਤਾਂ ਵੀ ਦੇਣਗੇ। ਮੁੱਖ ਮੰਤਰੀ ‘ਸੇਠ ਰਾਮ ਨਾਥ ਕਮਿਊਨਟੀ ਹੈਲਥ ਸੈਂਟਰ ਜੈਤੋ’ ਨੂੰ ਅਪਗਰੇਡ ਕਰਕੇ ‘ਸਿਵਲ ਹਪਸਤਾਲ’ ਦਾ ਦਰਜਾ ਦੇਣਗੇ।

ਗੌਰਤਲਬ ਹੈ ਕਿ ਨਿਯਮਾਂ ਅਨੁਸਾਰ ਸਬ ਡਿਵੀਜ਼ਨ ਪੱਧਰ ’ਤੇ ਘੱਟੋ-ਘੱਟ 50 ਬਿਸਤਰਿਆਂ ਦਾ ਸਿਵਲ ਹਸਪਤਾਲ ਹੁੰਦਾ ਹੈ, ਪਰ ਬੇਅੰਤ ਸਿੰਘ ਸਰਕਾਰ ਵੇਲੇ ਸਬ ਡਿਵੀਜ਼ਨ ਦਾ ਰੁਤਬਾ ਹਾਸਿਲ ਕਰ ਚੁੱਕੇ ਜੈਤੋ ਕੋਲ ਹਾਲੇ ਵੀ 30 ਬਿਸਤਰਿਆਂ ਦਾ ਕਮਿਊਨਟੀ ਸੈਂਟਰ ਹੀ ਹੈ। ਰੋਜ਼ਾਨਾ ਦੀ ਕਰੀਬ 300 ਮਰੀਜ਼ਾਂ ਦੀ ਓ ਪੀ ਡੀ ਵਾਲੇ ਇਸ ਸੈਂਟਰ ਕੋਲ ਲੋੜੀਂਦਾ ਸਟਾਫ਼ ਨਹੀਂ ਅਤੇ ਵੱਡੀ ਗੱਲ ਕਿ ਐਮਰਜੈਂਸੀ ਸੇਵਾਵਾਂ ਬਿਲਕੁਲ ਨਹੀਂ ਹਨ। ਹੰਗਾਮੀ ਹਾਲਤ ਵਾਲੇ ਮਰੀਜ਼ਾਂ ਨੂੰ ਉਚਿਤ ਇਲਾਜ ਲਈ 30-30 ਕਿਲੋਮੀਟਰ ਦੂਰ ਫ਼ਰੀਦਕੋਟ ਜਾਂ ਬਠਿੰਡੇ ਲਿਜਾਣਾ ਪੈਂਦਾ ਹੈ। ਸਿਹਤ ਕੇਂਦਰ ਦੇ ਦਰਵਾਜ਼ਿਆਂ ਉੱਪਰ ‘ਸੀ ਐਚ ਸੀ’ ਅਤੇ ‘ਸਿਵਲ ਹਪਸਤਾਲ’ ਉੱਕਰੇ ਨਾਲੋ-ਨਾਲ ਲੱਗੇ ਬੋਰਡ ਅਦਾਰੇ ਦੇ ਅਸਲ ਰੁਤਬੇ ਬਾਰੇ ਭੰਬਲਭੂਸਾ ਪੈਦਾ ਕਰਦੇ ਹਨ। ਉਂਜ ਇਸ ਕੇਂਦਰ ਕੋਲ ਆਪਣੀ ਆਲ੍ਹੀਸ਼ਾਨ ਇਮਾਰਤ ਮੌਜੂਦ ਹੈ। ਅਮੋਲਕ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਇਸ ਕੇਂਦਰ ਨੂੰ ਅਪਗਰੇਡ ਕਰਨ ਲਈ 8 ਕਰੋੜ ਰੁਪਏ ਫੰਡ ਵਜੋਂ ਦੇਣ ਦਾ ਐਲਾਨ ਕਰਨਗੇ।ਇਸੇ ਤਰ੍ਹਾਂ ਇੱਥੋਂ ਦਾ ਖਸਤਾ ਹਾਲ ਹੋ ਚੁੱਕਾ ਖੇਡ ਸਟੇਡੀਅਮ ਵੀ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਲਈ ਨਿਰਾਸ਼ਾ ਦਾ ਸਬੱਬ ਬਣਿਆ ਹੋਇਆ ਹੈ। ਵਿਧਾਇਕ ਨੇ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਰੁਚਿਤ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਸਟੇਡੀਅਮ ਦੇ ਨਵੀਨੀਕਰਨ ਲਈ 2 ਕਰੋੜ ਰੁਪਏ ਜਾਰੀ ਕਰਨਗੇ।

ਉਨ੍ਹਾਂ ਹੋਰ ਦੱਸਿਆ ਕਿ ਜੈਤੋ ਸ਼ਹਿਰ ਵਿੱਚ ਵਾਟਰ ਸਪਲਾਈ ਅਤੇ ਸੀਵਰੇਜ ਪ੍ਰਣਾਲੀ ਨੂੰ ਸੁਧਾਰਨ ਲਈ ਲਗਪਗ 12 ਕਰੋੜ ਰੁਪਏ ਦੀ ਲਾਗਤ ਨਾਲ ਡੀ ਆਈ ਕੇ-7 ਪਾਈਪ ਰਾਈਜ਼ਿੰਗ ਮੇਨ ਪਾਉਣ ਦਾ ਪ੍ਰਾਜੈਕਟ ਤਿਆਰ ਕੀਤਾ ਗਿਆ ਹੈ, ਜਿਸ ਨਾਲ ਡਰੇਨੇਜ ਅਤੇ ਸੀਵਰੇਜ ਓਵਰਫ਼ਲੋਅ ਦੀ ਸਮੱਸਿਆ ਦਾ ਹੱਲ ਹੋਵੇਗਾ।

# ਆਪ ਮਹਿਲਾ ਵਿੰਗ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਦੋ ਮਹੀਨਿਆਂ ਬਾਅਦ ਵੀ ਫਰਾਰ

**ਬਠਿੰਡਾ, -ਰੋਜ਼ਾਨਾ ਸਵੇਰਾ-** ਵਿਜੀਲੈਂਸ ਬਿਊਰੋ (VB) ਵੱਲੋਂ ਸੱਤਾਧਾਰੀ ‘ਆਪ’ ਦੀ ਸਾਬਕਾ ਜ਼ਿਲ੍ਹਾ ਮਹਿਲਾ ਵਿੰਗ ਪ੍ਰਧਾਨ ਸਤਵੀਰ ਕੌਰ ਵਿਰੁੱਧ ਨੌਕਰੀ ਲਈ ਰਿਸ਼ਵਤ ਲੈਣ ਦੇ ਕਥਿਤ ਮਾਮਲੇ ਵਿੱਚ ਕੇਸ ਦਰਜ ਕੀਤੇ ਜਾਣ ਦੇ ਦੋ ਮਹੀਨੇ ਬਾਅਦ ਵੀ ਕੋਈ ਗ੍ਰਿਫ਼ਤਾਰੀ ਨਹੀਂ ਹੋਈ ਹੈ ਅਤੇ ਮੁਲਜ਼ਮ ਅਜੇ ਵੀ ਫਰਾਰ ਹੈ।ਸਤਵੀਰ ਕੌਰ, ਜੋ ਕਿ ਪਿੰਡ ਕਾਲਝਰਾਣੀ ਦੀ ਮੌਜੂਦਾ ਸਰਪੰਚ ਵੀ ਹੈ, ’ਤੇ 25 ਜਨਵਰੀ ਨੂੰ ਪੰਜਾਬ ਸਟੇਟ ਫਾਰੈਸਟ ਡਿਵੈਲਪਮੈਂਟ ਕਾਰਪੋਰੇਸ਼ਨ ਦੇ ਚੇਅਰਮੈਨ ਰਾਕੇਸ਼ ਪੁਰੀ ਨਾਲ ਕਥਿਤ ਮਿਲੀਭੁਗਤ ਕਰਕੇ ਇੱਕ ਠੇਕੇ ’ਤੇ ਰੱਖੇ ਡਰਾਈਵਰ ਤੋਂ ਮਹੀਨਾਵਾਰ ਰਿਸ਼ਵਤ ਮੰਗਣ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਗਿਆ ਸੀ।

ਇਹ ਕੇਸ ਜਤਿੰਦਰ ਸਿੰਘ ਦੀ ਸ਼ਿਕਾਇਤ ’ਤੇ ਦਰਜ ਕੀਤਾ ਗਿਆ ਸੀ, ਜੋ ਪੁਰੀ ਨਾਲ ਡਰਾਈਵਰ ਵਜੋਂ ਤਾਇਨਾਤ ਸੀ। ਉਸ ਨੇ ਦੋਸ਼ ਲਾਇਆ ਕਿ ਰਿਸ਼ਵਤ ਦੇਣ ਤੋਂ ਇਨਕਾਰ ਕਰਨ ’ਤੇ ਅਕਤੂਬਰ 2023 ਵਿੱਚ ਉਸ ਨੂੰ ਸੇਵਾ ਤੋਂ ਹਟਾ ਦਿੱਤਾ ਗਿਆ ਸੀ। ਹਾਲਾਂਕਿ, ਪੁਰੀ ਨੇ ਕਿਸੇ ਵੀ ਤਰ੍ਹਾਂ ਦੀ ਸ਼ਮੂਲੀਅਤ ਤੋਂ ਇਨਕਾਰ ਕਰਦਿਆਂ ਕਿਹਾ ਹੈ ਕਿ ਉਹ ਪਹਿਲਾਂ ਹੀ ਵਿਜੀਲੈਂਸ ਅਧਿਕਾਰੀਆਂ ਕੋਲ ਆਪਣਾ ਬਿਆਨ ਦਰਜ ਕਰਵਾ ਚੁੱਕੇ ਹਨ।

ਐਫਆਈਆਰ ਦੇ ਅਨੁਸਾਰ, ਸ਼ਿਕਾਇਤਕਰਤਾ ਨੇ ਆਪਣੇ ਦੋਸ਼ਾਂ ਦੇ ਸਮਰਥਨ ਵਿੱਚ ਇੱਕ ਪੈੱਨ ਡਰਾਈਵ ਵਿੱਚ 11 ਆਡੀਓ ਅਤੇ ਵੀਡੀਓ ਰਿਕਾਰਡਿੰਗਾਂ ਜਮ੍ਹਾਂ ਕਰਵਾਈਆਂ ਹਨ। ਵਿਜੀਲੈਂਸ ਬਿਊਰੋ ਨੇ ਨੋਟ ਕੀਤਾ ਕਿ ਇਨ੍ਹਾਂ ਰਿਕਾਰਡਿੰਗਾਂ ਤੋਂ ਪਤਾ ਲੱਗਦਾ ਹੈ ਕਿ ਸਤਵੀਰ ਕੌਰ ਨੇ ਪ੍ਰਤੀ ਮਹੀਨਾ 8,500 ਰੁਪਏ ਦੀ ਮੰਗ ਨੂੰ ਸਵੀਕਾਰ ਕੀਤਾ ਸੀ ਅਤੇ ਚੇਅਰਮੈਨ ਦੇ ਦਫ਼ਤਰ ਵਿੱਚ ਹੋਈਆਂ ਚਰਚਾਵਾਂ ਦਾ ਹਵਾਲਾ ਦਿੱਤਾ ਸੀ। ਕਥਿਤ ਤੌਰ ’ਤੇ ਉਹ 10,000 ਰੁਪਏ ਪ੍ਰਾਪਤ ਕਰਨ ਦੀ ਗੱਲ ਮੰਨਦੇ ਹੋਏ ਅਤੇ ਬਾਕੀ ਰਕਮ ਦੀ ਮੰਗ ਕਰਦੇ ਹੋਏ ਵੀ ਸੁਣੀ ਗਈ ਹੈ।

ਵਿਜੀਲੈਂਸ ਬਿਊਰੋ ਬਠਿੰਡਾ ਦੀ ਇੰਸਪੈਕਟਰ ਰਾਜਨਦੀਪ ਕੌਰ ਨੇ ਦੱਸਿਆ, ਸਤਵੀਰ ਨੂੰ ਉਸ ਦੇ ਪਤੀ ਰਾਹੀਂ ਸੱਤ ਦਿਨਾਂ ਦਾ ਨੋਟਿਸ ਦਿੱਤਾ ਗਿਆ ਸੀ, ਜਿਸ ਦੀ ਮਿਆਦ ਖਤਮ ਹੋ ਚੁੱਕੀ ਹੈ। ਉਦੋਂ ਤੋਂ ਉਸਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ। ਜੇਕਰ ਉਹ ਗ੍ਰਿਫ਼ਤਾਰੀ ਤੋਂ ਬਚਦੀ ਰਹੀ, ਤਾਂ ਉਸ ਨੂੰ ਭਗੌੜਾ (PO) ਐਲਾਨਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ।

## ਹਰਿਆਣਾ ਵਿੱਚ ਘੱਟੋ-ਘੱਟ ਮਜ਼ਦੂਰੀ ਵਿੱਚ ਇਤਿਹਾਸਕ ਵਾਧੇ 'ਤੇ ਮਜ਼ਦੂਰ ਸੰਗਠਨਾਂ ਨੇ ਮੁੱਖ ਮੰਤਰੀ ਦਾ ਜਤਾਇਆ ਧੰਨਵਾਦ



**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਭਾਰਤੀ ਮਜ਼ਦੂਰ ਸੰਘ ਸਮੇਤ ਵੱਖ-ਵੱਖ ਮਜ਼ਦੂਰ ਸੰਗਠਨਾਂ ਦੇ ਵਫ਼ਦ ਨੇ ਮੁਲਾਕਾਤ ਕਰਕੇ ਘੱਟੋ-ਘੱਟ ਮਜ਼ਦੂਰੀ ਵਿੱਚ ਕੀਤੇ ਗਏ ਇਤਿਹਾਸਕ ਵਾਧੇ ਲਈ ਉਨ੍ਹਾਂ ਦਾ ਧੰਨਵਾਦ ਪ੍ਰਗਟਾਇਆ।

ਮੁੱਖ ਮੰਤਰੀ ਨਾਲ ਇਹ ਮੁਲਾਕਾਤ ਸੰਤ ਕਬੀਰ ਕੁਟੀਰ ਆਵਾਸ ਵਿਖੇ ਹੋਈ, ਇਸ ਦੌਰਾਨ ਵਫ਼ਦ ਦੀ ਅਗਵਾਈ ਭਾਰਤੀ ਮਜ਼ਦੂਰ ਸੰਘ ਦੇ ਆਲ ਇੰਡੀਆ ਵਾਇਸ ਪ੍ਰੈਜ਼ੀਡੈਂਟ ਪਵਨ ਕੁਮਾਰ ਨੇ ਕੀਤੀ। ਵਫ਼ਦ ਵਿੱਚ ਸ਼ਾਮਲ ਮੈਂਬਰਾਂ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦਾ ਪੱਗੜੀ ਪਹਿਨਾ ਕੇ ਸਨਮਾਨ ਵੀ ਕੀਤਾ। ਇਸ ਦੌਰਾਨ ਉਨ੍ਹਾਂ ਨੇ ਮੁੱਖ ਮੰਤਰੀ ਦਾ ਮੂੰਹ ਵੀ ਮਿੱਠਾ ਕਰਵਾਇਆ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਹਮੇਸ਼ਾ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੀ ਭਲਾਈ ਲਈ ਵਚਨਬੱਧ ਹੈ। ਸਰਕਾਰ ਦਾ ਉਦੇਸ਼ ਪ੍ਰਦੇਸ਼ ਦੇ ਮਜ਼ਦੂਰ ਵਰਗ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਕਰਨਾ ਹੈ।

ਭਾਰਤੀ ਮਜ਼ਦੂਰ ਸੰਘ ਦੇ ਆਲ ਇੰਡੀਆ ਵਾਇਸ ਪ੍ਰੈਜ਼ੀਡੈਂਟ ਸ੍ਰੀ ਪਵਨ ਕੁਮਾਰ ਨੇ ਕਿਹਾ ਕਿ ਹਰਿਆਣਾ ਸਰਕਾਰ ਨੇ ਮਜ਼ਦੂਰਾਂ ਦੇ ਹਿੱਤ ਵਿੱਚ ਵੱਡਾ ਕਦਮ ਚੁੱਕਿਆ ਹੈ। ਘੱਟੋ-ਘੱਟ ਮਜ਼ਦੂਰੀ ਸਲਾਹਕਾਰ ਬੋਰਡ (Minimum Wage Advisory Board) ਦੀ ਐਕਸਪਰਟ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਹਰਿਆਣਾ ਸਰਕਾਰ ਨੇ ਬਜਟ ਵਿੱਚ ਘੱਟੋ-ਘੱਟ ਮਜ਼ਦੂਰੀ ਵਧਾਉਣ ਦਾ ਐਲਾਨ ਕੀਤਾ। ਹਾਲ ਹੀ ਵਿੱਚ ਸਰਕਾਰ ਨੇ ਅਕੁਸ਼ਲ ਮਜ਼ਦੂਰਾਂ ਦੀ ਘੱਟੋ-ਘੱਟ ਮਜ਼ਦੂਰੀ ਵਧਾ ਕੇ ਲਗਭਗ 15,220 ਪ੍ਰਤੀ ਮਹੀਨਾ ਕੀਤੀ ਹੈ, ਜੋ ਕਿ ਲਗਭਗ 35% ਦਾ ਵਾਧਾ ਹੈ। ਇਹ ਵਾਧਾ ਰਾਸ਼ੀ ਦੇ ਰੂਪ ਵਿੱਚ 4 ਹਜ਼ਾਰ ਤੋਂ ਵੱਧ ਬਣਦਾ ਹੈ। ਇਸ ਫੈਸਲੇ ਨਾਲ ਪ੍ਰਦੇਸ਼ ਦੇ ਮਜ਼ਦੂਰ ਵਰਗ ਵਿੱਚ ਖੁਸ਼ੀ ਦੀ ਲਹਿਰ ਹੈ। ਮਜ਼ਦੂਰ ਸੰਗਠਨਾਂ ਦੇ ਪ੍ਰਤੀਨਿਧਾਂ ਨੇ ਕਿਹਾ ਕਿ ਇਹ ਹਰਿਆਣਾ ਵਿੱਚ ਪਹਿਲੀ ਵਾਰ ਇੰਨਾ ਵੱਡਾ ਤਨਖਾਹ ਵਾਧਾ ਹੈ, ਜਿਸ ਨਾਲ ਲੱਖਾਂ ਮਜ਼ਦੂਰਾਂ ਨੂੰ ਸਿੱਧਾ ਲਾਭ ਮਿਲੇਗਾ। ਉਨ੍ਹਾਂ ਨੇ ਮੁੱਖ ਮੰਤਰੀ ਨੂੰ ਇੱਕ ਜਨਤਕ ਅਭਿਨੰਦਨ ਸਮਾਰੋਹ ਆਯੋਜਿਤ ਕਰਨ ਦੀ ਵੀ ਬੇਨਤੀ ਕੀਤੀ, ਜਿਸ ਨੂੰ ਉਨ੍ਹਾਂ ਨੇ ਖੁਸ਼ੀ-ਖੁਸ਼ੀ ਸਵੀਕਾਰ ਕਰਦੇ ਹੋਏ ਸਮਾਂ ਦੇਣ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਮੌਜੂਦ ਰਹੇ ਹਰਿਆਣਾ ਦੇ ਕਿਰਤ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਰਾਜੀਵ ਰੰਜਨ ਨੇ ਇਸ ਨੂੰ ਮਜ਼ਦੂਰ ਹਿੱਤ ਵਿੱਚ ਚੁੱਕਿਆ ਗਿਆ ਇਤਿਹਾਸਕ ਕਦਮ ਦੱਸਦੇ ਹੋਏ ਕਿਹਾ ਕਿ ਹਰਿਆਣਾ ਸਰਕਾਰ ਨੇ ਦੇਸ਼ ਵਿੱਚ ਸਭ ਤੋਂ ਪਹਿਲਾਂ ਨਵੇਂ ਕਿਰਤ ਕਾਨੂੰਨ ਤਹਿਤ ਘੱਟੋ-ਘੱਟ ਮਜ਼ਦੂਰੀ ਵਿੱਚ ਵਾਧਾ ਕੀਤਾ ਹੈ। ਇਸ ਦਾ ਸਾਰੇ ਵਰਗਾਂ ਦੇ ਮਜ਼ਦੂਰਾਂ ਨੂੰ ਫਾਇਦਾ ਹੋਵੇਗਾ। ਸਰਕਾਰ ਨੇ ਇਸ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ।

ਇਸ ਦੌਰਾਨ ਜੁਆਇੰਟ ਲੇਬਰ ਕਮਿਸ਼ਨਰ ਸ੍ਰੀ ਪਰਮਜੀਤ ਸਿੰਘ, ਸਟੇਟ ਪ੍ਰੈਜ਼ੀਡੈਂਟ ਸ੍ਰੀ ਅਸ਼ੋਕ ਕੁਮਾਰ, ਜਨਰਲ ਸੈਕਟਰੀ ਸ੍ਰੀ ਹਵਾ ਸਿੰਘ ਵੀ ਮੌਜੂਦ ਸਨ।

## ਊਰਜਾ ਮੰਤਰੀ ਅਨਿਲ ਵਿਜ ਦਿਤੇ ਸਖ਼ਤ ਨਿਰਦੇਸ਼; ਹਰਿਆਣਾ ਵਿੱਚ ਬਿਨ੍ਹਾਂ ਰੁਕਾਵਟ ਅਤੇ ਗੁਣਵੱਤਾਪੂਰਨ ਬਿਜਲੀ ਸਪਲਾਈ ਯਕੀਨੀ ਹੋਵੇਗੀ

**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਹਰਿਆਣਾ ਦੇ ਊਰਜਾ ਮੰਤਰੀ ਅਨਿਲ ਵਿਜ ਨੇ ਰਾਜ ਨੂੰ ਊਰਜਾ ਖੇਤਰ ਵਿੱਚ ਮੋਹਰੀ ਬਣਾਉਣ ਦੇ ਉਦੇਸ਼ ਨਾਲ ਊਰਜਾ ਵਿਭਾਗ ਦੇ ਅਧਿਕਾਰੀਆਂ ਨੂੰ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਨਿਰਦੇਸ਼ ਦਿੱਤਾ ਕਿ ਇਨ੍ਹਾਂ ਦਾ ਪ੍ਰਭਾਵੀ ਲਾਗੂ ਯਕੀਨੀ ਬਣਾਉਂਦੇ ਹੋਏ ਸੂਬੇ ਦੇ ਬਿਜਲੀ ਖਪਤਕਾਰਾਂ ਨੂੰ ਗੁਣਵੱਤਾਪੂਰਨ ਅਤੇ ਬਿਨ੍ਹਾਂ ਰੁਕਾਵਟ ਬਿਜਲੀ ਸਪਲਾਈ ਪ੍ਰਦਾਨ ਕੀਤੀ ਜਾਵੇ। ਉਨ੍ਹਾਂ ਐਲਾਨ ਕਰਦਿਆਂ ਕਿਹਾ ਕਿ ਸਰਕਾਰੀ ਇਮਾਰਤਾਂ ਵਿੱਚ ਸੋਲਰ ਸਿਸਟਮ ਅਤੇ 'ਪੀਐਮ ਸੂਰਿਆ ਘਰ ਯੋਜਨਾ' ਦੇ ਪ੍ਰਭਾਵੀ ਲਾਗੂ ਕਰਨ ਤਹਿਤ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਸਰਕਲ ਨੂੰ ਅਵਾਰਡ ਦਿੱਤਾ ਜਾਵੇਗਾ।

ਸ੍ਰੀ ਵਿਜ ਅੱਜ ਚੰਡੀਗੜ੍ਹ ਵਿੱਚ ਊਰਜਾ ਵਿਭਾਗ ਦੇ ਸੂਬੇ ਭਰ ਤੋਂ ਆਏ ਸੀਨੀਅਰ ਅਧਿਕਾਰੀਆਂ ਦੀ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਊਰਜਾ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਸ੍ਰੀਮਤੀ ਆਸ਼ਿਮਾ ਬਰਾੜ ਅਤੇ ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਤੇ ਦੱਖਣ ਹਰਿਆਣਾ ਬਿਜਲੀ ਵੰਡ ਨਿਗਮ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਵਿਕਰਮ ਸਿੰਘ ਵੀ ਮੌਜੂਦ ਸਨ। ਮੀਟਿੰਗ ਦੇ ਸ਼ੁਰੂ ਵਿੱਚ ਸ੍ਰੀ ਵਿਜ ਨੇ ਵਿਭਾਗੀ ਅਧਿਕਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਧੀਕ ਮੁੱਖ ਸਕੱਤਰ ਦਾ ਅਹੁਦਾ ਲੰਬੇ ਸਮੇਂ ਤੋਂ ਖਾਲੀ ਰਹਿਣ ਦੇ ਬਾਵਜੂਦ ਵਿਭਾਗੀ ਕੰਮਾਂ ਵਿੱਚ ਕੋਈ ਵੱਡੀ ਰੁਕਾਵਟ ਨਹੀਂ ਆਈ ਅਤੇ ਕੰਮ ਸੁਚਾਰੂ ਰੂਪ ਵਿੱਚ ਚੱਲਦੇ ਰਹੇ।

ਪਿਛਲੇ ਛੇ ਮਹੀਨਿਆਂ ਵਿੱਚ ਬਿਜਲੀ ਸਪਲਾਈ ਵਿੱਚ ਆਏ ਵਿਘਨ ਦੀ ਸਮੀਖਿਆ ਕਰਦਿਆਂ ਉਨ੍ਹਾਂ ਸਪੱਸ਼ਟ ਨਿਰਦੇਸ਼ ਦਿੱਤੇ ਕਿ ਸ਼ਹਿਰੀ ਖੇਤਰਾਂ ਵਿੱਚ ਵੱਧ ਤੋਂ ਵੱਧ ਦੋ ਘੰਟੇ ਅਤੇ ਗ੍ਰਾਮੀਣ ਖੇਤਰਾਂ ਵਿੱਚ ਚਾਰ ਘੰਟੇ ਤੋਂ ਵੱਧ ਬਿਜਲੀ ਬੰਦ ਨਹੀਂ ਹੋਣੀ ਚਾਹੀਦੀ। ਇਸ ਤੋਂ ਵੱਧ ਸਮਾਂ



ਹੋਣ 'ਤੇ ਸਬੰਧਤ ਅਧਿਕਾਰੀਆਂ, ਖਾਸ ਕਰਕੇ ਐਸ.ਈ. ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਗੰਭੀਰ ਮਾਮਲਿਆਂ ਵਿੱਚ ਮੁਅੱਤਲੀ ਤੱਕ ਦੀ ਕਾਰਵਾਈ ਸੰਭਵ ਹੋਵੇਗੀ।

ਉਨ੍ਹਾਂ ਟ੍ਰਾਂਸਫਾਰਮਰਾਂ ਨੂੰ ਤੁਰੰਤ ਬਦਲਣ 'ਤੇ ਜ਼ੋਰ ਦਿੰਦਿਆਂ ਨਿਰਦੇਸ਼ ਦਿੱਤਾ ਕਿ ਮੁਰੰਮਤ ਕੰਮਾਂ ਦੌਰਾਨ ਮੇਨਟੇਨੈਂਸ ਸਟਾਫ ਕੋਲ ਲੋੜੀਂਦੇ ਉਪਕਰਨ, ਸੁਰੱਖਿਆ ਸਾਧਨ ਅਤੇ ਟ੍ਰਾਂਸਫਾਰਮਰ ਟ੍ਰਾਲੀ ਉਪਲਬਧ ਹੋਣੀ ਚਾਹੀਦੀ ਹੈ। ਇਸ 'ਤੇ ਕਮਿਸ਼ਨਰ ਅਤੇ ਸਕੱਤਰ ਨੇ ਭਰੋਸਾ ਦਿੱਤਾ ਕਿ ਦੋ ਦਿਨਾਂ ਦੇ ਅੰਦਰ ਸਾਰੇ ਕਰਮਚਾਰੀਆਂ ਨੂੰ ਲੋੜੀਂਦੇ ਸੁਰੱਖਿਆ ਉਪਕਰਨ ਮੁਹੱਈਆ ਕਰਵਾ ਦਿੱਤੇ ਜਾਣਗੇ।

ਸ੍ਰੀ ਵਿਜ ਨੇ ਇਹ ਵੀ ਨਿਰਦੇਸ਼ ਦਿੱਤਾ ਕਿ ਭਵਿੱਖ ਵਿੱਚ ਸਥਾਪਿਤ ਹੋਣ ਵਾਲੇ ਸਾਰੇ ਬਿਜਲੀ ਸਬ-ਸਟੇਸ਼ਨ ਜਲਭਰਾਵ (ਵਾਟਰਲਾਗਿੰਗ) ਵਾਲੇ ਖੇਤਰਾਂ ਵਿੱਚ ਨਾ ਬਣਾਏ ਜਾਣ ਜਾਂ ਉਨ੍ਹਾਂ ਨੂੰ ਸੰਭਾਵਿਤ ਜਲ ਪੱਧਰ ਤੋਂ ਘੱਟੋ-ਘੱਟ ਦੋ ਫੁੱਟ ਦੀ ਉਚਾਈ 'ਤੇ ਸਥਾਪਿਤ ਕੀਤਾ ਜਾਵੇ। ਇਸ ਦੇ ਲਈ ਸਬੰਧਤ ਵਿਭਾਗ ਤੋਂ ਐਨ.ਓ.ਸੀ. ਲੈਣਾ ਵੀ ਲਾਜ਼ਮੀ ਹੋਵੇਗਾ। ਨਾਲ ਹੀ, ਉਨ੍ਹਾਂ ਸਬ-ਸਟੇਸ਼ਨਾਂ ਦੀ ਸਾਂਭ-ਸੰਭਾਲ ਅਤੇ ਅਪਗ੍ਰੇਡੇਸ਼ਨ ਲਈ ਵੀ ਨਿਰਦੇਸ਼ ਜਾਰੀ ਕੀਤੇ। ਵਰਖਾ ਰੁੱਤ ਤੋਂ ਪਹਿਲਾਂ ਬਿਜਲੀ ਦੀਆਂ ਲਾਈਨਾਂ ਦੇ ਨੇੜੇ ਸਥਿਤ ਦਰੱਖਤਾਂ ਦੀ ਛਾਂਟੀ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ ਗਏ, ਤਾਂ ਜੋ ਹਨੇਰੀ-ਤੂਫ਼ਾਨ ਦੌਰਾਨ ਬਿਜਲੀ ਸਪਲਾਈ ਵਿੱਚ ਰੁਕਾਵਟ ਨਾ ਆਵੇ।

ਉਪਕਰਨਾਂ ਦੀ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਤਾਲਮੇਲ ਵਧਾਉਣ ਲਈ ਸ੍ਰੀ ਵਿਜ ਨੇ ਇੱਕ ਸਮਰਪਿਤ ਆਨਲਾਈਨ ਪੋਰਟਲ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ। ਇਸ ਪੋਰਟਲ 'ਤੇ ਪੂਰੇ ਰਾਜ ਵਿੱਚ ਵਰਤੇ ਜਾਣ ਵਾਲੇ ਉਪਕਰਨਾਂ ਦਾ ਵੇਰਵਾ ਉਪਲਬਧ ਰਹੇਗਾ, ਜਿਸ ਨਾਲ ਬੇਲੋੜੀ ਦੁਹਰਾਈ ਨੂੰ ਰੋਕਿਆ ਜਾ ਸਕੇਗਾ ਅਤੇ ਲੋੜ ਅਨੁਸਾਰ ਸਾਧਨਾਂ ਦੀ ਬਿਹਤਰ ਵਰਤੋਂ ਕੀਤੀ ਜਾ ਸਕੇਗੀ। ਪੋਰਟਲ ਵਿੱਚ ਐਡਮਿਨ ਡੈਸ਼ਬੋਰਡ ਦੀ ਵਿਵਸਥਾ ਵੀ ਹੋਵੇਗੀ, ਜਿਸ ਨਾਲ ਸੀਨੀਅਰ ਅਧਿਕਾਰੀ ਮੰਗ ਅਤੇ ਖਰੀਦ ਯੋਜਨਾ ਦੀ ਨਿਗਰਾਨੀ ਕਰ ਸਕਣਗੇ।

ਬਿਜਲੀ ਚੋਰੀ ਦੇ ਮਾਮਲਿਆਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਨਿਰਦੇਸ਼ ਦਿੱਤਾ ਕਿ ਅਗਲੇ ਤਿੰਨ ਮਹੀਨਿਆਂ ਵਿੱਚ ਸਾਰੇ ਪੈਂਡਿੰਗ ਮਾਮਲਿਆਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਚਾਲੂ ਸਾਲ ਵਿੱਚ 179 ਲੋਕਾਂ ਨੂੰ ਬਿਜਲੀ ਚੋਰੀ ਦੇ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਸਾਲ 2024-25 ਵਿੱਚ 39,529 ਅਤੇ 2025-26 ਵਿੱਚ 56,953 ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ। ਵਿਜੀਲੈਂਸ ਵਿੰਗ ਨੇ ਭਰੋਸਾ ਦਿੱਤਾ ਕਿ ਸਾਰੇ ਮਾਮਲਿਆਂ ਨੂੰ ਜਲਦੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

ਸ੍ਰੀ ਵਿਜ ਨੇ ਇਹ ਵੀ ਕਿਹਾ ਕਿ ਜਿਨ੍ਹਾਂ ਖਪਤਕਾਰਾਂ 'ਤੇ ਬਕਾਇਆ ਰਾਸ਼ੀ ਪੈਂਡਿੰਗ ਹੈ ਅਤੇ ਉਨ੍ਹਾਂ ਨੇ ਉਸੇ ਪ੍ਰਾਪਰਟੀ (ਸੰਪਤੀ) 'ਤੇ ਨਵਾਂ ਬਿਜਲੀ ਕੁਨੈਕਸ਼ਨ ਲੈ ਲਿਆ ਹੈ, ਅਜਿਹੇ ਕੁਨੈਕਸ਼ਨ ਦੇਣ ਵਾਲੇ ਸਬੰਧਤ ਕਰਮਚਾਰੀਆਂ ਦੇ ਵਿਰੁੱਧ ਨਿਯਮ-8 ਤਹਿਤ ਕਾਰਵਾਈ ਕਰਕੇ ਚਾਰਜਸ਼ੀਟ ਦਾਖਲ ਕੀਤੀ ਜਾਵੇਗੀ। ਅਜਿਹੇ ਕੁੱਲ 3,224 ਮਾਮਲਿਆਂ ਦੀ ਪਛਾਣ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 202 ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਅਤੇ 3022 ਦੱਖਣ ਹਰਿਆਣਾ ਬਿਜਲੀ ਵੰਡ ਨਿਗਮ ਦੇ ਹਨ। ਇਸ ਦੇ ਲਈ ਤਿੰਨ ਮੈਂਬਰੀ ਟੀਮਾਂ ਦਾ ਗਠਨ ਕੀਤਾ ਜਾਵੇਗਾ, ਜੋ ਤਿੰਨ ਮਹੀਨਿਆਂ ਦੇ ਅੰਦਰ ਕਾਰਵਾਈ ਮੁਕੰਮਲ ਕਰਨਗੀਆਂ।

ਡਿਫਾਲਟਰ ਖਪਤਕਾਰਾਂ ਤੋਂ ਲਗਭਗ 8,247 ਕਰੋੜ ਰੁਪਏ ਦੀ ਵਸੂਲੀ ਕੀਤੀ ਜਾਣੀ ਹੈ। ਇਸ ਵਿੱਚ ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਦੁਆਰਾ 3,573 ਕਰੋੜ ਰੁਪਏ ਅਤੇ ਦੱਖਣ ਹਰਿਆਣਾ ਬਿਜਲੀ ਵੰਡ ਨਿਗਮ ਦੁਆਰਾ 4,674 ਕਰੋੜ ਰੁਪਏ ਦੀ ਰਿਕਵਰੀ ਸ਼ਾਮਲ ਹੈ। ਸਰਕਾਰੀ ਵਿਭਾਗਾਂ ਤੋਂ ਵੀ ਲਗਭਗ 585 ਕਰੋੜ ਰੁਪਏ ਦੀ ਵਸੂਲੀ ਕੀਤੀ ਜਾਣੀ ਹੈ, ਜਿਸ ਤਹਿਤ ਉੱਤਰ ਹਰਿਆਣਾ ਬਿਜਲੀ ਵੰਡ ਨਿਗਮ ਵੱਲੋਂ 319 ਕਰੋੜ ਰੁਪਏ ਅਤੇ ਦੱਖਣ ਹਰਿਆਣਾ ਬਿਜਲੀ ਵੰਡ ਨਿਗਮ ਵੱਲੋਂ 266 ਕਰੋੜ ਰੁਪਏ ਦੀ ਰਿਕਵਰੀ ਕੀਤੀ ਜਾਣੀ ਹੈ। ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਵਸੂਲੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ।

ਊਰਜਾ ਮੰਤਰੀ ਨੇ ਨਿਰਦੇਸ਼ ਦਿੱਤਾ ਕਿ ਅਗਲੇ ਇੱਕ ਸਾਲ ਦੇ ਅੰਦਰ ਰਾਜ ਦੀਆਂ ਸਾਰੀਆਂ ਸਰਕਾਰੀ ਇਮਾਰਤਾਂ 'ਤੇ ਸੋਲਰ ਸਿਸਟਮ ਸਥਾਪਿਤ ਕੀਤੇ ਜਾਣ, ਤਾਂ ਜੋ ਹਰਿਆਣਾ ਇਸ ਖੇਤਰ ਵਿੱਚ ਦੇਸ਼ ਦਾ ਮੋਹਰੀ ਰਾਜ ਬਣ ਸਕੇ। ਉਨ੍ਹਾਂ ਨੇ ਇਸ ਨੂੰ ਰਾਜ ਸਰਕਾਰ ਦਾ ਫਲੈਗਸ਼ਿਪ ਪ੍ਰੋਗਰਾਮ ਦੱਸਦਿਆਂ ਗੰਭੀਰਤਾ ਨਾਲ ਲਾਗੂ ਕਰਨ 'ਤੇ ਜ਼ੋਰ ਦਿੱਤਾ। ਇਸ ਦੇ ਨਾਲ ਹੀ, 'ਪੀਐਮ ਸੂਰਿਆ ਘਰ ਯੋਜਨਾ' ਤਹਿਤ ਵੱਧ ਤੋਂ ਵੱਧ ਯੋਗ ਪਰਿਵਾਰਾਂ ਨੂੰ ਲਾਭ ਪਹੁੰਚਾਉਣ ਦੇ ਨਿਰਦੇਸ਼ ਦਿੱਤੇ ਗਏ। ਇਸ ਯੋਜਨਾ ਲਈ 200 ਕਰੋੜ ਰੁਪਏ ਦਾ ਰਿਵਾਲਵਿੰਗ ਫੰਡ ਵੀ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਐਲਾਨ ਕੀਤਾ ਕਿ ਆਪਣੇ ਸਰਕਲ ਵਿੱਚ ਸਭ ਤੋਂ ਵੱਧ ਸੋਲਰ ਸਿਸਟਮ ਸਥਾਪਿਤ ਕਰਵਾਉਣ ਵਾਲੇ ਅਧਿਕਾਰੀ ਨੂੰ ਸਨਮਾਨਿਤ ਕੀਤਾ ਜਾਵੇਗਾ।

ਲੈਂਡ ਰਿਕਵਰੀ ਐਕਟ ਤਹਿਤ ਡਿਫਾਲਟਰ ਖਪਤਕਾਰਾਂ ਤੋਂ ਵਸੂਲੀ ਵਿੱਚ ਢਿੱਲ ਵਰਤਣ 'ਤੇ ਉਨ੍ਹਾਂ ਨੇ ਕੈਥਲ, ਕੁਰੂਕਸ਼ੇਤਰ, ਪੰਚਕੂਲਾ ਅਤੇ ਯਮੁਨਾਨਗਰ ਦੇ ਅਧਿਕਾਰੀਆਂ ਨੂੰ 'ਕਾਰਨ ਦੱਸੋ ਨੋਟਿਸ' ਜਾਰੀ ਕਰਨ ਦੇ ਨਿਰਦੇਸ਼ ਦਿੱਤੇ।ਮੀਟਿੰਗ ਵਿੱਚ ਬਿਜਲੀ ਵੰਡ ਢਾਂਚੇ ਨੂੰ ਮਜ਼ਬੂਤ ਕਰਨ, ਮੇਨਟੇਨੈਂਸ ਸਟਾਫ ਦੀ ਤਾਇਨਾਤੀ, ਸ਼ਿਕਾਇਤ ਨਿਵਾਰਣ ਪ੍ਰਣਾਲੀ ਅਤੇ ਕਾਰਜਕੁਸ਼ਲਤਾ ਵਰਗੇ ਵਿਸ਼ਿਆਂ 'ਤੇ ਵੀ ਵਿਸਥਾਰਪੂਰਵਕ ਚਰਚਾ ਹੋਈ।

ਇਸ ਮੌਕੇ ਰਾਜ ਭਰ ਤੋਂ ਆਏ ਮੁੱਖ ਇੰਜੀਨੀਅਰ, ਸੁਪਰਿੰਟੈਂਡਿੰਗ ਇੰਜੀਨੀਅਰ, ਐਗਜ਼ੀਕਿਊਟਿਵ ਇੰਜੀਨੀਅਰ ਸਮੇਤ ਊਰਜਾ ਵਿਭਾਗ ਦੇ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ।

## ਸ੍ਰੀ ਸ਼ੀਤਲਾ ਮਾਤਾ ਦੇਵੀ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਹਰਿਆਣਾ ਵਾਸੀਆਂ ਨੂੰ ਮਿਲੇਗਾ 33% ਰਾਖਵਾਂ : ਨਾਇਬ ਸਿੰਘ ਸੈਣੀ

**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਗੁਰੂਗ੍ਰਾਮ ਵਿੱਚ ਸਥਾਪਿਤ ਕੀਤੇ ਜਾ ਰਹੇ ਸ੍ਰੀ ਸ਼ੀਤਲਾ ਮਾਤਾ ਦੇਵੀ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਐਮਬੀਬੀਐਸ ਦੀਆਂ 150 ਸੀਟਾਂ ਅਤੇ 850 ਬੈੱਡਾਂ ਵਿੱਚੋਂ 33-33 ਫੀਸਦੀ ਹਰਿਆਣਾ ਦੇ ਵਿਦਿਆਰਥੀਆਂ ਅਤੇ ਪ੍ਰਦੇਸ਼ ਦੇ ਲੋਕਾਂ ਲਈ ਰਾਖਵੇਂ ਕੀਤੇ ਜਾਣ। ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਰਾਖਵੀਆਂ ਸੀਟਾਂ 'ਤੇ ਫੀਸ ਹੋਰ ਸਰਕਾਰੀ ਮੈਡੀਕਲ ਕਾਲਜਾਂ ਦੇ ਬਰਾਬਰ ਹੀ ਨਿਰਧਾਰਤ ਕੀਤੀ ਜਾਵੇ, ਤਾਂ ਜੋ ਰਾਜ ਦੇ ਵਿਦਿਆਰਥੀਆਂ ਨੂੰ ਸੁਲਭ ਅਤੇ ਸਸਤੀ ਮੈਡੀਕਲ ਸਿੱਖਿਆ ਮਿਲ ਸਕੇ।ਮੁੱਖ ਮੰਤਰੀ ਅੱਜ ਇਸ ਪ੍ਰੋਜੈਕਟ ਦੇ ਪੀਪੀਪੀ ਮੋਡ 'ਤੇ ਸੰਚਾਲਨ ਅਤੇ ਰੱਖ-ਰਖਾਅ ਨੂੰ ਲੈ ਕੇ ਬੁਲਾਈ ਗਈ ਕੈਬਨਿਟ ਸਬ-ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਅਤੇ ਸਿਹਤ, ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਮੰਤਰੀ ਆਰਤੀ ਸਿੰਘ ਰਾਓ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।



ਮੁੱਖ ਮੰਤਰੀ ਨੇ ਕਿਹਾ ਕਿ ਹਸਪਤਾਲ ਵਿੱਚ ਰਾਖਵੇਂ ਬੈੱਡਾਂ 'ਤੇ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਮਰੀਜ਼ਾਂ ਨੂੰ ਲਾਭ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਨੂੰ ਗੁਣਵੱਤਾ ਸਿਹਤ ਸੇਵਾਵਾਂ ਮਿਲ ਸਕਣ। ਉਨ੍ਹਾਂ ਨੇ ਇਸ ਸੰਸਥਾਨ ਨੂੰ ਅੰਤਰਰਾਸ਼ਟਰੀ ਮਾਨਕਾਂ ਅਨੁਸਾਰ ਵਿਕਸਿਤ ਕਰਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਗੁਰੂਗ੍ਰਾਮ ਦੀਆਂ ਸਿਹਤ ਸੇਵਾਵਾਂ ਨੂੰ ਨਵੀਂ ਪਛਾਣ ਦੇਵੇਗਾ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਗੁਰੂਗ੍ਰਾਮ ਵਿੱਚ ਵੱਖ-ਵੱਖ ਥਾਵਾਂ 'ਤੇ 100 ਤੋਂ 150 ਬੈੱਡਾਂ ਦੀ ਸਮਰੱਥਾ ਵਾਲੇ 3 ਤੋਂ 4 ਹੋਰ ਹਸਪਤਾਲ ਇਸੇ ਤਰਜ਼ 'ਤੇ ਖੋਲ੍ਹਣ ਦੇ ਪ੍ਰਸਤਾਵ ਵੀ ਤਿਆਰ ਕੀਤੇ ਜਾਣ, ਜਿਸ ਨਾਲ ਵਧਦੀ ਆਬਾਦੀ ਦੀਆਂ ਸਿਹਤ ਲੋੜਾਂ ਨੂੰ ਬਿਹਤਰ ਤਰੀਕੇ ਨਾਲ ਪੂਰਾ ਕੀਤਾ ਜਾ ਸਕੇ।ਮੀਟਿੰਗ ਦੌਰਾਨ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਜਾਣਕਾਰੀ ਦਿੱਤੀ ਕਿ ਇਹ ਸੰਸਥਾਨ ਗੁਰੂਗ੍ਰਾਮ ਦੇ ਸੈਕਟਰ-102ਏ, ਖੇੜਕੀ ਮਾਜਰਾ ਵਿੱਚ 30.75 ਏਕੜ ਜ਼ਮੀਨ 'ਤੇ ਵਿਕਸਿਤ ਕੀਤਾ ਜਾ ਰਿਹਾ ਹੈ। ਪ੍ਰੋਜੈਕਟ ਦਾ ਨਿਰਮਾਣ ਕਾਰਜ 1 ਅਪ੍ਰੈਲ 2022 ਨੂੰ ਅਲਾਟ ਕੀਤਾ ਗਿਆ ਸੀ ਅਤੇ ਇਸ ਨੂੰ 31 ਅਗਸਤ 2026 ਤੱਕ ਪੂਰਾ ਕਰਨ ਦਾ ਟੀਚਾ ਹੈ। ਕੁੱਲ 679.08 ਕਰੋੜ ਰੁਪਏ ਦੀ ਲਾਗਤ ਵਾਲੇ ਇਸ ਪ੍ਰੋਜੈਕਟ 'ਤੇ ਹੁਣ ਤੱਕ ਲਗਭਗ 500 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ।

ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਦਾ ਇਨਫਰਾਸਟਰੱਕਚਰ ਜੀ.ਐਮ.ਡੀ.ਏ., ਨਗਰ ਨਿਗਮ ਗੁਰੂਗ੍ਰਾਮ ਅਤੇ ਸ੍ਰੀ ਮਾਤਾ ਮਨਸਾ ਦੇਵੀ ਸ਼ਰਾਈਨ ਬੋਰਡ ਦੇ 50:45:5 ਦੇ ਅਨੁਪਾਤ ਵਿੱਚ ਤਿਆਰ ਕੀਤਾ ਜਾ ਰਿਹਾ ਹੈ, ਜਦਕਿ ਜੀ.ਐਮ.ਡੀ.ਏ. ਨੂੰ ਕਾਰਜਕਾਰੀ ਏਜੰਸੀ ਬਣਾਇਆ ਗਿਆ ਹੈ। ਸਾਰੀਆਂ ਪ੍ਰਕਿਰਿਆਵਾਂ ਪੂਰੀਆਂ ਹੋਣ ਤੋਂ ਬਾਅਦ 31 ਅਕਤੂਬਰ 2026 ਤੱਕ ਇਸ ਦੇ ਸੰਚਾਲਨ ਦਾ ਕੰਮ ਸਫਲ ਬੋਲੀਦਾਤਾ ਨੂੰ ਸੌਂਪ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਵਧੀਕ ਮੁੱਖ ਸਕੱਤਰ ਸ੍ਰੀ ਏ.ਕੇ. ਸਿੰਘ, ਜੀ.ਐਮ.ਡੀ.ਏ. ਦੇ ਮੁੱਖ ਕਾਰਜਕਾਰੀ ਅਧਿਕਾਰੀ ਸ੍ਰੀ ਪੀ.ਸੀ. ਮੀਣਾ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

## ਪੀਐਮ ਸ਼੍ਰੀ ਸਕੂਲਾਂ ਨੂੰ ਲੈ ਕੇ ਹੋਈ ਮਹੱਤਵਪੂਰਨ ਮੀਟਿੰਗ

**ਨਵੀਂ ਦਿੱਲੀ,**
**-ਰੋਜ਼ਾਨਾ ਸਵੇਰਾ-**

ਭਾਰਤ ਸਰਕਾਰ ਦੇ ਸਕੂਲ ਸਿੱਖਿਆ ਅਤੇ ਸਾਖਰਤਾ ਵਿਭਾਗ (DoSEL) ਅਤੇ ਹਰਿਆਣਾ ਸਰਕਾਰ ਦੇ ਸਿੱਖਿਆ ਵਿਭਾਗ ਦੇ ਵਿਚਕਾਰ ਕਰਤੱਵਯ ਭਵਨ, ਨਵੀਂ ਦਿੱਲੀ ਵਿੱਚ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੀ ਅਗਵਾਈ ਸ਼੍ਰੀ ਸੰਜੇ ਕੁਮਾਰ, ਆਈ.ਏ.ਐਸ., ਸਕੱਤਰ, DoSEL, ਭਾਰਤ ਸਰਕਾਰ ਨੇ ਕੀਤੀ। ਇਸ ਮੌਕੇ ਸ਼੍ਰੀ ਧੀਰਜ ਸਾਹੂ, ਆਈ.ਏ.ਐਸ., ਵਧੀਕ ਸਕੱਤਰ, ਭਾਰਤ ਸਰਕਾਰ ਵੀ ਮੌਜੂਦ ਸਨ।

ਹਰਿਆਣਾ ਵੱਲੋਂ ਵਫ਼ਦ ਦੀ ਅਗਵਾਈ ਸ਼੍ਰੀ ਵਿਜੇ ਸਿੰਘ ਦਹੀਆ, ਆਈ.ਏ.ਐਸ., ਪ੍ਰਧਾਨ ਸਕੱਤਰ, ਸਕੂਲ ਸਿੱਖਿਆ ਵਿਭਾਗ ਨੇ ਕੀਤੀ। ਉਨ੍ਹਾਂ ਦੇ ਨਾਲ ਸ਼੍ਰੀਮਤੀ ਵਰਸ਼ਾ ਖਾਂਗਵਾਲ, ਆਈ.ਏ.ਐਸ., ਰਾਜ ਪ੍ਰੋਜੈਕਟ ਡਾਇਰੈਕਟਰ; ਡਾ. ਮਯੰਕ ਵਰਮਾ, ਐਚ.ਸੀ.ਐਸ., ਸੰਯੁਕਤ ਰਾਜ ਪ੍ਰੋਜੈਕਟ ਡਾਇਰੈਕਟਰ; ਡਾ. ਬਲਕਿਸ਼ਨ ਯਾਦਵ, ਸਲਾਹਕਾਰ (ਯੋਜਨਾ) ਸਮੇਤ ਹੋਰ ਅਧਿਕਾਰੀ ਮੌਜੂਦ ਸਨ।

ਮੀਟਿੰਗ ਦਾ ਮੁੱਖ ਉਦੇਸ਼ ਹਰਿਆਣਾ ਦੇ ਪੀਐਮ ਸ਼੍ਰੀ ਸਕੂਲਾਂ ਲਈ ਭਾਰਤ ਸਰਕਾਰ ਤੋਂ ਵਿੱਤੀ ਸਹਾਇਤਾ ਪ੍ਰਾਪਤ ਕਰਨਾ ਸੀ। ਹਰਿਆਣਾ ਸਰਕਾਰ ਨੇ ਲਗਭਗ 200 ਕਰੋੜ ਦੇ ਪ੍ਰੋਜੈਕਟਾਂ ਦਾ ਪ੍ਰਸਤਾਵ ਸਫਲਤਾਪੂਰਵਕ ਪੇਸ਼ ਕੀਤਾ।

ਇਨ੍ਹਾਂ ਪ੍ਰਸਤਾਵਾਂ ਦਾ ਉਦੇਸ਼ ਪੀਐਮ ਸ਼੍ਰੀ ਸਕੂਲਾਂ ਦਾ ਸਰਵਪੱਖੀ ਵਿਕਾਸ ਕਰਦੇ ਹੋਏ ਉਨ੍ਹਾਂ ਨੂੰ ਐਕਸੀਲੈਂਸ ਦੇ ਕੇਂਦਰ ਬਣਾਉਣਾ ਹੈ। ਇਨ੍ਹਾਂ ਵਿੱਚ ਸਕੂਲ ਦੀਆਂ ਇਮਾਰਤਾਂ ਅਤੇ ਹੋਰ ਬੁਨਿਆਦੀ ਢਾਂਚੇ ਦਾ ਵਿਸਥਾਰ, ਖੇਡ ਸਹੂਲਤਾਂ ਦਾ ਵਿਕਾਸ, ਹੁਨਰ ਵਿਕਾਸ (ਸਕਿਲਿੰਗ) ਸਹੂਲਤਾਂ ਦੀ ਸਥਾਪਨਾ, ਸਕੂਲਾਂ ਨੂੰ ਵਾਤਾਵਰਣ ਦੇ ਅਨੁਕੂਲ ਬਣਾਉਣਾ, ਇਨੋਵੇਸ਼ਨ ਕਲੱਬ ਦੀ ਸਥਾਪਨਾ, ਰੋਬੋਟਿਕਸ ਅਤੇ ਏਆਈ ਸਿਖਲਾਈ ਦੀ ਸ਼ੁਰੂਆਤ, ਦਿਵਿਆਂਗ ਬੱਚਿਆਂ ਲਈ ਵਿਸ਼ੇਸ਼ ਯੋਜਨਾਵਾਂ, ਤਾਂ ਜੋ ਉਨ੍ਹਾਂ ਦੀ ਰਜਿਸਟ੍ਰੇਸ਼ਨ ਵਧੇ ਅਤੇ ਉਹ ਮੁੱਖ ਧਾਰਾ ਦੀ ਸਿੱਖਿਆ ਨਾਲ ਜੁੜ ਸਕਣ।

ਮੀਟਿੰਗ ਦੌਰਾਨ ਭਾਰਤ ਸਰਕਾਰ ਨੇ ਹਰਿਆਣਾ ਸਰਕਾਰ ਦੀਆਂ ਵੱਖ-ਵੱਖ ਸ਼ਲਾਘਾਯੋਗ ਪਹਿਲਕਦਮੀਆਂ ਦੀ ਪ੍ਰਸ਼ੰਸਾ ਕੀਤੀ। ਇਨ੍ਹਾਂ ਵਿੱਚ ਕੁਸ਼ਲ ਬਿਜ਼ਨਸ ਚੈਲੇਂਜ (ਜੋ ਵਿਦਿਆਰਥੀਆਂ ਵਿੱਚ ਉੱਦਮੀ ਹੁਨਰ ਵਿਕਸਿਤ ਕਰਨ ਲਈ ਹੈ), ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਇਸਰੋ ਦੌਰੇ ਅਤੇ ਆਈਸੀਐਮਆਰ (ICMR) ਦੇ ਨਾਲ ਮਿਲ ਕੇ ਅਧਿਆਪਕਾਂ ਦੇ ਸਿਖਲਾ ਕਰਵਾਈ।

## ਭਾਰਤ 1.20 ਲੱਖ ਮਾਨਤਾ ਪ੍ਰਾਪਤ ਸਟਾਰਟਅੱਪ ਦੇ ਨਾਲ ਵਿਕਾਸ ਦੀ ਨਵੀਂ ਸ਼ਕਤੀ ਦਾ ਪ੍ਰਤੀਕ : ਰਾਜਪਾਲ

**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਕਿਹਾ ਕਿ ਅੱਜ ਭਾਰਤ ਦਾ ਸਟਾਰਟਅੱਪ ਇਕੋਸਿਸਟਮ ਨਵੀਨਤਾ-ਅਧਾਰਿਤ ਵਿਕਾਸ ਦੀ ਸ਼ਕਤੀ ਦਾ ਪ੍ਰਮਾਣ ਹੈ, ਜਿਸ ਵਿੱਚ 1 ਲੱਖ 20 ਹਜ਼ਾਰ ਤੋਂ ਵੱਧ ਮਾਨਤਾ ਪ੍ਰਾਪਤ ਸਟਾਰਟਅੱਪਸ ਹਨ, ਜਿਨ੍ਹਾਂ ਰਾਹੀਂ 12 ਲੱਖ ਤੋਂ ਵੱਧ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ।

ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਇਹ ਗੱਲ ਅੱਜ ਚੰਡੀਗੜ੍ਹ ਸਥਿਤ ਹਯਾਤ ਰੀਜੈਂਸੀ ਵਿੱਚ ਟਾਈਕਾਨ ਚੰਡੀਗੜ੍ਹ-2026 ਦੀ ਦੋ-ਦਿਨਾਂ ਕਾਨਫ੍ਰੈਂਸ ਦੇ ਉਦਘਾਟਨੀ ਮੌਕੇ ਮੁੱਖ ਮਹਿਮਾਨ ਵਜੋਂ ਮੌਜੂਦ ਲੋਕਾਂ ਨੂੰ ਸੰਬੋਧਿਤ ਕਰਦਿਆਂ ਕਹੀ। ਉੱਦਮਤਾ ਨੂੰ ਪ੍ਰੋਤਸਾਹਿਤ ਕਰਨ ਲਈ ਆਯੋਜਿਤ ਇਸ ਕਾਨਫ੍ਰੈਂਸ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਪ੍ਰਬੰਧਕਾਂ ਨੂੰ ਵਧਾਈ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਭਾਰਤ ਦੇ ਨੌਜਵਾਨਾਂ ਨੂੰ ਰੁਜ਼ਗਾਰ ਮੰਗਣ ਦੀ ਨਹੀਂ ਸਗੋਂ ਰੁਜ਼ਗਾਰ ਦੇਣ ਦੀ ਸੋਚ ਨਾਲ ਇਨੋਵੇਸ਼ਨ ਵੱਲ ਵਧਣਾ ਚਾਹੀਦਾ ਹੈ। ਅਜਿਹਾ ਕਰਕੇ ਅਸੀਂ ਮਾਨਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਸੁਪਨਿਆਂ ਅਨੁਸਾਰ 'ਵਿਕਸਿਤ ਭਾਰਤ' ਬਣਾਉਣ ਦੇ ਯੱਗ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਨ।

ਰਾਜਪਾਲ ਪ੍ਰੋ. ਘੋਸ਼ ਨੇ ਕਿਹਾ ਕਿ ਭਾਰਤ ਵਿੱਚ ਇੱਕ ਵਿਸ਼ਾਲ ਮੱਧ ਵਰਗ ਹੈ, ਜਿਨ੍ਹਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਜੇਕਰ ਆਧੁਨਿਕ ਤਕਨਾਲੋਜੀ ਨਾਲ ਨਵੇਂ ਪ੍ਰਯੋਗ ਕੀਤੇ ਜਾਣ ਤਾਂ ਨੌਜਵਾਨ ਵਰਗ ਕੋਲ ਰੁਜ਼ਗਾਰ ਦੀ ਕੋਈ ਕਮੀ ਨਹੀਂ ਰਹੇਗੀ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਫੂਡ ਟੈਕਨਾਲੋਜੀ ਵਰਗੇ ਕਈ ਖੇਤਰਾਂ ਵਿੱਚ ਨਵੇਂ ਪ੍ਰਯੋਗ ਕਰਨ ਦੀਆਂ ਅਪਾਰ ਸੰਭਾਵਨਾਵਾਂ ਹਨ, ਕਿਉਂਕਿ ਦੇਸ਼ ਵਿੱਚ ਇਸ ਲਈ ਕੱਚਾ ਮਾਲ ਭਰਪੂਰ ਮਾਤਰਾ ਵਿੱਚ ਉਪਲਬਧ ਹੈ।



ਰਾਜਪਾਲ ਪ੍ਰੋ. ਘੋਸ਼ ਨੇ ਕਿਹਾ ਕਿ ਇਹ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਹਰਿਆਣਾ ਰਾਜ 7000 ਤੋਂ ਵੱਧ ਸਟਾਰਟਅੱਪਸ ਦੇ ਨਾਲ ਇੱਕ ਮਹੱਤਵਪੂਰਨ ਯੋਗਦਾਨ ਪਾਉਣ ਵਾਲੇ ਵਜੋਂ ਉਭਰਿਆ ਹੈ। ਉਨ੍ਹਾਂ ਹਰਿਆਣਾ ਦੀ ਸਟਾਰਟਅੱਪ ਨੀਤੀ ਦੀ ਸ਼ਲਾਘਾ ਕਰਦਿਆਂ ਇਸ ਨੂੰ ਉੱਦਮੀਆਂ ਦੇ ਅਨੁਕੂਲ ਦੱਸਿਆ।ਪ੍ਰੋ. ਘੋਸ਼ ਨੇ ਕਿਹਾ ਕਿ ਹਰਿਆਣਾ ਦੇ ਗੁਰੂਗ੍ਰਾਮ ਨੇ ਆਪਣੇ ਆਪ ਨੂੰ ਇੱਕ ਵਿਸ਼ਵਵਿਆਪੀ ਸਟਾਰਟਅੱਪ ਅਤੇ ਤਕਨਾਲੋਜੀ ਕੇਂਦਰ ਵਜੋਂ ਸਥਾਪਿਤ ਕਰ ਲਿਆ ਹੈ। ਉਨ੍ਹਾਂ ਕਿਹਾ ਕਿ ਟਾਈਕਾਨ ਚੰਡੀਗੜ੍ਹ ਉੱਤਰੀ ਭਾਰਤ ਦੇ ਇਨੋਵੇਸ਼ਨ ਅਤੇ ਉੱਦਮਤਾ ਇਲਕੋਸਿਸਟਮ ਦਾ ਇੱਕ ਮਹੱਤਵਪੂਰਨ ਥੰਮ੍ਹ ਬਣ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਉਤਸ਼ਾਹਜਨਕ ਹੈ ਕਿ ਪੰਚਕੂਲਾ ਇੱਕ ਉੱਭਰਦੇ ਹੋਏ ਵਿਕਾਸ ਕੇਂਦਰ ਵਜੋਂ ਸਾਹਮਣੇ ਆ ਰਿਹਾ ਹੈ। ਆਪਣੇ ਯੋਜਨਾਬੱਧ ਬੁਨਿਆਦੀ ਢਾਂਚੇ, ਰਣਨੀਤਕ ਕਨੈਕਟੀਵਿਟੀ ਅਤੇ ਚੰਡੀਗੜ੍ਹ ਦੇ ਨੇੜੇ ਹੋਣ ਕਾਰਨ, ਪੰਚਕੂਲਾ ਅਗਲੀ ਪੀੜ੍ਹੀ ਦੇ ਸਟਾਰਟਅੱਪਸ, ਆਈ.ਟੀ. ਕੰਪਨੀਆਂ ਅਤੇ ਨਵੀਨਤਾ-ਅਧਾਰਿਤ ਨਿਵੇਸ਼ ਨੂੰ ਖਿੱਚਣ ਲਈ ਚੰਗੀ ਸਥਿਤੀ ਵਿੱਚ ਹੈ।

ਉਨ੍ਹਾਂ ਕਿਹਾ ਕਿ ਮੈਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਟਾਈ ਚੰਡੀਗੜ੍ਹ 23 ਦੇਸ਼ਾਂ ਵਿੱਚ ਫੈਲੇ 67 ਤੋਂ ਵੱਧ ਚੈਪਟਰਾਂ ਵਾਲੇ ਵਿਸ਼ਵ ਟਾਈ ਨੈੱਟਵਰਕ ਦਾ ਹਿੱਸਾ ਹੈ ਅਤੇ ਇਹ ਸਭ ਤੋਂ ਸਰਗਰਮ ਅਤੇ ਪ੍ਰਭਾਵਸ਼ਾਲੀ ਇਕਾਈਆਂ ਵਿੱਚੋਂ ਇੱਕ ਹੈ। 450 ਤੋਂ ਵੱਧ ਚਾਰਟਰ ਮੈਂਬਰਾਂ ਅਤੇ ਉੱਦਮੀਆਂ ਦੇ ਮਜ਼ਬੂਤ ਭਾਈਚਾਰੇ ਨਾਲ, ਇਸ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ ਅਤੇ ਹੋਰ ਖੇਤਰਾਂ ਵਿੱਚ ਸੈਂਕੜੇ ਸਟਾਰਟਅੱਪਸ ਨੂੰ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕੀਤਾ ਹੈ। ਇਸਦੇ ਮੁੱਖ ਪ੍ਰੋਗਰਾਮ-ਟਾਈ ਵੂਮੈਨ, ਟਾਈ ਯੂਨੀਵਰਸਿਟੀ ਅਤੇ ਟਾਈ ਯੰਗ ਐਂਟਰਪ੍ਰੀਨਿਓਰ-ਹਰ ਪੱਧਰ 'ਤੇ ਪ੍ਰਤਿਭਾ ਨੂੰ ਵਿਕਸਿਤ ਕਰ ਰਹੇ ਹਨ, ਜੋ ਹਰ ਸਾਲ 300 ਤੋਂ ਵੱਧ ਪ੍ਰਤੀਭਾਗੀਆਂ ਨੂੰ ਜੋੜਦੇ ਹੋਏ ਭਵਿੱਖ ਦੇ ਉੱਦਮੀਆਂ ਦੀ ਮਜ਼ਬੂਤ ਬੁਨਿਆਦ ਤਿਆਰ ਕਰ ਰਹੇ ਹਨ।

ਉਨ੍ਹਾਂ ਖੁਸ਼ੀ ਪ੍ਰਗਟਾਈ ਕਿ ਟਾਈਕਾਨ ਚੰਡੀਗੜ੍ਹ-2026 ਵਿੱਚ 2000 ਤੋਂ ਵੱਧ ਪ੍ਰਤੀਨਿਧੀ, 50 ਤੋਂ ਵੱਧ ਨਿਵੇਸ਼ਕ, 80 ਤੋਂ ਵੱਧ ਬੁਲਾਰੇ ਅਤੇ 50 ਤੋਂ ਵੱਧ ਸਟਾਰਟਅੱਪਸ ਸ਼ਾਮਲ ਹਨ। ਉਨ੍ਹਾਂ ਨੇ ਇਸ ਨੂੰ ਇਕੋਸਿਸਟਮ ਦੇ ਵਿਸਤਾਰ ਅਤੇ ਊਰਜਾ ਦੀ ਸ਼ਾਨਦਾਰ ਉਦਾਹਰਣ ਦੱਸਿਆ। ਉਨ੍ਹਾਂ ਕਿਹਾ ਕਿ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇਹ ਜ਼ਰੂਰੀ ਹੈ ਕਿ ਅਸੀਂ ਸਹਿਯੋਗ, ਨਵੀਨਤਾ ਅਤੇ ਸਮਾਵੇਸ਼ ਰਾਹੀਂ ਇਸ ਇਲਕੋਸਿਸਟਮ ਨੂੰ ਹੋਰ ਮਜ਼ਬੂਤ ਕਰਦੇ ਰਹੀਏ।ਇਸ ਮੌਕੇ ਲੇਡੀ ਗਵਰਨਰ ਸ਼੍ਰੀਮਤੀ ਮਿੱਤਰਾ ਘੋਸ਼, ਟਾਈ ਚੰਡੀਗੜ੍ਹ ਦੇ ਚੇਅਰਮੈਨ ਪੁਨੀਤ ਵਰਮਾ, ਸਾਬਕਾ ਚੇਅਰਮੈਨ ਮੁਰਲੀ ਬੁੱਕਾਪਟਨਮ, ਬ੍ਰਹਮ ਅਲਰੇਜਾ, ਰਵੀ ਸ਼ਰਮਾ, ਵਿਸ਼ਾਲ ਕੇਡੀਆ, ਸੁਮੇਧ ਸਚਦੇਵਾ, ਆਸ਼ੂ ਸ਼ਰਮਾ, ਰਿਤਿਕਾ ਸਿੰਘ, ਪੂਜਾ ਨਾਇਰ, ਜੇ.ਬੀ. ਸਿੰਘ, ਅਜੇ ਤਿਵਾਰੀ, ਹਿਰਦੇਸ਼ ਮਦਾਨ, ਸਤੀਸ਼ ਕੇ. ਅਰੋੜਾ ਅਤੇ ਹਰਿਤ ਮੋਹਨ ਸਮੇਤ ਕਈ ਮਾਣਯੋਗ ਵਿਅਕਤੀ ਮੌਜੂਦ ਸਨ।

## ਡਾ. ਭੀਮ ਰਾਓ ਅੰਬੇਡਕਰ ਨੇ ਸਰਵ ਸਮਾਜ ਦੀ ਭਲਾਈ ਲਈ ਸਾਰੀਆਂ ਨੂੰ ਕੌਮੀ ਏਕਤਾ ਦੇ ਸੂਤਰ ਵਿਚ ਬੰਨ੍ਹਣ ਦਾ ਕੰਮ ਕੀਤਾ

**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਹਰਿਆਣਾ ਦੇ ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਕ੍ਰਿਸ਼ਣ ਲਾਲ ਬੇਦੀ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਨੇ ਸਰਵ ਸਮਾਜ ਦੀ ਭਲਾਈ ਲਈ ਸਾਰੀਆਂ ਨੂੰ ਕੌਮੀ ਏਕਤਾ ਦੇ ਸੂਤਰ ਵਿਚ ਬੰਨ੍ਹਣ ਦਾ ਕੰਮ ਕੀਤਾ ਹੈ।

ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਕ੍ਰਿਸ਼ਣ ਲਾਲ ਬੇਦੀ ਐਤਵਾਰ ਨੂੰ ਚੰਡੀਗੜ੍ਹ ਵਿਚ ਡਾ. ਭੀਮ ਰਾਓ ਅੰਬੇਡਕਰ ਜੈਯੰਤੀ ਦੇ ਮੌਕੇ 'ਤੇ ਆਯੋਜਿਤ ਪ੍ਰੋਗ੍ਰਾਮ ਨੂੰ ਸੰਬੋਧਤ ਕਰ ਰਹੇ ਸਨ। ਸ੍ਰੀ ਬੇਦੀ ਨੇ ਸੂਬਾ ਪ੍ਰਧਾਨ ਮੋਹਨ ਲਾਲ ਬਡੌਲੀ ਦੇ ਨਾਲ ਚੰਡੀਗੜ੍ਹ ਤੋਂ ਦਿੱਲੀ ਲਈ ਸੰਵਿਧਾਨ ਬਸ ਯਾਤਰਾ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇੰਨ੍ਹਾਂ ਤਿੰਨ ਬੱਸਾਂ ਵਿਚ ਸ਼ਰਧਾਲੂ ਦਿੱਲੀ ਸਥਿਤ ਅਲੀਪੁਰ ਰੋਡ 'ਤੇ ਬਾਬਾ ਸਾਹੇਬ ਦੇ ਯਾਦਗਾਰ ਦੇ ਦਰਸ਼ਨ ਕਰਨਗੇ, ਜਿੱਥੇ ਬਾਬਾ ਸਾਹਿਬ ਨੇ ਅੰਤਿਮ ਸਾਹ ਲਈ ਸੀ।

ਮੰਤਰੀ ਨੇ ਕਿਹਾ ਕਿ ਡਾ.ਭੀਮ ਰਾਓ ਅੰਬੇਡਰ ਜਦੋਂ ਰਾਊਂਡ ਟੇਬਲ ਕਾਂਗਰਸ ਵਿਚ ਹਿੱਸਾ ਲੈਣ ਗਏ, ਤਦ ਅੰਗ੍ਰੇਜਾਂ ਨੇ ਕਿਹਾ ਕਿ ਅੰਬੇਡਰ ਤੁਸੀ ਵਰਖੇ ਅਛੁੱਤ ਦੇਸ਼ ਦੀ ਮੰਗ ਕਰ ਲਵੇ। ਉਨ੍ਹਾਂ ਨੇ ਵੱਖਰੇ ਦੇਸ਼ ਦਾ ਖਰੜਾ ਵੀ ਤਿਆਰ ਕਰ ਲਿਆ ਸੀ। ਤਦ ਬਾਬਾ ਸਾਹਿਬ ਨੇ ਕਿਹਾ ਕਿ ਦੇਸ਼ ਦੇ ਟੁਕੜੇ ਨਹੀਂ ਹੋਣ ਦੇਣਗੇ ਅਤੇ ਦੇਸ਼ ਨੂੰ ਲੋਕਤੰਤਰੀ ਢੰਗ ਨਾਲ ਚਲਾਵਾਂਗੇ ਅਤੇ ਇਸ ਦੇਸ਼ ਵਿਚ ਰਹਿ ਕ ਸਾਡੇ ਸਮਾਜ ਦੇ ਲੋਕਾਂ ਨੂੰ ਸਨਮਾਨ ਅਤੇ ਨਿਆਂ ਦਿਵਾਉਂਣ ਦਾ ਕੰਮ ਕਰਨਗੇ।

ਸ੍ਰੀ ਬੇਦੀ ਨੇ ਕਿਹਾ ਕਿ ਇਸ ਤਰ੍ਹਾਂ ਬਾਬਾ ਸਾਹਿਬ ਨੇ ਦੇਸ਼ ਦੀ ਏਕਤਾ ਲਈ ਕੰਮ ਕੀਤਾ। ਇਸ ਲਈ ਬਾਬਾ ਸਾਹਿਬ ਨੂੰ ਨਵੇਂ ਭਾਰਤ ਦਾ ਸ਼ਿਲਪੀਕਾਰ ਕਹਿ ਜਾਂਦਾ ਹੈ। ਡਾ. ਭੀਮ ਰਾਓ ਅੰਬੇਡਕਰ ਨੇ ਸਾਡੇ ਵਧੀਆ ਸੰਵਿਧਾਨ ਦਾ ਨਿਰਮਾਣ ਕਰਕੇ ਹਰੇਕ ਗਰੀਰ ਵਰਗ ਨੂੰ ਉਨ੍ਹਾਂ



ਨੂੰ ਹੱਕ ਦਿੱਤਾ। ਇਸ ਤਰ੍ਹਾਂ ਬਾਬਾ ਸਾਹਿਬ ਨੇ ਸਵਰ ਸਮਾਜ ਦੀ ਭਲਾਈ ਲਈ ਕੰਮ ਕੀਤਾ। ਲੇਕਿਨ ਕੁਝ ਲੋਕਾਂ ਨੇ ਉਨ੍ਹਾਂ ਨੂੰ ਇਕ ਸਮਾਜ ਦੀ ਡੋਰ ਵਿਚ ਬੰਨ੍ਹ ਦਿੱਤਾ ਹੈ, ਜੋ ਬਿਲਕੁਲ ਵੀ ਸਹੀ ਨਹੀਂ ਹੈ।

ਸਮਾਜਿਕ ਨਿਆਂ ਤੇ ਅਧਿਕਾਰਤਾ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਬਾਬਾ ਸਾਹਿਬ ਦੇ ਲੋਕਭਲਾਈ ਨਿਤੀਆਂ ਤੇ ਪ੍ਰੋਗ੍ਰਾਮਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਦਾ ਕੰਮ ਕਰ ਰਹੀ ਹੈ। ਭਾਜਪਾ ਨੇ ਬਾਬਾ ਸਾਹਿਬ ਦੇ ਪੰਜ ਥਾਂਵਾਂ ਨੂੰ ਤੀਰਥ ਥਾਂ ਵੱਜੋਂ ਵਿਕਸਿਤ ਕੀਤਾ ਗਿਆ, ਜਿਸ ਨੂੰ ਅੱਜ ਹਰਕੇ ਵਿਅਕਤੀ ਵੇਖਣਾ ਚਾਹੁੰਦਾ ਹੈ। ਭਗਵਾਨ ਬਾਲਮਿਕੀ ਸ਼ੋਭਾਯਾਤਰਾ ਆਯੋਜਕ ਕਮੇਟੀ, ਚੰਡੀਗੜ੍ਹ, ਪੰਚਕੂਲਾ, ਮੋਹਾਲੀ ਸੂਬੇ ਦੇ ਲੋਕਾਂ ਨੂੰ ਬਾਬਾ ਸਾਹਿਬ ਦੇ ਤੀਰਥ ਥਾਂਵਾਂ ਦਾ ਦੌਰਾ ਕਰਵਾਉਣ ਦਾ ਕੰਮ ਕਰ ਰਹੀ ਹੈ।

ਸ੍ਰੀ ਬੇਦੀ ਨੇ ਕਿਹਾ ਕਿ ਬਾਬਾ ਸਾਹਿਬ ਨੇ ਸਮਾਜ ਨੂੰ ਜੋੜਣ ਦੀ ਗਲ ਕਹੀ ਹੈ ਅਤੇ ਜੀਵਨ ਭਰ ਇਸ ਕੰਮ ਵਿਚ ਲਗੇ ਰਹੇ। ਇਸ ਲਈ, ਜੋ ਅੰਬੇਡਰ ਦੀ ਕੁਰਬਾਨੀ ਅਨੁਸਾਰ ਸਨਮਾਨ ਦੀ ਗੱਲ ਕਰੇਗਾ, ਸਮਾਜ ਉਨ੍ਹਾਂ ਲਈ ਤਿਆਰ ਰਹੇਗਾ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਭਾਜਪਾ ਸਰਕਾਰ ਵਿਚ ਗਰੀਬ ਲੋਕਾਂ ਦੇ ਹੱਕ ਸੁਰੱਖਿਅਤ ਹਨ ਅਤੇ ਉਨ੍ਹਾਂ ਨੇ ਹੱਕਾਂ 'ਤੇ ਕੋਈ ਡਾਕਾ ਨਹੀਂ ਪਾ ਸਕਦਾ।

ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬਡੌਲੀ ਨੇ ਕਿਹਾ ਕਿ ਬਾਬਾ ਸਾਹਿਬ ਵੱਲੋਂ ਬਣੇ ਸੰਵਿਧਾਨ ਅਨੁਸਾਰ ਅਸੀਂ ਹਰੇਕ ਤਰ੍ਹਾਂ ਦੀ ਤਾਕਤ ਮਿਲੀ ਹੈ ਅਤੇ ਅੱਜ ਦੇਸ਼ ਉਨ੍ਹਾਂ ਦੇ ਵਿਖਾਏ ਰਸਤੇ 'ਤੇ ਚਲ ਕੇ ਤਰੱਕੀ ਦੀ ਰਾਹ ਵੱਲ ਵੱਧ ਰਹਿ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਬਣਾਏ ਗਏ ਬਾਬਾ ਸਾਹਿਬ ਦੇ ਮਹੱਤਵਪੂਰਨ ਪੰਜ ਤੀਰਥ 'ਤੇ ਲੋਕ ਉਨ੍ਹਾਂ ਨੂੰ ਸ਼ਰਧਾਂਜਲੀ ਦੇ ਰਹੇ ਹਨ।

ਸੂਬਾ ਪ੍ਰਧਾਨ ਨੇ ਕਿਹਾ ਕਿ ਸਰਕਾਰ ਵਲੋਂ ਨਾਰੀ ਸ਼ਕਤੀ ਵੰਦਨਾ ਮੁਹਿੰਮ ਚਲਾਈ ਗਈ ਹੈ। ਇਸ ਦੇ ਤਹਿਤ ਮਹਿਲਾ ਸਸ਼ਕਤੀਕਰਣ ਲਈ ਲਾਡੋ ਲਕਸ਼ੀ ਯੋਜਨਾ, ਡ੍ਰੋਨ ਦੀਦੀ, ਲਖਪਤੀ ਦੀਦੀ ਸਬੰਧੀ ਯੋਜਨਾਵਾਂ 'ਤੇ ਕੰਮ ਕੀਤਾ ਜਾ ਰਿਹਾ ਹੈ।

ਇਯ ਤੋਂ ਇਲਾਵਾ 16 ਤੋਂ 18 ਅਪ੍ਰੈਲ ਤਕ ਸੰਸਦ ਵਿਚ ਵਿਸ਼ੇਸ਼ ਸ਼ੈਸਨ ਦੌਰਾਨ ਮਹਿਲਾਵਾਂ ਨੂੰ 33 ਫੀਸਦੀ ਰਾਂਖਵੇ ਦਾ ਲਾਭ ਦੇਣ ਦਾ ਕੰਮ ਕੀਤਾ ਜਾਵੇਗਾ।

## ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੌ ਪਿੰਡ ਵਾਸੀਆਂ ਨਾਲ ਵਿਸਥਾਰ ਵਿੱਚ ਵਿਚਾਰ ਸਾਂਝੇ ਕੀਤੇ



**ਡੇਰਾ ਬਾਬਾ ਨਾਨਕ,**
**-ਰੋਜ਼ਾਨਾ ਸਵੇਰਾ-**

ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਸਮਰਾਏ ਅਤੇ ਸਾਧਾਂਵਾਲੀ ਵਿਖੇ ਵੱਖ-ਵੱਖ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ, ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾਣਯੋਗ ਮੁੱਖ ਮੰਤਰੀ ਸ. ਭਗਵੰਤ ਸਿੰਘ ਦੀ ਅਗਵਾਈ ਹੇਠ ਬੀਤੇ 4 ਸਾਲਾਂ ਦੌਰਾਨ ਕਰਵਾਏ ਗਏ ਵਿਕਾਸੀ ਕੰਮਾਂ ਅਤੇ ਪੰਜਾਬ ਵਿੱਚ ਚੱਲ ਰਹੀਆਂ ਲੋਕ-ਹਿਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਲੋਂ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਅਤੇ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਬਾਰੇ ਜਾਣੂ ਕਰਵਾਇਆ ਗਿਆ। ਨਾਲ ਹੀ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਵੀ ਧਿਆਨ ਨਾਲ ਸੁਣਿਆ ਗਿਆ, ਜੋ ਭਵਿੱਖ ਵਿੱਚ ਹੋਰ ਬਿਹਤਰ ਯੋਜਨਾਬੰਦੀ ਲਈ ਮਦਦਗਾਰ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਭਰਪੂਰ ਸਹਿਯੋਗ ਅਤੇ ਵਿਸ਼ਵਾਸ, ਸਰਕਾਰ ਦੀਆਂ ਲੋਕਹਿੱਤ ਨੀਤੀਆਂ ਦੀ ਕਾਮਯਾਬੀ ਦਾ ਸਬੂਤ ਹੈ।

ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਹੋਣ ਨਾਲ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀਆਂ ਜਮ੍ਹਾਂ ਹੋ ਜਾਣਗੀਆਂ।

ਉਨ੍ਹਾਂ ਨੇ ਅੱਗੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ,

## ਵਿਧਾਇਕ ਜਿੰਪਾ ਨੇ 20.53 ਲੱਖ ਦੇ ਵਿਕਾਸ ਕਾਰਜਾਂ ਦਾ ਕੀਤਾ ਸ਼ੁਭ ਆਰੰਭ

**ਹੁਸ਼ਿਆਰਪੁਰ,**
**-ਰੋਜ਼ਾਨਾ ਸਵੇਰਾ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਗਤੀ ਦਿੰਦੇ ਹੋਏ ਘੰਟਾ ਘਰ ਚੌਕ ਤੋਂ ਸ੍ਰੀ ਹਨੂੰਮਾਨ ਮੰਦਰ ਅ ?ਤੇ ਸ੍ਰੀ ਹਨੂੰਮਾਨ ਮੰਦਰ ਤੋਂ ਗੁੜ ਮੰਡੀ ਤੱਕ 20.53 ਲੱਖ ਰੁਪਏ ਦੀ ਲਾਗਤ ਨਾਲ ਪੇਵਰ ਬਲਾਕ ਲਗਾਉਣ ਦੇ ਕੰਮ ਦਾ ਸ਼ੁਭ ਆਰੰਭ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਨੂੰ ਬਿਹਤਰ ਬਣਾਊਣਾ ਉਨ੍ਹਾਂ ਦੀ ਪਹਿਲ ਹੈ, ਤਾਂ ਜੋ ਆਮ ਜਨਤਾ ਨੂੰ



ਬੇਹਤਰ ਆਵਾਜਾਈ ਦੀ ਸੁਵਿਧਾ ਮਿਲ ਸਕੇਵਿਧਾਇਕ ਜਿੰਪਾ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦੇ ਹੋਏ ਕਿਹਾ ਕਿ ਕਾਰਜ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕੀਤਾ ਜਾਵੇ ਅਤੇ ਗੁਣਵੱਤਾ ਦੇ ਨਾਲ ਕੋਈ ਸਮਝੌਤਾ ਨਾ ਕੀਤਾ ਜਾਵੇ। ਉਨ੍ਹਾਂ ਸਪੱਸ਼ਟ ਰੂਪ ਵਿਚ ਕਿਹਾ ਕਿ ਵਿਕਾਸ ਕੰਮਾਂ ਵਿਚ ਪਾਰਦਰਸ਼ਤਾ ਅਤੇ ਗੁਣਵੱਤਾ ਯਕੀਨੀ ਬਣਾਈ ਜਾਵੇ, ਤਾਂ ਜੋ ਜਨਤਾ ਨੂੰ ਲੰਬੇ ਸਮੇਂ ਤੱਕ ਇਨ੍ਹਾਂ ਸੁਵਿਧਾਵਾਂ ਦਾ ਲਾਭ ਮਿਲ ਸਕੇ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿਚ ਵੀ ਵੱਖ-ਵੱਖ ਹਲਕਿਆਂ ਵਿਚ ਇਸ ਤਰ੍ਹਾਂ ਦੇ ਵਿਕਾਸ ਕਾਰਜ ਜਾਰੀ ਰਹਿਣਗੇ। ਇਸ ਪ੍ਰੋਜੈਕਟ ਨਾਲ ਸਥਾਨਿਕ ਨਿਵਾਸੀਆਂ ਅਤੇ ਵਪਾਰੀਆਂ ਨੂੰ ਕਾਫ਼ੀ ਰਾਹਤ ਮਿਲੇਗੀ ਅਤੇ ਹਲਕੇ ਦੀ ਸੁੰਦਰਤਾ ਵਿਚ ਵੀ ਵਾਧਾ

## 2018 ਬੈਚ ਦੇ ਆਈ.ਏ.ਐਸ. ਅਧਿਕਾਰੀ ਵਰਜੀਤ ਵਾਲੀਆ ਨੇ ਜਲੰਧਰ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ

**ਜਲੰਧਰ,**
**-ਰੋਜ਼ਾਨਾ ਸਵੇਰਾ-**

2018 ਬੈਚ ਦੇ ਆਈ.ਏ.ਐਸ. ਅਧਿਕਾਰੀ ਵਰਜੀਤ ਵਾਲੀਆ ਨੇ ਸ਼ੁੱਕਰਵਾਰ ਸਵੇਰੇ ਜਲੰਧਰ ਜ਼ਿਲ੍ਹੇ ਦੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲ ਲਿਆ ਹੈ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚਾਰਜ ਸੰਭਾਲਣ ਤੋਂ ਪਹਿਲਾਂ, ਉਨ੍ਹਾਂ ਨੂੰ ਜ਼ਿਲ੍ਹਾ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਉਪਰੰਤ ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ।

ਅਹੁਦਾ ਸੰਭਾਲਣ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਕਿਹਾ



ਕਿ ਪੰਜਾਬ ਸਰਕਾਰ ਦੀਆਂ ਪ੍ਰਮੁੱਖ ਯੋਜਨਾਵਾਂ ਅਤੇ ਲੋਕ ਭਲਾਈ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਉਨ੍ਹਾਂ ਦੀ ਪ੍ਰਮੁੱਖ ਤਰਜ਼ੀਹ ਹੋਵੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ ਦਾ ਲਾਭ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ।

ਅਧਿਕਾਰੀਆਂ ਅਤੇ ਸਟਾਫ਼ ਨਾਲ ਮੀਟਿੰਗ ਦੌਰਾਨ ਸ਼੍ਰੀ ਵਾਲੀਆ ਨੇ ਉਨ੍ਹਾਂ ਨੂੰ ਆਪਣੀ ਡਿਊਟੀ ਪੂਰੀ ਲਗਨ ਤੇ ਤਨਦੇਹੀ ਨਾਲ ਨਿਭਾਉਣ ਲਈ ਕਿਹਾ, ਤਾਂ ਜੋ ਵੱਖ-ਵੱਖ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚ ਸਕੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ ਉਨ੍ਹਾਂ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਰਹੇਗਾ।

# ਹੌਰਮੂਜ਼ ਦਾ ਅਸਲ ਮਾਲਕ ਕੌਣ



ਤਹਿਰਾਨ: ਪੱਛਮੀ ਏਸ਼ੀਆ 'ਚ ਤਨਾਅ ਇੱਕ ਵਾਰ ਫ਼ਿਰ ਗੰਭੀਰ ਰੂਪ ਧਾਰਣ ਕਰ ਗਿਆ ਹੈ। ਈਰਾਨ ਅਤੇ ਅਮਰੀਕਾ-ਇਜ਼ਰਾਇਲ ਵਿਚਾਲੇ ਚੱਲ ਰਹੀ ਖਿੱਚੋਤਾਣ ਹੁਣ ਇੱਕ ਨਵੇਂ ਮੋੜ 'ਤੇ ਆ ਗਈ ਹੈ। ਈਰਾਨ ਨੇ ਰਣਨੀਤਕ ਤੌਰ 'ਤੇ ਮਹੱਤਵਪੂਰਣ ਸਟ੍ਰੇਟ ਔਫ਼ ਹੌਰਮੂਜ਼ ਨੂੰ ਬੰਦ ਕਰ ਦਿੱਤਾ ਹੈ ਜਿਸ ਕਾਰਨ ਦੁਨੀਆਂ ਭਰ ਦੇ ਵਪਾਰਕ ਬਾਜ਼ਾਰਾਂ 'ਚ ਹਲਚਲ ਮੱਚ ਹੋਈ ਹੈ।

ਈਰਾਨ ਵੱਲੋਂ ਸਮੁੰਦਰੀ ਰਸਤਾ ਬੰਦ ਕੀਤੇ ਜਾਣ ਤੋਂ ਬਾਅਦ ਅਮਰੀਕਾ ਨੇ ਸਖ਼ਤ ਰੁਖ਼ ਅਖਤਿਆਰ ਕਰ ਲਿਆ ਹੈ। ਅਮਰੀਕਾ ਨੇ ਧਮਕੀ ਦਿੱਤੀ ਸੀ ਕਿ ਜੇਕਰ ਈਰਾਨ ਨੇ 48 ਘੰਟਿਆਂ ਦੇ ਅੰਦਰ ਹੌਰਮੂਜ਼ ਦਾ ਰਸਤਾ ਨਹੀਂ ਖੋਲ੍ਹਿਆ ਤਾਂ ਇਸ ਦੇ ਭਿਆਨਕ ਸਿੱਟੇ ਨਿਕਲਣਗੇ। ਸਾਰੀ ਈਰਾਨੀ ਸਭਿਅਤਾ ਤਹਿਸ-ਨਹਿਸ ਕਰ ਦਿੱਤੀ ਜਾਵੇਗੀ। ਦੱਸਿਆ ਜਾ ਰਿਹਾ ਹੈ ਕਿ ਈਰਾਨ ਹੁਣ ਇਸ ਰਸਤੇ ਤੋਂ ਲੰਘਣ ਵਾਲੇ ਜਹਾਜ਼ਾਂ 'ਤੇ ਟੋਲ ਲਗਾ ਰਿਹਾ ਹੈ ਜਿਸ ਨੇ ਜੰਗ ਦੀ ਦਿਸ਼ਾ ਹੀ ਬਦਲ ਦਿੱਤੀ ਹੈ।

ਹੌਰਮੂਜ਼ ਦਾ ਰਸਤਾ ਦੁਨੀਆਂ ਭਰ ਲਈ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਇਹ ਵੱਡੇ-ਵੱਡੇ ਮਾਲਵਾਹਕ ਜਹਾਜ਼ਾਂ ਦੇ ਲੰਘਣ ਦਾ ਇੱਕ ਮੁੱਖ ਰਸਤਾ ਹੈ। ਇਤਿਹਾਸਕ ਤੌਰ 'ਤੇ ਇਹ ਖੇਤਰ 10ਵੀਂ ਤੋਂ 17ਵੀਂ ਸਦੀ ਤਕ ਵਪਾਰ ਦਾ ਇੱਕ ਵੱਡਾ ਕੇਂਦਰ ਰਿਹਾ ਹੈ। ਸਾਲ 1515 ਤੋਂ 1622 ਤਕ ਇਸ ਟਾਪੂ 'ਤੇ ਪੁਰਤਗਾਲੀਆਂ ਦਾ ਕਬਜ਼ਾ ਸੀ ਜਿਨ੍ਹਾਂ ਨੇ ਸਭ ਤੋਂ ਪਹਿਲਾਂ ਇੱਥੇ ਸਮੁੰਦਰੀ ਕਰ (ਟੋਲ) ਪ੍ਰਣਾਲੀ ਲਾਗੂ ਕੀਤੀ ਸੀ। ਬਾਅਦ 'ਚ 1622 'ਚ ਫ਼ਾਰਸੀ ਸ਼ਾਸਕ ਸ਼ਾਹ ਅੱਬਾਸ ਪਹਿਲੇ ਨੇ ਪੁਰਤਗਾਲੀਆਂ ਨੂੰ ਉਥੋਂ ਬਾਹਰ ਕੱਢ ਦਿੱਤਾ ਸੀ।

ਜਿਸ ਹੌਰਮੂਜ਼ ਨੂੰ ਲੈ ਕੇ ਅੱਜ ਜੰਗ ਵਰਗੀ ਸਥਿਤੀ ਬਣੀ ਹੋਈ ਹੈ, ਉਹ ਅਸਲ 'ਚ ਇਤਿਹਾਸ ਦੇ ਇੱਕ ਪ੍ਰਸਿੱਧ ਟਾਪੂ ਸ਼ਹਿਰ ਦਾ ਨਾਂ ਹੈ। ਹੌਰਮੂਜ਼ ਸ਼ਬਦ ਦੀ ਉਤਪਤੀ ਫ਼ਾਰਸੀ ਸ਼ਬਦ ਹੁਰ-ਮੋਗ ਤੋਂ ਮੰਨੀ ਜਾਂਦੀ ਹੈ ਜਿਸ ਦਾ ਅਰਥ ਹੈ ਖਜੂਰਾਂ ਦਾ ਬਾਗ਼। ਅੱਜ ਇਹ ਇਲਾਕਾ ਈਰਾਨ ਦੇ ਹੌਰਮੋਜ਼ਗਾਨ ਪ੍ਰਾਂਤ ਦਾ ਹਿੱਸਾ ਹੈ।

# ਰੰਧਾਵਾ ਨੂੰ ਇਨਸਾਫ਼ ਦਿਵਾਉਣ ਲਈ ਵਿਦੇਸ਼ਾਂ 'ਚ ਭੱਖਿਆ ਰੋਸ




ਸਰੀ: ਪੰਜਾਬ ਸਟੇਟ ਵੇਅਰਹਾਊਸਿੰਗ ਕੌਰਪੋਰੇਸ਼ਨ ਦੇ ਅਧਿਕਾਰੀ ਡਾਕਟਰ ਗਗਨਦੀਪ ਸਿੰਘ ਰੰਧਾਵਾ ਦੀ ਖ਼ੁਦਕੁਸ਼ੀ ਦੇ ਮਾਮਲੇ ਨੇ ਹੁਣ ਕੌਮਾਂਤਰੀ ਪੱਧਰ 'ਤੇ ਤੂਲ ਫ਼ੜ ਲਿਆ ਹੈ। ਕੈਨੇਡਾ, ਅਮਰੀਕਾ ਅਤੇ ਆਸਟਰੇਲੀਆ 'ਚ ਵੱਸਦੇ ਪੰਜਾਬੀ ਭਾਈਚਾਰੇ ਵਲੋਂ ਵੱਡੀ ਗਿਣਤੀ 'ਚ ਇਕੱਠੇ ਹੋ ਕੇ ਕੈਂਡਲ ਮਾਰਚ ਅਤੇ ਸੋਗ ਸਭਾਵਾਂ ਕੀਤੀਆਂ ਜਾ ਰਹੀਆਂ ਹਨ। ਸਰੀ ਦੇ ਐਂਪਾਇਰ ਬੈਂਕੁਏਟ ਹਾਲ 'ਚ ਹੋਏ ਇੱਕ ਵੱਡੇ ਸਮਾਗਮ 'ਚ ਸਾਂਸਦ ਸੁੱਖ ਧਾਲੀਵਾਲ ਅਤੇ ਰਣਦੀਪ ਸਰਾਏ ਸਮੇਤ ਕਈ ਉੱਘੀਆਂ ਹਸਤੀਆਂ ਨੇ ਸ਼ਿਰਕਤ ਕੀਤੀ। ਾਲਸਾ ਕਾਲਜ ਅੰਮ੍ਰਿਤਸਰ ਅਤੇ PAU ਦੇ ਪੁਰਾਣੇ ਵਿਦਿਆਰਥੀਆਂ ਵਲੋਂ ਬਰੈਂਪਟਨ ਸਿਟੀ ਹਾਲ ਅਤੇ ਹੋਰਨਾਂ ਥਾਵਾਂ 'ਤੇ ਕੀਤੇ ਗਏ ਪ੍ਰਦਰਸ਼ਨਾਂ ਦੌਰਾਨ ਡਾ. ਰੰਧਾਵਾ ਨੂੰ ਇੱਕ ਇਮਾਨਦਾਰ ਅਫ਼ਸਰ ਵਜੋਂ ਯਾਦ ਕੀਤਾ ਗਿਆ ਅਤੇ ਪੰਜਾਬ ਦੇ ਰਾਜਪਾਲ ਨੂੰ ਇਸ ਮਾਮਲੇ ਦੀ ਨਿਰਪੱਖ ਜਾਂਚ ਲਈ ਮੰਗ ਪੱਤਰ ਭੇਜਣ ਦਾ ਫ਼ੈਸਲਾ ਕੀਤਾ ਗਿਆ ਹੈ।ਇਸ ਮਾਮਲੇ 'ਚ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ, ਉਨ੍ਹਾਂ ਦੇ ਪਿਤਾ ਅਤੇ ਨਿੱਜੀ ਸਹਾਇਕ 'ਤੇ ਡਾ. ਰੰਧਾਵਾ ਨਾਲ ਕੁੱਟਮਾਰ ਅਤੇ ਜ਼ਲੀਲ ਕਰਨ ਦੇ ਗੰਭੀਰ ਦੋਸ਼ ਲੱਗੇ ਹਨ ਜਿਸ ਕਾਰਨ ਉਨ੍ਹਾਂ ਨੇ ਇਹ ਖ਼ੌਫ਼ਨਾਕ ਕਦਮ ਚੁੱਕਿਆ। ਭਾਰੀ ਜਨਤਕ ਅਤੇ ਸਿਆਸੀ ਦਬਾਅ ਦੇ ਚੱਲਦਿਆਂ ਲਾਲਜੀਤ ਸਿੰਘ ਭੁੱਲਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਜਦੋਂ ਕਿ ਉਨ੍ਹਾਂ ਦੇ ਪਿਤਾ ਸੁਖਦੇਵ ਸਿੰਘ ਅਤੇ PA ਦਿਲਬਾਗ ਸਿੰਘ ਅਜੇ ਵੀ ਪੁਲੀਸ ਦੀ ਗ੍ਰਿਫ਼ਤ ਤੋਂ ਬਾਹਰ ਹਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਤੋਂ ਬਿਨਾਂ ਸਿੱਖਾਂ ਦਾ ਕੋਈ ਹੋਰ ਗੁਰੂ ਨਹੀਂ - ਫ਼ੈੱਡਰੇਸ਼ਨ ਔਫ਼ ਸਿੱਖ ਔਰਗੇਨਾਈਜ਼ੇਸ਼ਨਜ਼ UK

ਲੰਡਨ: ਜੁੱਗੋ-ਜੁੱਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹੀ ਸਿੱਖਾਂ ਦੇ ਸਦੀਵੀ ਗੁਰੂ ਹਨ। ਕੋਈ ਵੀ ਦੇਹਧਾਰੀ ਮਨੁੱਖ ਸਿੱਖਾਂ ਦਾ ਗੁਰੂ ਨਹੀਂ ਹੋ ਸਕਦਾ। ਫ਼ੈੱਡਰੇਸ਼ਨ ਔਫ਼ ਸਿੱਖ ਔਰਗੇਨਾਈਜ਼ੇਸ਼ਨਜ਼ UK ਦੇ ਕੋਔਰਡੀਨੇਟਰ ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ ਨੇ ਆਖਿਆ, "ਧਾਰਮਿਕ ਪੁਸਤਕ ਜਾਂ ਧਾਰਮਿਕ ਗ੍ਰੰਥ ਸ਼ਬਦ ਕਿਸੇ ਵੀ ਲਿਖੀ ਹੋਈ ਧਾਰਮਿਕ ਸਮੱਗਰੀ ਦੇ ਸਮੂਹ ਲਈ ਵਰਤੇ ਜਾ ਸਕਦੇ ਹਨ, ਪਰ ਦੁਨੀਆਂ ਭਰ 'ਚ ਗੁਰੂ ਦਾ ਦਰਜਾ ਕੇਵਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਪ੍ਰਾਪਤ ਹੈ ਜੋ ਰਹਿੰਦੀ ਦੁਨੀਆਂ ਤਕ ਕਾਇਮ ਰਹੇਗਾ। ਉਨ੍ਹਾਂ ਨਾਮਧਾਰੀ ਸੰਪਰਦਾ ਦੇ ਮੁੱਖੀ ਵਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਧਾਰਮਿਕ ਪੁਸਤਕ ਕਹਿਣ ਤੇ ਸਖ਼ਤ ਇਤਰਾਜ਼ ਜਤਾਇਆ ਗਿਆ।



ਫ਼ੈੱਡਰੇਸ਼ਨ ਦੇ ਬੁਲਾਰਿਆਂ ਨੇ ਕਿਹਾ, "ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1708 'ਚ ਸਿੱਖ ਜਗਤ ਨੂੰ ਹੁਕਮ ਕੀਤਾ ਕਿ ਉਨ੍ਹਾਂ ਤੋਂ ਬਾਅਦ ਕੋਈ ਵੀ ਮਨੁੱਖ ਗੁਰੂ ਨਹੀਂ ਹੋਵੇਗਾ ਅਤੇ ਗੁਰਤਾ ਗੱਦੀ ਸਦਾ ਵਾਸਤੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੌਂਪੀ ਗਈ। ਗੁਰੂ ਸਾਹਿਬ ਦੇ ਇਸ ਹੁਕਮ ਨੇ ਸਿੱਖ ਧਰਮ ਨੂੰ ਇੱਕ ਅਟੱਲ ਦਿਸ਼ਾ ਦਿੱਤੀ ਅਤੇ ਗੁਰੂ ਦੀ ਪਰਿਭਾਸ਼ਾ ਨੂੰ ਸਦਾ ਲਈ ਗੁਰਬਾਣੀ ਨਾਲ ਜੋੜ ਦਿੱਤਾ। ਉਨ੍ਹਾਂ ਕਿਹਾ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਨੁੱਖੀ ਜੀਵਨ ਦਾ ਸੰਪੂਰਣ ਮਾਰਗਦਰਸ਼ਕ ਹਨ। ਇਸ 'ਚ ਸਿੱਖ ਗੁਰੂਆਂ ਦੀ ਬਾਣੀ ਦੇ ਨਾਲ-ਨਾਲ ਭਗਤਾਂ ਅਤੇ ਸੰਤਾਂ ਦੀ ਬਾਣੀ ਵੀ ਦਰਜ ਹੈ ਜੋ ਮਨੁੱਖਤਾ ਨੂੰ ਨਿਮਰਤਾ, ਸੇਵਾ ਅਤੇ ਵਾਹਿਗੁਰੂ ਨਾਲ ਜੋੜਨ ਦਾ ਸਹੀ ਰਾਹ ਦਿਖਾਉਂਦੀ ਹੈ।"

ਉਨ੍ਹਾਂ ਕਿਹਾ, "ਸਿੱਖੀ ਸਾਨੂੰ ਕਿਸੇ ਵਿਅਕਤੀ ਦੀ ਅੰਧ-ਭਗਤੀ ਕਰਨ ਦੀ ਸਿੱਖਿਆ ਨਹੀਂ ਦਿੰਦੀ ਜੇ ਕੋਈ ਮਨੁੱਖ ਆਪਣੇ ਆਪ ਨੂੰ ਗੁਰੂ ਦੱਸਦਾ ਹੈ ਜਾਂ ਗੁਰੂ ਦੀ ਬਰਾਬਰੀ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਇਹ ਸਿੱਖ ਮਰਯਾਦਾ ਦੇ ਖ਼ਿਲਾਫ਼ ਹੈ। ਸਿੱਖ ਧਰਮ 'ਚ ਸਾਰੇ ਮਨੁੱਖ ਬਰਾਬਰ ਹਨ; ਕੋਈ ਵੀ ਵਿਅਕਤੀ ਉੱਚਾ ਜਾਂ ਨੀਵਾਂ ਨਹੀਂ ਪਰ ਗੁਰੂ ਦਾ ਦਰਜਾ ਸਿਰਫ਼ ਅਤੇ ਸਿਰਫ਼ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਹੀ ਹੈ।"

# ਮੇਰੇ ਸਣੇ 1.4 ਕਰੋੜ ਈਰਾਨੀ ਦੇਸ਼ ਲਈ ਜਾਨ ਦੇਣ ਨੂੰ ਤਿਆਰ - ਈਰਾਨੀ ਰਾਸ਼ਟਰਪਤੀ

ਕਰਾਚੀ: ਅਮਰੀਕਾ ਅਤੇ ਈਰਾਨ ਵਿਚਾਲੇ ਵਧਦੇ ਤਨਾਅ ਦਰਮਿਆਨ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜੇਸ਼ਕੀਅਨ ਨੇ ਇੱਕ ਬਹੁਤ ਹੀ ਭਾਵੁਕ ਤੇ ਵੱਡਾ ਬਿਆਨ ਜਾਰੀ ਕੀਤਾ ਹੈ। ਸੋਸ਼ਲ ਮੀਡੀਆ ਪਲੇਟਫ਼ੌਰਮ X 'ਤੇ ਰਾਸ਼ਟਰਪਤੀ ਨੇ ਕਿਹਾ ਹੈ ਕਿ ਉਹ ਖ਼ੁਦ ਅਤੇ 1.4 ਕਰੋੜ ਈਰਾਨੀ ਵੌਲੰਟੀਅਰ ਦੇਸ਼ ਲਈ ਜੰਗ ਦੇ ਮੈਦਾਨ 'ਚ ਆਪਣੀ ਜਾਨ ਕੁਰਬਾਨ ਕਰਨ



ਲਈ ਪੂਰੀ ਤਰ੍ਹਾਂ ਤਿਆਰ ਹਨ।

ਇਹ ਬਿਆਨ ਅਮਰੀਕੀ ਰਾਸ਼ਟਰਪਤੀ ਡੌਨਲਡ ਟਰੰਪ ਵਲੋਂ ਦਿੱਤੀ ਗਈ ਉਸ ਚਿਤਾਵਨੀ ਦੇ ਜਵਾਬ 'ਚ ਆਇਆ ਹੈ ਜਿਸ 'ਚ ਈਰਾਨ ਨੂੰ ਹੌਰਮੂਜ਼ ਦਾ ਰਸਤਾ ਮੁੜ ਖੋਲ੍ਹਣ ਲਈ ਇੱਕ ਨਿਸ਼ਚਿਤ ਸਮਾਂ-ਸੀਮਾ ਦਿੱਤੀ ਸੀ। ਟਰੰਪ ਨੇ ਸਪੱਸ਼ਟ ਕਿਹਾ ਸੀ ਕਿ ਜੇਕਰ ਈਰਾਨ ਨੇ ਰਸਤਾ ਨਾ ਖੋਲ੍ਹਿਆ ਤਾਂ ਅਮਰੀਕਾ ਈਰਾਨ ਦੇ ਬਿਜਲੀ ਪਲਾਂਟਾਂ ਅਤੇ ਅਹਿਮ ਪੁਲਾਂ 'ਤੇ ਬੰਬਾਰੀ ਕਰੇਗਾ।

ਸਰਕਾਰ ਵਲੋਂ ਪੇਸ਼ ਕੀਤਾ ਗਿਆ 1.4 ਕਰੋੜ ਵੌਲੰਟੀਅਰਾਂ ਦਾ ਇਹ ਅੰਕੜਾ ਪਹਿਲਾਂ ਦੱਸੇ ਗਏ ਅੰਕੜਿਆਂ ਨਾਲੋਂ ਲੱਗਭਗ ਦੁੱਗਣਾ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਰਾਸ਼ਟਰਪਤੀ ਪੇਜੇਸ਼ਕੀਅਨ ਨੇ ਇਹ ਅੰਕੜਾ ਸੰਭਾਵੀ ਅਮਰੀਕੀ ਹਮਲੇ ਨੂੰ ਰੋਕਣ ਅਤੇ ਮਨੋਵਿਗਿਆਨਕ ਦਬਾਅ ਬਣਾਉਣ ਲਈ ਪੇਸ਼ ਕੀਤਾ ਹੈ। ਜ਼ਿਕਰਯੋਗ ਹੈ ਕਿ ਈਰਾਨ ਦੀ ਕੁੱਲ ਆਬਾਦੀ ਲਗਭਗ ਨੌਂ ਕਰੋੜ ਹੈ, ਹਾਲਾਂਕਿ ਪਿਛਲੇ ਸਮੇਂ ਦੌਰਾਨ ਹੋਏ ਪ੍ਰਦਰਸ਼ਨਾਂ 'ਤੇ ਕੀਤੀ ਗਈ ਸਖ਼ਤ ਕਾਰਵਾਈ ਕਾਰਨ ਜਨਤਾ ਦਾ ਇੱਕ ਹਿੱਸਾ ਸਰਕਾਰ ਤੋਂ ਨਾਰਾਜ਼ ਵੀ ਹੈ। ਰਾਸ਼ਟਰਪਤੀ ਨੇ ਆਪਣੇ ਸੰਦੇਸ਼ 'ਚ ਕਿਹਾ, "ਮੈਂ ਵੀ ਈਰਾਨ ਲਈ ਆਪਣੀ ਜਾਨ ਦੇਣ ਲਈ ਪਹਿਲਾਂ ਵੀ ਤਿਆਰ ਸੀ, ਹੁਣ ਵੀ ਹਾਂ ਅਤੇ ਅੱਗੇ ਵੀ ਰਹਾਂਗਾ।"

# ਲੌਰੈਂਸ ਗੈਂਗ ਨੇ US 'ਚ ਗੈਂਗਸਟਰ ਭਾਨੂ ਰਾਣਾ ਦੇ ਕਤਲ ਦੀ ਲਈ ਜ਼ਿੰਮੇਵਾਰੀ

ਚੰਡੀਗੜ੍ਹ: ਲੌਰੈਂਸ ਬਿਸ਼ਨੋਈ ਗੈਂਗ ਨੇ ਸੋਸ਼ਲ ਮੀਡੀਆ 'ਤੇ ਇੱਕ ਵਾਇਰਲ ਪੋਸਟ ਰਾਹੀਂ ਅਮਰੀਕਾ ਦੇ ਕੈਲੇਫ਼ੋਰਨੀਆ 'ਚ ਹਰਿਆਣਾ ਦੇ ਗੈਂਗਸਟਰ ਭਾਨੂ ਰਾਣਾ ਦੀ ਹੱਤਿਆ ਦੀ ਜ਼ਿੰਮੇਵਾਰੀ ਲਈ ਹੈ ਹਾਲਾਂਕਿ ਅਧਿਕਾਰੀਆਂ ਵਲੋਂ ਅਜੇ ਤਕ ਇਸ ਦੀ ਕੋਈ ਅਧਿਕਾਰਿਤ ਪੁਸ਼ਟੀ ਨਹੀਂ ਕੀਤੀ ਗਈ। ਗੈਂਗ ਨਾਲ ਜੁੜੇ ਖਾਤਿਆਂ ਤੋਂ ਪਾਈ ਗਈ ਇਸ ਪੋਸਟ 'ਚ ਦਾਅਵਾ ਕੀਤਾ ਗਿਆ ਹੈ ਕਿ ਇੱਕ ਸਾਲ ਪਹਿਲਾਂ ਹੀ ਭਾਨੂ ਰਾਣਾ ਨੂੰ ਖ਼ਤਮ ਕਰਨ ਦਾ ਐਲਾਨ ਕੀਤਾ ਗਿਆ ਸੀ, ਅਤੇ ਦੇਸ਼ ਵਿਰੁੱਧ ਕੰਮ ਕਰਨ ਵਾਲੇ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਪੋਸਟ 'ਚ ਰਾਣਾ ਨੂੰ 'ਗੱਦਾਰ 'ਦੱਸਦਿਆਂ ਦੋਸ਼ ਲਾਇਆ ਗਿਆ ਹੈ ਕਿ ਉਹ ਵਿਰੋਧੀ ਨੈੱਟਵਰਕਾਂ ਨੂੰ ਜਾਣਕਾਰੀ ਦੇ ਰਿਹਾ ਸੀ। ਕਰਨਾਲ ਦਾ ਰਹਿਣ ਵਾਲਾ ਭਾਨੂ ਰਾਣਾ ਲੰਬੇ ਸਮੇਂ ਤੋਂ ਅਪਰਾਧਿਕ ਗਤੀਵਿਧੀਆਂ 'ਚ ਸ਼ਾਮਿਲ ਸੀ ਅਤੇ ਉਸ 'ਤੇ ਕੁਟਮਾਰ, ਨਾਜਾਇਜ਼ ਹਥਿਆਰਾਂ ਅਤੇ ਫ਼ਿਰੌਤੀਆਂ ਦੇ ਕਈ ਮਾਮਲੇ ਦਰਜ ਸਨ।

ਜਾਂਚਕਰਤਾਵਾਂ ਅਨੁਸਾਰ ਰਾਣਾ ਪਹਿਲਾਂ ਬਿਸ਼ਨੋਈ ਗੈਂਗ ਨਾਲ ਜੁੜਿਆ ਹੋਇਆ ਸੀ, ਪਰ ਬਾਅਦ 'ਚ ਉਸ ਨੇ ਵਿਰੋਧੀ ਧੜਿਆਂ ਨਾਲ ਹੱਥ ਮਿਲਾ ਲਿਆ ਸੀ।

# ਔਰਤ ਨੇ ਇੱਕੋ ਜਿਹੀਆਂ ਚਾਰ ਬੱਚੀਆਂ ਨੂੰ ਦਿੱਤਾ ਜਨਮ

ਸੇਂਟ ਪੀਟਰਜ਼ਬਰਗ: ਰੂਸ ਦੇ ਸੇਂਟ ਪੀਟਰਜ਼ਬਰਗ 'ਚ ਇੱਕ ਵਿਲੱਖਣ ਕੁਦਰਤੀ ਵਰਤਾਰਾ ਦੇਖਣ ਨੂੰ ਮਿਲਿਆ ਜਿਸ ਨੇ ਆਧੁਨਿਕ ਮੈਡੀਕਲ ਖੇਤਰ ਦੇ ਦਿੱਗਜ਼ਾਂ ਨੂੰ ਵੀ ਹੈਰਾਨ ਕਰ ਦਿੱਤਾ। ਇੱਥੇ ਇੱਕ ਔਰਤ ਨੇ ਚਾਰ ਅਜਿਹੀਆਂ ਧੀਆਂ ਨੂੰ ਜਨਮ ਦਿੱਤਾ ਹੈ ਜੋ ਬਿਲਕੁਲ ਇੱਕੋ ਜਿਹੀਆਂ ਦਿੱਸਦੀਆਂ ਹਨ। ਅੰਕੜਿਆਂ ਅਨੁਸਾਰ ਅਜਿਹੀ ਘਟਨਾ 1.55 ਕਰੋੜ ਗਰਭ ਅਵਸਥਾਵਾਂ 'ਚ ਸਿਰਫ਼ ਇੱਕ ਵਾਰ ਹੁੰਦੀ ਹੈ। ਡਾਕਟਰੀ ਵਿਗਿਆਨ 'ਚ ਇਸ ਨੂੰ ਮੋਨੋਕੋਰੀਓਨਿਕ (**Monochorionic**) ਗਰਭ ਅਵਸਥਾ ਕਿਹਾ ਜਾਂਦਾ ਹੈ ਜੋ ਇਸ ਨੂੰ ਬਹੁਤ ਹੀ ਅਸਾਧਾਰਣ ਬਣਾਉਂਦਾ ਹੈ। ਆਮ ਤੌਰ 'ਤੇ ਜੁੜਵਾਂ ਬੱਚਿਆਂ 'ਚ ਹਰੇਕ ਭਰੂਣ ਦਾ ਆਪਣਾ ਪਲੇਸੈਂਟਾ ਹੁੰਦਾ ਹੈ, ਪਰ ਇਸ ਮਾਮਲੇ 'ਚ ਸਾਰੀਆਂ ਚਾਰੇ ਲੜਕੀਆਂ ਇੱਕ ਹੀ ਨਾਭੀਨਾਲ ਨਾਲ ਜੁੜੀਆਂ ਹੋਈਆਂ ਸਨ। ਅਜਿਹਾ ਓਦੋਂ ਹੁੰਦਾ ਹੈ ਜਦੋਂ ਇੱਕ



ਉਪਜਾਊ ਅੰਡਾ (**Fertilized Egg**) ਕਈ ਵਾਰ ਵਿਭਾਜਿਤ ਹੋ ਜਾਂਦਾ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਇਸ ਦਾ ਕੋਈ ਠੋਸ ਜਨੈਟਿਕ ਕਾਰਨ ਜਾਂ ਅਨੁਮਾਨਯੋਗ ਵਿਆਖਿਆ ਨਹੀਂ ਹੈ; ਇਹ ਕੁਦਰਤ ਦਾ ਇੱਕ ਪੂਰੀ ਤਰ੍ਹਾਂ ਕਰਿਸ਼ਮਾ ਹੈ।

ਇਸ ਬਹੁਤ ਹੀ ਗੁੰਝਲਦਾਰ ਅਤੇ ਜ਼ੋਖਮ ਭਰੀ ਜਣੇਪੇ ਲਈ ਹਸਪਤਾਲ 'ਚ ਡਾਕਟਰਾਂ ਅਤੇ ਮੈਡੀਕਲ ਸਟਾਫ਼ ਦੀ ਇੱਕ ਵੱਡੀ ਟੀਮ ਤਾਇਨਾਤ ਕੀਤੀ ਗਈ ਸੀ। ਚਾਰ ਨਵਜੰਮੀਆਂ ਲੜਕੀਆਂ ਦਾ ਭਾਰ 1, 360 ਗ੍ਰਾਮ ਤੋਂ 1, 640 ਗ੍ਰਾਮ ਦੇ ਵਿਚਕਾਰ ਸੀ, ਅਤੇ ਉਨ੍ਹਾਂ ਦੀ ਲੰਬਾਈ 37 ਤੋਂ 41 ਸੈਂਟੀਮੀਟਰ ਦਰਜ ਕੀਤੀ ਗਈ। ਇੱਕ ਹੀ ਨਾਭੀਨਾਲ ਦੀ ਮੌਜੂਦਗੀ ਕਾਰਨ ਸਭ ਤੋਂ ਵੱਡੀ ਚੁਣੌਤੀ ਬੱਚਿਆਂ ਨੂੰ ਔਕਸੀਜਨ ਅਤੇ ਪੋਸ਼ਣ ਪ੍ਰਦਾਨ ਕਰਨਾ ਸੀ ਜਿਸ ਨੂੰ ਰੂਸੀ ਡਾਕਟਰਾਂ ਨੇ ਸਫ਼ਲਤਾਪੂਰਵਕ ਪੂਰਾ ਕੀਤਾ।

# ਭਾਰਤੀ Washinton DC ਦੀ ਮੇਅਰ ਬਣਨ ਦੀ ਦੌੜ 'ਚ ਸ਼ਾਮਿਲ

ਵਾਸ਼ਿੰਗਟਨ: ਤਾਮਿਲਨਾਡੂ 'ਚ ਜਨਮੀ ਰਿਨੀ ਸੰਪਤ **Washington DC** ਦੇ ਮੇਅਰ ਲਈ ਚੋਣ ਲੜਨ ਵਾਲੀ ਪਹਿਲੀ ਦੱਖਣੀ ਏਸ਼ੀਆਈ ਉਮੀਦਵਾਰ ਬਣ ਗਈ ਹੈ। 31 ਸਾਲਾ ਸਰਕਾਰੀ ਠੇਕੇਦਾਰ, ਜੋ ਕਿ ਡੈਮੋਕ੍ਰੈਟਿਕ ਪਾਰਟੀ ਦੀ ਉਮੀਦਵਾਰ ਹੈ, ਨੇ ਆਪਣੀ ਮੁਹਿੰਮ ਬੁਨਿਆਦੀ ਗੱਲਾਂ ਨੂੰ ਠੀਕ ਕਰੋ ਅਤੇ ਨਵੇਂ **DC** ਦੇ ਵਾਅਦੇ ਦੇ ਵਿਸ਼ੇ 'ਤੇ ਚਲਾਈ ਹੈ।

ਸੰਪਤ ਨੇ ਆਪਣੀ ਚੋਣ ਵੈੱਬਸਾਈਟ 'ਤੇ ਕਿਹਾ, "ਮੈਂ ਕੋਈ ਸਿਆਸਤਦਾਨ ਨਹੀਂ। ਮੇਰਾ ਕਿਸੇ ਵਿਸ਼ੇਸ਼ ਹਿੱਤ ਸਮੂਹ ਨਾਲ ਕੋਈ ਸਬੰਧ ਨਹੀਂ। ਇਹ ਸਮਾਂ ਆ ਗਿਆ ਹੈ ਕਿ ਕੋਈ ਬਾਹਰੋਂ ਸਾਡੇ ਸ਼ਹਿਰ ਦੀਆਂ ਬੁਨਿਆਦੀ ਸੇਵਾਵਾਂ ਨੂੰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ ਕਰੇ।" ਤਾਮਿਲਨਾਡੂ ਦੇ ਥੇਨੀ 'ਚ




ਜਨਮੀ ਸੰਪਤ ਸੱਤ ਸਾਲ ਦੀ ਉਮਰ 'ਚ **US** ਆਈ ਸੀ ਅਤੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਉੱਥੇ ਰਹਿ ਰਹੀ ਹੈ।

ਉਸ ਨੇ ਕਿਹਾ, "ਇਹ ਸਪੱਸ਼ਟ ਹੈ ਕਿ ਸਾਡੇ ਕੋਲ ਜਿੱਤ ਦਾ ਇੱਕ ਅਸਲ ਰਸਤਾ ਹੈ। ਸਿਰਫ਼ ਚਾਰ ਹਫ਼ਤਿਆਂ 'ਚ ਮੈਂ **Washington DC** ਦੇ ਇਤਿਹਾਸ 'ਚ ਪਹਿਲੀ ਦੱਖਣੀ ਏਸ਼ੀਆਈ ਮੇਅਰ ਉਮੀਦਵਾਰ ਬਣ ਗਈ ਹਾਂ। ਇਹ ਉਹੀ ਉਪਲਬਧੀ ਹੈ ਜੋ ਇੱਕ ਸੀਮਿਤ ਸਰੋਤ ਵਾਲੀ ਜਨਤਕ-ਸਮਰਥਿਤ ਮੁੰਹਿਮ ਹਾਸਿਲ ਕਰ ਸਕਦੀ ਹੈ।

**Washington DC** 'ਚ ਡੈਮੋਕ੍ਰੈਟਸ ਦਾ ਦਬਦਬਾ ਹੈ, ਅਤੇ 1975 'ਚ ਚੋਣਾਂ ਸ਼ੁਰੂ ਹੋਣ ਤੋਂ ਬਾਅਦ ਸ਼ਹਿਰ 'ਚ ਕਦੇ ਵੀ ਕੋਈ ਰੀਪਬਲੀਕਨ ਮੇਅਰ ਨਹੀਂ ਰਿਹਾ। ਪਹਿਲਾਂ ਅਮਰੀਕੀ ਰਾਸ਼ਟਰਪਤੀ ਦੁਆਰਾ ਨਿਯੁਕਤ ਕਮਿਸ਼ਨਰਾਂ ਦਾ ਇੱਕ ਬੋਰਡ **Washington DC** ਦੇ ਪ੍ਰਸ਼ਾਸਨ ਲਈ ਜ਼ਿੰਮੇਵਾਰ ਸੀ।

ਕੋਲੰਬੀਆ ਜ਼ਿਲ੍ਹਾ ਇੱਕ ਜਨਤਕ ਤੌਰ 'ਤੇ ਚੁਣੇ ਹੋਏ ਮੇਅਰ ਅਤੇ 13-ਮੈਂਬਰੀ ਜ਼ਿਲ੍ਹਾ ਪਰਿਸ਼ਦ ਦੁਆਰਾ ਸ਼ਾਸਨ ਕੀਤਾ ਜਾਂਦਾ ਹੈ। ਸੰਪਤ ਨੇ ਕਿਹਾ, "**Washington DC** ਦੀ ਮੇਅਰ ਹੋਣ ਦੇ ਨਾਤੇ, ਮੇਰੀਆਂ ਤਰਜੀਹਾਂ ਇਹ ਯਕੀਨੀ ਬਣਾਉਣਾ ਹੋਣਗੀਆਂ ਕਿ ਸਾਡਾ ਸ਼ਹਿਰ ਆਪਣੇ ਨਿਵਾਸੀਆਂ ਪ੍ਰਤੀ ਆਪਣੀਆਂ ਬੁਨਿਆਦੀ 'ਚਨਬਧਤਾਵਾਂ ਨੂੰ ਪੂਰਾ ਕਰੇ। ਸਾਡੀਆਂ ਸੜਕਾਂ 'ਚ ਟੋਏ ਭਰੋ। ਪੋਟੋਮੈਕ ਨਦੀ 'ਚ ਵਿਨਾਸ਼ਕਾਰੀ ਗੰਦੇ ਪਾਣੀ ਦੇ ਛਿੱਟੇ ਨੂੰ ਰੋਕੋ। ਕੀਮਤਾਂ ਘਟਾਓ।

ਪੁਲੀਸ ਹੈਲਪਲਾਈਨ ਨੰਬਰ 'ਤੇ ਉਡੀਕ ਸਮੇਂ 'ਚ ਸੁਧਾਰ ਕਰੋ।" ਪ੍ਰਾਇਮਰੀ ਚੋਣਾਂ 16 ਜੂਨ ਨੂੰ ਹੋਣੀਆਂ ਹਨ ਜਦੋਂ ਕਿ ਆਮ ਚੋਣਾਂ 3 ਨਵੰਬਰ ਨੂੰ ਹੋਣਗੀਆਂ।

ਮੇਅਰ ਦੇ ਉਮੀਦਵਾਰਾਂ 'ਚ ਜੈਨਿਸ ਲੈਵਿਸ ਜੌਰਜ, ਕੇਨਿਯਨ ਮੈਕਡਫ਼ੀ, ਗ਼ੈਰੀ ਗੁਡਵੇਦਰ, ਰੌਬਰਟ ਐੱਲ. ਗ੍ਰਾਸ ਅਤੇ ਰੌਂਡਾ ਹੈਮਿਲਟਨ ਸ਼ਾਮਿਲ ਹਨ।

# ਵਿਦੇਸ਼ਾਂ 'ਚ 37 ਹਜ਼ਾਰ ਭਾਰਤੀਆਂ ਦੀ ਹੋਈ ਮੌਤ

ਵਾਸ਼ਿੰਗਟਨ: ਵਿਦੇਸ਼ਾਂ 'ਚ ਰੋਜ਼ੀ-ਰੋਟੀ ਦੀ ਭਾਲ 'ਚ ਗਏ ਭਾਰਤੀ ਮਜ਼ਦੂਰਾਂ ਦੀ ਸਥਿਤੀ ਬਹੁਤ ਹੀ ਚਿੰਤਾਜਨਕ ਬਣੀ ਹੋਈ ਹੈ। ਰਾਜ ਸਭਾ 'ਚ ਸਰਕਾਰ ਵਲੋਂ ਦਿੱਤੇ ਗਏ ਅੰਕੜਿਆਂ ਅਨੁਸਾਰ ਪਿਛਲੇ ਪੰਜ ਸਾਲਾਂ 'ਚ ਹਰ ਰੋਜ਼ ਔਸਤਨ 20 ਤੋਂ ਵੱਧ ਭਾਰਤੀਆਂ ਦੀ ਮੌਤ ਵਿਦੇਸ਼ੀ ਧਰਤੀ 'ਤੇ ਹੋਈ ਹੈ। ਇਨ੍ਹਾਂ 'ਚ ਜ਼ਿਆਦਾਤਰ ਮੌਤਾਂ ਖਾੜੀ ਦੇਸ਼ਾਂ 'ਚ ਦਰਜ ਕੀਤੀਆਂ ਗਈਆਂ ਹਨ। ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਦੱਸਿਆ ਕਿ ਸਾਲ 2021 ਤੋਂ 2025 ਦੇ ਵਿਚਕਾਰ ਕੁੱਲ 37 ਹਜ਼ਾਰ 740 ਭਾਰਤੀ ਮਜ਼ਦੂਰਾਂ ਨੇ ਆਪਣੀ ਜਾਨ ਗੁਆਈ ਹੈ। ਹਾਲਾਂਕਿ ਇਨ੍ਹਾਂ ਮੌਤਾਂ ਦੇ ਕਾਰਨਾਂ ਬਾਰੇ ਨਹੀਂ ਦੱਸਿਆ ਗਿਆ।

**ਖਾੜੀ ਦੇਸ਼ਾਂ 'ਚ ਸਭ ਤੋਂ ਵੱਧ ਜਾਨੀ ਨੁਕਸਾਨ:** ਸਰਕਾਰੀ ਅੰਕੜਿਆਂ ਮੁਤਾਬਿਕ ਕੁੱਲ ਮੌਤਾਂ 'ਚੋਂ 86 ਫ਼ੀਸਦੀ ਤੋਂ ਵੱਧ ਮੌਤਾਂ ਸਿਰਫ਼ ਖਾੜੀ ਦੇਸ਼ਾਂ 'ਚ ਹੋਈਆਂ ਹਨ। ਸਭ ਤੋਂ ਵੱਧ ਮੌਤਾਂ ਸੰਯੁਕਤ ਅਰਬ ਅਮੀਰਾਤ 'ਚ 12,380 ਅਤੇ ਸਾਊਦੀ ਅਰਬ 'ਚ 11, 757 ਦਰਜ ਕੀਤੀਆਂ ਗਈਆਂ।



ਇਸ ਤੋਂ ਇਲਾਵਾ ਕੁਵੈਤ 'ਚ 3, 890, ਓਮਾਨ 'ਚ 2, 821, ਮਲੇਸ਼ੀਆ 'ਚ 1, 915 ਅਤੇ ਕਤਰ 'ਚ 1, 760 ਭਾਰਤੀ ਮਜ਼ਦੂਰਾਂ ਦੀ ਮੌਤ ਹੋਈ ਹੈ। ਜੇਕਰ ਸਿਰਫ਼ ਖਾੜੀ ਖੇਤਰ ਦੀ ਗੱਲ ਕਰੀਏ ਤਾਂ ਪਿਛਲੇ ਪੰਜ ਸਾਲਾਂ 'ਚ ਉੱਥੇ ਹਰ ਦਿਨ ਔਸਤਨ 18 ਮਜ਼ਦੂਰਾਂ ਦੀ ਮੌਤ ਹੋ ਰਹੀ ਹੈ।

**ਸ਼ੋਸ਼ਣ ਅਤੇ ਬਦਸਲੂਕੀ ਦੀਆਂ ਹਜ਼ਾਰਾਂ ਸ਼ਿਕਾਇਤਾਂ:** ਮੌਤਾਂ ਦੇ ਅੰਕੜਿਆਂ ਦੇ ਨਾਲ-ਨਾਲ ਭਾਰਤੀ ਮਿਸ਼ਨਾਂ ਨੂੰ ਸ਼ੋਸ਼ਣ ਅਤੇ ਦੁਰਵਿਵਹਾਰ ਦੀਆਂ 80, 985 ਸ਼ਿਕਾਇਤਾਂ ਵੀ ਪ੍ਰਾਪਤ ਹੋਈਆਂ ਹਨ। ਸਭ ਤੋਂ ਵੱਧ 16, 965 ਸ਼ਿਕਾਇਤਾਂ **UAE** ਤੋਂ ਆਈਆਂ ਹਨ ਜਦ ਕਿ ਕੁਵੈਤ, ਓਮਾਨ ਅਤੇ ਸਾਊਦੀ ਅਰਬ ਤੋਂ ਵੀ ਹਜ਼ਾਰਾਂ ਦੀ ਗਿਣਤੀ 'ਚ ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਹਨ। ਮਲੇਸ਼ੀਆ, ਮਾਲਦੀਵਜ਼ ਅਤੇ ਮਿਆਨਮਾਰ ਵਰਗੇ ਦੇਸ਼ਾਂ 'ਚ ਵੀ ਭਾਰਤੀ ਮਜ਼ਦੂਰਾਂ ਨੂੰ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਮੇਂ ਸਿਰ ਤਨਖਾਹ ਨਾ ਮਿਲਣਾ ਜਾਂ ਤਨਖਾਹ ਰੋਕ ਲੈਣਾ। ਮਾਲਕਾਂ ਵਲੋਂ ਮਜ਼ਦੂਰਾਂ ਦੇ ਪਾਸਪੋਰਟ ਜ਼ਬਤ ਕਰ ਲੈਣਾ। ਬਿਨਾਂ ਕਿਸੇ ਵਾਧੂ ਭੁਗਤਾਨ ਦੇ ਜ਼ਿਆਦਾ ਕੰਮ ਕਰਵਾਉਣਾ ਅਤੇ ਛੁੱਟੀ ਨਾ ਦੇਣਾ। ਕੰਪਨੀਆਂ ਦੇ ਅਚਾਨਕ ਬੰਦ ਹੋਣ ਕਾਰਨ ਬੇਰੁਜ਼ਗਾਰ ਹੋ ਜਾਣਾ।

ਸਰਕਾਰ ਦਾ ਪੱਖ ਸਰਕਾਰ ਦਾ ਕਹਿਣਾ ਹੈ ਕਿ ਵਿਦੇਸ਼ਾਂ 'ਚ ਰਹਿੰਦੇ ਭਾਰਤੀਆਂ ਦੀ ਸੁਰੱਖਿਆ ਉਨ੍ਹਾਂ ਦੀ ਮੁੱਖ ਤਰਜੀਹ ਹੈ। ਕਿਸੇ ਵੀ ਸੰਕਟ ਦੀ ਸਥਿਤੀ 'ਚ ਭਾਰਤੀ ਦੂਤਘਰ ਸਬੰਧਤ ਦੇਸ਼ਾਂ ਦੇ ਅਧਿਕਾਰੀਆਂ ਨਾਲ ਸੰਪਰਕ ਕਰਦੇ ਹਨ। ਭਾਰਤੀ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਲਈ ਭਾਰਤ ਨੇ ਕਈ ਦੇਸ਼ਾਂ ਨਾਲ ਸਮਝੌਤੇ ਵੀ ਕੀਤੇ ਹੋਏ ਹਨ।




# ਖ਼ਰੀਦ ਏਜੰਸੀਆਂ ਵੱਲੋਂ ਕਣਕ ਖ਼ਰੀਦਣ ਤੋਂ ਨਾਂਹ



**ਚੰਡੀਗੜ੍ਹ,**
**-ਰੋਜ਼ਾਨਾ ਸਵੇਰਾ-**

ਪੰਜਾਬ ਵਿੱਚ ਬੇਮੌਸਮੇ ਮੀਂਹ ਅਤੇ ਗੜਿਆਂ ਦੀ ਮਾਰ ਹੇਠ ਆਈ ਕਣਕ ਦੇ ਸੁੰਗੜੇ ਦਾਣਿਆਂ ਨੇ ਕਿਸਾਨਾਂ ਸਮੇਤ ਖ਼ਰੀਦ ਪ੍ਰਬੰਧਾਂ ਲਈ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ ਹੈ। ਕੇਂਦਰੀ ਅਨਾਜ ਭੰਡਾਰ ਦੇ ਮਾਪਦੰਡਾਂ ’ਤੇ ਫ਼ਸਲ ਖ਼ਰੀ ਨਾ ਉਤਰਨ ਕਾਰਨ ਸੂਬੇ ਦੀਆਂ ਸਮੁੱਚੀਆਂ ਖ਼ਰੀਦ ਏਜੰਸੀਆਂ ਨੇ ਸਾਂਝੇ ਤੌਰ ’ਤੇ ਕਣਕ ਦੀ ਖ਼ਰੀਦ ਰੋਕਣ ਦਾ ਫ਼ੈਸਲਾ ਕੀਤਾ ਹੈ। ਏਜੰਸੀਆਂ ਨੇ ਸਾਫ਼ ਕੀਤਾ ਹੈ ਕਿ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਹੋਣ ਤੱਕ ਮੰਡੀਆਂ ਵਿੱਚ ਫ਼ਸਲ ਦੀ ਤੁਲਾਈ ਨਹੀਂ ਕੀਤੀ ਜਾਵੇਗੀ।

ਜੁਆਇੰਟ ਕੋਆਰਡੀਨੇਸ਼ਨ ਕਮੇਟੀ ਆਫ ਸਟੇਟ ਪ੍ਰੋਕਿਓਰਮੈਂਟ ਏਜੰਸੀਜ਼ ਪੰਜਾਬ ਦੇ ਆਗੂ ਅਤੇ ਆਈ ਐੱਫ ਐੱਸ ਯੂ ਦੇ ਪ੍ਰਧਾਨ ਹਰਜੀਤ ਸਿੰਘ ਖੇੜੀ ਨੇ ਸਥਿਤੀ ਸਪੱਸ਼ਟ ਕਰਦਿਆਂ ਦੱਸਿਆ ਕਿ ਇਹ ਕੋਈ ਹੜਤਾਲ ਨਹੀਂ ਹੈ, ਸਿਰਫ਼ ਨਵੇਂ ਹੁਕਮਾਂ ਤੱਕ ਖ਼ਰੀਦ ਰੋਕੀ ਹੈ। ਉਨ੍ਹਾਂ ਕਿਹਾ ਕਿ ਜੇ ਪੈਮਾਨਿਆਂ ਤੋਂ ਉਲਟ ਮਾੜੀ ਕਣਕ ਦੀ ਖ਼ਰੀਦ ਕੀਤੀ ਜਾਂਦੀ ਹੈ ਤਾਂ ਉਸ ਦੇ ਨੁਕਸਾਨ ਦੀ ਪੂਰਤੀ ਖ਼ਰੀਦ ਏਜੰਸੀਆਂ ਦੇ ਮੁਲਾਜ਼ਮਾਂ ਦੀਆਂ ਜੇਬਾਂ ’ਚੋਂ ਕੀਤੀ ਜਾਂਦੀ ਹੈ। ਉਨ੍ਹਾਂ ਸੂਬਾ ਸਰਕਾਰ ਕੋਲੋਂ ਕਣਕ ਦੀ ਖ਼ਰੀਦ ਸਬੰਧੀ ਤੁਰੰਤ ਨਵੇਂ ਮਾਪਦੰਡ ਅਤੇ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੀ ਮੰਗ ਕੀਤੀ ਹੈ।

**ਕੇਂਦਰੀ ਟੀਮਾਂ ਪੰਜਾਬ ਪੁੱਜੀਆਂ**

ਕੇਂਦਰ ਸਰਕਾਰ ਦੀਆਂ ਟੀਮਾਂ ਵੀ ਪੰਜਾਬ ਪਹੁੰਚ ਚੁੱਕੀਆਂ ਹਨ। ਇਹ ਟੀਮਾਂ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਕੇ ਆਪਣੀ ਰਿਪੋਰਟ ਤਿਆਰ ਕਰਨਗੀਆਂ, ਜਿਸ ਤੋਂ ਬਾਅਦ ਨਵੇਂ ਆਦੇਸ਼ ਜਾਰੀ ਹੋਣ ਦੀ ਉਮੀਦ ਹੈ। ਖ਼ਰੀਦ ਏਜੰਸੀਆਂ ਨੇ ਭਰੋਸਾ ਦਿੱਤਾ ਹੈ ਕਿ ਨਵੇਂ ਨਿਯਮਾਂ ਦੀ ਸੂਚਨਾ ਮਿਲਦਿਆਂ ਹੀ ਖ਼ਰੀਦ ਮੁੜ ਸ਼ੁਰੂ ਕਰ ਦਿੱਤੀ ਜਾਵੇਗੀ। ਦੂਜੇ ਪਾਸੇ, ਫ਼ਸਲ ਦੀ ਵਿਕਰੀ ਰੁਕਣ ਕਾਰਨ ਪੰਜਾਬ ਦਾ ਅੰਨਦਾਤਾ ਡਾਢੀ ਚਿੰਤਾ ਵਿੱਚ ਹੈ ਅਤੇ ਆਪਣੀ ਮਿਹਨਤ ਦੇ ਮੁੱਲ ਲਈ ਮੰਡੀਆਂ ਵਿੱਚ ਰੁਲਣ ਲਈ ਮਜਬੂਰ ਹੈ। ਫ਼ਸਲ ਦੀ ਵਿਕਰੀ ਨੂੰ ਲੈ ਕੇ ਕਿਸਾਨਾਂ ਦੇ ਸਾਹ ਸੂਤੇ ਹੋਏ ਹਨ।
















